I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

NAME CHANGE

I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

NAME CHANGE

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE

I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

NAME CHANGE

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

PUBLIC NOTICE

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

NAME CHANGE

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

PUBLIC NOTICE

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

NAME CHANGE

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

NAME CHANGE

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

NAME CHANGE

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

NAME CHANGE

I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

NAME CHANGE

It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

PUBLIC NOTICE

Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

[RUPESH KUMAR ROUSHAN]
Advocate
D-803, Nandgram,
Ghaziabad,
Uttar Pradesh 201003
roushan.rupesh@gmail.com

NAME CHANGE

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

NAME CHANGE

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

NAME CHANGE

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

NAME CHANGE

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

NAME CHANGE

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

NAME CHANGE

I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

NAME CHANGE

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE

I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

NAME CHANGE

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

PUBLIC NOTICE

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

Shyam Sharma (Adv)

PUBLIC NOTICE

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

NAME CHANGE

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

NAME CHANGE

I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

NAME CHANGE

I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

NAME CHANGE

I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

NAME CHANGE

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

NAME CHANGE

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

NAME CHANGE

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

NAME CHANGE

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

NAME CHANGE

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

NAME CHANGE

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

NAME CHANGE

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

PUBLIC NOTICE

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE

I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

NAME CHANGE

I, RAVINDER KAUR W/o RAKESH CHAND, R/o H.No-486, W.No-2, Mahilpur, Hoshiarpur, Punjab - 146105, have changed the name of my minor daughter HARGUN, aged 11 years and she shall hereafter be known as HARGUNPREET KAUR.

NAME CHANGE

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

PUBLIC NOTICE

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

NAME CHANGE

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

NAME CHANGE

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

NAME CHANGE

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

NAME CHANGE

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

NAME CHANGE

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

PUBLIC NOTICE

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

PINKI LAMBA MANN
ADVOCATE
OFF. A-205A, NORTH EX.MALL, SECTOR-9,
ROHINI, NEW DELHI

ਹਸਪਤਾਲਾਂ ਵਿੱਚ ਇਲਾਜ ਦੌਰਾਨ ਮਾਂ ਅਤੇ ਨਵਜੰਮੇ ਬੱਚੇ ਨੂੰ ਇਕੱਠੇ ਰੱਖਣ ਦੀ ਦਿਸ਼ਾ ਵਿੱਚ ਹਰਿਆਣਾ ਦੀ ਪਹਿਲਕਦਮੀ, ਫੈਮਿਲੀ ਸੈਂਟਰਡ ਕੇਅਰ ਦਾ ਕੀਤਾ ਜਾਵੇਗਾ ਵਿਸਥਾਰ

ਸਿਹਤ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਦੀ ਅਗਵਾਈ ਹੇਠ ਸੂਬਾ ਪੱਧਰੀ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਸਬੰਧੀ ਪਹਿਲਕਦਮੀ ਸ਼ੁਰੂ; ਮਾਂ ਅਤੇ ਬੱਚੇ ਵਿਚਕਾਰ ਚਮੜੀ ਨਾਲ ਚਮੜੀ ਦਾ ਸੰਪਰਕ, ਦੁੱਧ ਚੁੰਘਾਉਣ ਅਤੇ ਨਵਜੰਮੇ ਬੱਚੇ ਦੇ ਇਲਾਜ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਮਿਲੇਗਾ ਉਤਸ਼ਾਹ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਗੰਭੀਰ ਰੂਪ ਵਿੱਚ ਬਿਮਾਰ ਨਵਜੰਮੇ ਬੱਚਿਆਂ ਦੀ ਜਾਨ ਬਚਾਉਣ ਦੀਆਂ ਤਿਆਰੀਆਂ ਨੂੰ ਹੋਰ ਮਜ਼ਬੂਤ ਕਰਦਿਆਂ ਹਰਿਆਣਾ ਸਰਕਾਰ ਸੂਬੇ ਵਿੱਚ ਲਗਭਗ 7 ਕਰੋੜ ਰੁਪਏ ਦੀ ਲਾਗਤ ਨਾਲ 19 ਵਾਧੂ ਨਵਜੰਮੇ ਵੈਂਟੀਲੇਟਰ ਉਪਲਬਧ ਕਰਵਾਉਣ ਜਾ ਰਹੀ ਹੈ। ਸੂਬੇ ਦੀਆਂ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ (ਐਸਐਨਸੀਯੂ) ਵਿੱਚ ਪਹਿਲਾਂ ਹੀ 54 ਨਵਜੰਮੇ ਵੈਂਟੀਲੇਟਰ ਉਪਲਬਧ ਹਨ। ਇਨ੍ਹਾਂ 19 ਨਵੇਂ ਵੈਂਟੀਲੇਟਰਾਂ ਦੇ ਸ਼ਾਮਲ ਹੋਣ ਨਾਲ ਗੰਭੀਰ ਹਾਲਾਤਾਂ ਵਿੱਚ ਨਵਜੰਮੇ ਬੱਚਿਆਂ ਨੂੰ ਸਮੇਂ ਸਿਰ ਸਾਹ ਲੈਣ ਵਿੱਚ ਸਹਾਇਤਾ ਪ੍ਰਦਾਨ ਕਰਨ ਦੀ ਸਮਰੱਥਾ ਹੋਰ ਮਜ਼ਬੂਤ ਹੋਵੇਗੀ।

ਇਸ ਦੇ ਨਾਲ ਹੀ ਹਰਿਆਣਾ ਸਰਕਾਰ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ ਏਕੀਕ੍ਰਿਤ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈਆਂ (ਐਮਐਨਸੀਯੂ) ਵਜੋਂ ਵਿਕਸਤ ਕਰਨ ਲਈ ਸੂਬਾ ਪੱਧਰੀ ਪਹਿਲਕਦਮੀ ਕਰ ਰਹੀ ਹੈ। ਇਸ ਤਹਿਤ ਡਾਕਟਰੀ ਤੌਰ 'ਤੇ ਢੁੱਕਵੀਆਂ ਸਥਿਤੀਆਂ ਵਿੱਚ ਹਸਪਤਾਲ ਵਿੱਚ ਇਲਾਜ ਦੌਰਾਨ ਮਾਂ ਨੂੰ ਆਪਣੇ ਨਵਜੰਮੇ ਬੱਚੇ ਦੇ ਨਾਲ ਰਹਿਣ ਦੀ ਸਹੂਲਤ ਦਿੱਤੀ ਜਾਵੇਗੀ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਇਸ ਪਹਿਲਕਦਮੀ ਦਾ ਉਦੇਸ਼ ਹਸਪਤਾਲ ਵਿੱਚ ਦਾਖ਼ਲ ਨਵਜੰਮੇ ਬੱਚਿਆਂ ਨੂੰ ਉਨ੍ਹਾਂ ਦੀਆਂ ਮਾਵਾਂ ਤੋਂ ਬੇਲੋੜੇ ਤੌਰ 'ਤੇ ਵੱਖ ਹੋਣ ਤੋਂ ਬਚਾਉਣਾ ਹੈ। ਇਸ ਲਈ ਵਿਸ਼ੇਸ਼ ਡਾਕਟਰੀ ਇਲਾਜ ਦੇ ਨਾਲ-ਨਾਲ ਮਾਂ ਦੀ ਨਿਰੰਤਰ ਮੌਜੂਦਗੀ, ਦੁੱਧ ਚੁੰਘਾਉਣ ਵਿੱਚ ਸਹਿਯੋਗ ਅਤੇ ਬੱਚੇ ਦੀ ਦੇਖਭਾਲ ਵਿੱਚ ਪਰਿਵਾਰ ਦੀ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।

ਨਵੀਂ ਵਿਵਸਥਾ ਤਹਿਤ ਮਾਵਾਂ ਨੂੰ ਹਸਪਤਾਲ ਵਿੱਚ ਦਾਖ਼ਲ ਰਹਿਣ ਦੌਰਾਨ ਆਪਣੇ ਬੱਚਿਆਂ ਦੇ ਕੋਲ ਰਹਿਣ ਅਤੇ ਸਿਖਲਾਈ ਪ੍ਰਾਪਤ ਡਾਕਟਰਾਂ ਅਤੇ ਨਰਸਾਂ ਦੀ ਦੇਖ-ਰੇਖ ਹੇਠ ਉਨ੍ਹਾਂ ਦੀ ਦੇਖਭਾਲ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਉਤਸ਼ਾਹਿਤ ਕੀਤਾ ਜਾਵੇਗਾ। ਸਿਹਤ ਵਿਭਾਗ ਅਨੁਸਾਰ, ਇਹ ਪਹਿਲਕਦਮੀ ਵਿਸ਼ਵ ਸਿਹਤ ਸੰਗਠਨ (ਡਬਲਯੂਐਚਓ) ਦੇ 'ਜ਼ੀਰੋ ਸੈਪਰੇਸ਼ਨ' ਅਰਥਾਤ ਮਾਂ ਅਤੇ ਨਵਜੰਮੇ ਬੱਚੇ ਨੂੰ ਵੱਖ ਨਾ ਕਰਨ ਦੇ ਸਿਧਾਂਤ 'ਤੇ ਆਧਾਰਿਤ ਹੈ। ਇਸ ਸਿਧਾਂਤ ਤਹਿਤ ਡਾਕਟਰੀ ਤੌਰ 'ਤੇ ਸੰਭਵ ਹੋਣ 'ਤੇ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਦੀ ਲੋੜ ਵਾਲੇ ਮਾਮਲਿਆਂ ਵਿੱਚ ਵੀ ਮਾਂ ਅਤੇ ਬੱਚੇ ਨੂੰ ਇਕੱਠੇ ਰੱਖਣ 'ਤੇ ਜ਼ੋਰ ਦਿੱਤਾ ਜਾਂਦਾ ਹੈ।

ਇਹ ਮਾਡਲ ਵਿਸ਼ੇਸ਼ ਤੌਰ 'ਤੇ ਸਮੇਂ ਤੋਂ ਪਹਿਲਾਂ ਜਨਮੇ ਅਤੇ ਘੱਟ ਵਜ਼ਨ ਵਾਲੇ ਬੱਚਿਆਂ ਲਈ ਮਹੱਤਵਪੂਰਨ ਹੈ, ਜਿਨ੍ਹਾਂ ਨੂੰ ਲੰਬੇ ਸਮੇਂ ਤੱਕ ਹਸਪਤਾਲ ਵਿੱਚ ਦਾਖ਼ਲ ਰੱਖਣ, ਦੁੱਧ ਪਿਲਾਉਣ ਵਿੱਚ ਸਹਾਇਤਾ, ਸਰੀਰ ਦਾ ਤਾਪਮਾਨ ਨਿਯੰਤਰਿਤ ਰੱਖਣ ਅਤੇ ਲਗਾਤਾਰ ਡਾਕਟਰੀ ਨਿਗਰਾਨੀ ਦੀ ਲੋੜ ਹੋ ਸਕਦੀ ਹੈ।

ਨਵਜੰਮੇ ਬੱਚੇ ਦੀ ਦੇਖਭਾਲ ਵਿੱਚ ਸਰਗਰਮ ਭਾਈਵਾਲ ਬਣਨਗੀਆਂ ਮਾਵਾਂ

ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ (ਐਮਐਨਸੀਯੂ) ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ ਵਿੱਚ ਕੰਗਾਰੂ ਮਦਰ ਕੇਅਰ (ਕੇਐਮਸੀ) ਸ਼ਾਮਲ ਹੈ। ਇਸ ਵਿੱਚ ਨਵਜੰਮੇ ਬੱਚੇ ਨੂੰ ਮਾਂ ਜਾਂ ਕਿਸੇ ਹੋਰ ਢੁੱਕਵੇਂ ਦੇਖਭਾਲਕਰਤਾ ਦੀ ਛਾਤੀ ਨਾਲ ਸਿੱਧੇ ਚਮੜੀ ਦੇ ਸੰਪਰਕ ਵਿੱਚ ਰੱਖਿਆ ਜਾਂਦਾ ਹੈ। ਇਹ ਪ੍ਰਕਿਰਿਆ ਬੱਚੇ ਦੇ ਸਰੀਰ ਦਾ ਤਾਪਮਾਨ ਬਰਕਰਾਰ ਰੱਖਣ, ਦੁੱਧ ਚੁੰਘਾਉਣ ਨੂੰ ਉਤਸ਼ਾਹਿਤ ਕਰਨ ਅਤੇ ਮਾਂ ਤੇ ਬੱਚੇ ਵਿਚਕਾਰ ਭਾਵਨਾਤਮਕ ਸਬੰਧ ਮਜ਼ਬੂਤ ਕਰਨ ਵਿੱਚ ਮਦਦ ਕਰਦੀ ਹੈ। ਇਹ ਵਿਸ਼ੇਸ਼ ਤੌਰ 'ਤੇ ਸਮੇਂ ਤੋਂ ਪਹਿਲਾਂ ਜਨਮੇ ਅਤੇ ਘੱਟ ਵਜ਼ਨ ਵਾਲੇ ਬੱਚਿਆਂ ਲਈ ਲਾਹੇਵੰਦ ਹੈ।

ਇਸ ਏਕੀਕ੍ਰਿਤ ਦੇਖਭਾਲ ਮਾਡਲ ਤਹਿਤ ਸਿਹਤ ਮਾਹਿਰ ਮਾਵਾਂ ਨੂੰ ਦੁੱਧ ਚੁੰਘਾਉਣ, ਨਵਜੰਮੇ ਬੱਚੇ ਦੇ ਪੋਸ਼ਣ, ਸਫ਼ਾਈ ਅਤੇ ਬਿਮਾਰੀ ਦੇ ਚੇਤਾਵਨੀ ਸੰਕੇਤਾਂ ਦੀ ਪਛਾਣ ਕਰਨ ਸਬੰਧੀ ਵੀ ਮਾਰਗਦਰਸ਼ਨ ਦੇਣਗੇ। ਵਿਭਾਗ ਅਨੁਸਾਰ, ਮਾਂ ਦੀ ਨਿਰੰਤਰ ਮੌਜੂਦਗੀ ਨਾਲ ਮਾਵਾਂ ਵਿੱਚ ਆਪਣੇ ਬੱਚਿਆਂ ਦੀ ਦੇਖਭਾਲ ਨੂੰ ਲੈ ਕੇ ਆਤਮਵਿਸ਼ਵਾਸ ਵਧੇਗਾ ਅਤੇ ਹਸਪਤਾਲ ਵਿੱਚ ਦਾਖ਼ਲ ਰਹਿਣ ਦੌਰਾਨ ਬੇਲੋੜੇ ਵਿਛੋੜੇ ਕਾਰਨ ਹੋਣ ਵਾਲੀ ਮਾਨਸਿਕ ਪ੍ਰੇਸ਼ਾਨੀ ਵੀ ਘੱਟ ਹੋਵੇਗੀ। ਲੋੜ ਅਤੇ ਢੁੱਕਵੇਂਪਣ ਅਨੁਸਾਰ ਪਰਿਵਾਰ ਦੇ ਹੋਰ ਮੈਂਬਰ ਵੀ ਸਿਹਤ ਕਰਮਚਾਰੀਆਂ ਦੀ ਨਿਗਰਾਨੀ ਹੇਠ ਬੱਚੇ ਦੀ ਰੋਜ਼ਾਨਾ ਦੇਖਭਾਲ ਵਿੱਚ ਹਿੱਸਾ ਲੈ ਸਕਣਗੇ।

ਅੰਬਾਲਾ ਅਤੇ ਕੁਰੂਕਸ਼ੇਤਰ ਬਣੇ ਸੂਬਾ ਪੱਧਰੀ ਵਿਸਥਾਰ ਲਈ ਮਾਡਲ

ਸੂਬਾ ਪੱਧਰੀ ਪਹਿਲਕਦਮੀ ਦੀ ਸ਼ੁਰੂਆਤ ਅੰਬਾਲਾ ਸ਼ਹਿਰ ਅਤੇ ਕੁਰੂਕਸ਼ੇਤਰ ਦੇ ਜ਼ਿਲ੍ਹਾ ਹਸਪਤਾਲਾਂ ਵਿੱਚ ਸਥਾਪਤ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਸਹੂਲਤਾਂ ਤੋਂ ਪ੍ਰਾਪਤ ਖੋਜ ਅਤੇ ਵਿਹਾਰਕ ਤਜਰਬੇ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ। ਸਿਹਤ ਵਿਭਾਗ ਅਨੁਸਾਰ, ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਅਤੇ ਵਿਸ਼ਵ ਸਿਹਤ ਸੰਗਠਨ ਨੇ ਹਰਿਆਣਾ ਸਰਕਾਰ ਦੇ ਸਹਿਯੋਗ ਨਾਲ ਅੰਬਾਲਾ ਸ਼ਹਿਰ ਦੇ ਜ਼ਿਲ੍ਹਾ ਹਸਪਤਾਲ ਵਿੱਚ ਇਮੀਡੀਏਟ ਕੰਗਾਰੂ ਮਦਰ ਕੇਅਰ ਸਬੰਧੀ ਇੱਕ ਕਾਰਜ-ਅਮਲ ਖੋਜ ਅਧਿਐਨ ਸ਼ੁਰੂ ਕੀਤਾ ਸੀ।

ਇਸ ਖੋਜ ਤਹਿਤ ਅੰਬਾਲਾ ਸ਼ਹਿਰ ਦੇ ਲੈਵਲ-2 ਸਿਹਤ ਸਹੂਲਤ ਵਾਲੇ ਜ਼ਿਲ੍ਹਾ ਹਸਪਤਾਲ ਵਿੱਚ ਦੇਸ਼ ਦੀ ਪਹਿਲੀ ਜ਼ਿਲ੍ਹਾ ਪੱਧਰੀ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ ਸਥਾਪਤ ਕੀਤੀ ਗਈ।

ਇਸ ਪਹਿਲਕਦਮੀ ਨੇ ਇਹ ਦਰਸਾਇਆ ਕਿ ਵਿਸ਼ੇਸ਼ ਨਵਜੰਮੇ ਬੱਚਿਆਂ ਦੇ ਡਾਕਟਰੀ ਇਲਾਜ ਦੇ ਨਾਲ ਮਾਂ ਦੀ ਨਿਰੰਤਰ ਮੌਜੂਦਗੀ ਨੂੰ ਕਿਸ ਤਰ੍ਹਾਂ ਏਕੀਕ੍ਰਿਤ ਕੀਤਾ ਜਾ ਸਕਦਾ ਹੈ। ਅੰਬਾਲਾ ਦੀ ਪਹਿਲਕਦਮੀ ਤੋਂ ਬਾਅਦ ਕੁਰੂਕਸ਼ੇਤਰ ਜ਼ਿਲ੍ਹਾ ਹਸਪਤਾਲ ਵਿੱਚ ਵੀ ਇੱਕ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈ ਸਥਾਪਤ ਕੀਤੀ ਗਈ, ਜੋ ਬਾਅਦ ਵਿੱਚ ਸੂਬਾ ਪੱਧਰੀ ਪ੍ਰੋਗਰਾਮ ਲਈ ਮਾਡਲ ਸਹੂਲਤ ਬਣੀ।

ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਸਿਹਤ ਅਧਿਕਾਰੀਆਂ ਨੇ ਕੁਰੂਕਸ਼ੇਤਰ ਸਥਿਤ ਇਸ ਇਕਾਈ ਦਾ ਦੌਰਾ ਕਰਕੇ ਉੱਥੇ ਉਪਲਬਧ ਬੁਨਿਆਦੀ ਢਾਂਚੇ, ਮੈਡੀਕਲ ਉਪਕਰਨਾਂ, ਇਨਫੈਕਸ਼ਨ ਕੰਟਰੋਲ ਉਪਾਵਾਂ, ਸਟਾਫ਼ ਦੀ ਵਿਵਸਥਾ ਅਤੇ ਡਾਕਟਰੀ ਪ੍ਰਕਿਰਿਆਵਾਂ ਦਾ ਅਧਿਐਨ ਕੀਤਾ, ਤਾਂ ਜੋ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਵੀ ਇਸੇ ਤਰ੍ਹਾਂ ਦੀਆਂ ਸਹੂਲਤਾਂ ਸਥਾਪਤ ਕੀਤੀਆਂ ਜਾ ਸਕਣ।

ਰਾਸ਼ਟਰੀ ਸਿਹਤ ਮਿਸ਼ਨ, ਹਰਿਆਣਾ ਨੇ ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਦੇ ਤਾਲਮੇਲ ਨਾਲ ਇਹ ਓਰੀਐਂਟੇਸ਼ਨ ਦੌਰੇ ਕਰਵਾਏ, ਤਾਂ ਜੋ ਜ਼ਿਲ੍ਹਾ ਸਿਹਤ ਟੀਮਾਂ ਇਸ ਪਹਿਲਕਦਮੀ ਦੇ ਵਿਸਥਾਰ ਲਈ ਲੋੜੀਂਦੀਆਂ ਤਿਆਰੀਆਂ ਕਰ ਸਕਣ।

ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ ਅਪਗ੍ਰੇਡ ਕਰਨ ਦੀ ਸੂਬਾ ਪੱਧਰੀ ਯੋਜਨਾ

ਡਾ. ਸੁਮਿਤਾ ਮਿਸ਼ਰਾ ਨੇ 21 ਅਗਸਤ ਨੂੰ ਰਾਸ਼ਟਰੀ ਸਿਹਤ ਮਿਸ਼ਨ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਸਨ ਕਿ ਹਰਿਆਣਾ ਦੀਆਂ ਸਾਰੀਆਂ ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਨੂੰ 1 ਨਵੰਬਰ, 2026 ਤੱਕ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਇਕਾਈਆਂ ਵਜੋਂ ਸਥਾਪਤ ਜਾਂ ਅਪਗ੍ਰੇਡ ਕੀਤਾ ਜਾਵੇ।

ਇਹ ਨਿਰਦੇਸ਼ ਹਸਪਤਾਲਾਂ ਵਿੱਚ ਨਵਜੰਮੇ ਬੱਚਿਆਂ ਦੀਆਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਮੌਜੂਦਾ ਮੈਡੀਕਲ ਸਹੂਲਤਾਂ ਵਿੱਚ ਪਰਿਵਾਰ-ਕੇਂਦਰਿਤ ਦੇਖਭਾਲ ਨੂੰ ਸ਼ਾਮਲ ਕਰਨ ਦੀ ਰਾਜ ਸਰਕਾਰ ਦੀ ਵਿਆਪਕ ਰਣਨੀਤੀ ਦਾ ਹਿੱਸਾ ਹਨ। ਅਗਸਤ ਵਿੱਚ ਮਾਂ ਅਤੇ ਬੱਚੇ ਦੀਆਂ ਸਿਹਤ ਸੇਵਾਵਾਂ ਦੀ ਸਮੀਖਿਆ ਦੌਰਾਨ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ, ਹਰਿਆਣਾ ਵਿੱਚ ਕੁੱਲ 29 ਵਿਸ਼ੇਸ਼ ਨਵਜੰਮੇ ਬੱਚਿਆਂ ਦੀ ਦੇਖਭਾਲ ਇਕਾਈਆਂ ਚੱਲ ਰਹੀਆਂ ਸਨ।

ਹਾਲਾਂਕਿ, ਬੁੱਧਵਾਰ ਨੂੰ ਜਾਰੀ ਕੀਤੀ ਗਈ ਜਾਣਕਾਰੀ ਵਿੱਚ ਇਹ ਸਪੱਸ਼ਟ ਨਹੀਂ ਕੀਤਾ ਗਿਆ ਕਿ ਇਨ੍ਹਾਂ ਵਿੱਚੋਂ ਕਿੰਨੀਆਂ ਇਕਾਈਆਂ ਪੂਰੀ ਤਰ੍ਹਾਂ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਮਾਡਲ ਵਿੱਚ ਤਬਦੀਲ ਹੋ ਚੁੱਕੀਆਂ ਹਨ। ਵਿਭਾਗ ਅਨੁਸਾਰ, ਇਸ ਪਹਿਲਕਦਮੀ ਦੇ ਵਿਸਥਾਰ ਲਈ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਰਾਸ਼ਟਰੀ ਸਿਹਤ ਮਿਸ਼ਨ, ਜ਼ਿਲ੍ਹਾ ਸਿਹਤ ਅਥਾਰਟੀਆਂ ਅਤੇ ਸੋਸਾਇਟੀ ਫਾਰ ਅਪਲਾਈਡ ਸਟੱਡੀਜ਼ ਵਿਚਕਾਰ ਤਾਲਮੇਲ ਸਥਾਪਤ ਕੀਤਾ ਜਾ ਰਿਹਾ ਹੈ।

ਮਾਂ ਦੀ ਮੌਜੂਦਗੀ ਦੇ ਨਾਲ ਜਾਰੀ ਰਹੇਗਾ ਵਿਸ਼ੇਸ਼ ਡਾਕਟਰੀ ਇਲਾਜ

ਸਿਹਤ ਵਿਭਾਗ ਨੇ ਸਪੱਸ਼ਟ ਕੀਤਾ ਕਿ ਮਾਂ-ਨਵਜੰਮੇ ਬੱਚੇ ਦੀ ਦੇਖਭਾਲ ਮਾਡਲ ਵਿੱਚ ਮਾਂ ਦੀ ਭਾਗੀਦਾਰੀ ਨੂੰ ਢੁੱਕਵੀਂ ਡਾਕਟਰੀ ਜਾਂਚ, ਨਿਗਰਾਨੀ ਅਤੇ ਇਲਾਜ ਦੇ ਨਾਲ ਏਕੀਕ੍ਰਿਤ ਕੀਤਾ ਜਾਵੇਗਾ। ਨਵਜੰਮੇ ਬੱਚੇ ਦੀ ਡਾਕਟਰੀ ਸਥਿਤੀ ਅਤੇ ਸਿਹਤ ਕੇਂਦਰ ਦੀਆਂ ਸਹੂਲਤਾਂ ਅਨੁਸਾਰ ਇਲਾਜ ਵਿੱਚ ਆਕਸੀਜਨ ਸਪੋਰਟ, ਕੰਟੀਨਿਊਅਸ ਪਾਜ਼ੀਟਿਵ ਏਅਰਵੇਅ ਪ੍ਰੈਸ਼ਰ (ਸੀਪੀਏਪੀ) ਸਹਾਇਤਾ, ਪੀਲੀਆ ਦੇ ਇਲਾਜ ਲਈ ਫੋਟੋਥੈਰੇਪੀ, ਦੁੱਧ ਪਿਲਾਉਣ ਵਿੱਚ ਸਹਾਇਤਾ ਅਤੇ ਨਿਰਧਾਰਤ ਦਵਾਈਆਂ ਸ਼ਾਮਲ ਹੋ ਸਕਦੀਆਂ ਹਨ।

ਜਿਨ੍ਹਾਂ ਬੱਚਿਆਂ ਨੂੰ ਵਧੇਰੇ ਉੱਨਤ ਡਾਕਟਰੀ ਸਹੂਲਤਾਂ ਦੀ ਲੋੜ ਹੋਵੇਗੀ, ਉਨ੍ਹਾਂ ਨੂੰ ਡਾਕਟਰੀ ਜ਼ਰੂਰਤ ਅਨੁਸਾਰ ਉੱਚ ਪੱਧਰੀ ਸਿਹਤ ਸੰਸਥਾਵਾਂ ਵਿੱਚ ਰੈਫਰ ਕੀਤਾ ਜਾਂਦਾ ਰਹੇਗਾ। ਵਿਭਾਗ ਨੇ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਇਨਫੈਕਸ਼ਨ ਦੀ ਰੋਕਥਾਮ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਵੇਗਾ। ਇਸ ਲਈ ਹੱਥਾਂ ਦੀ ਸਫ਼ਾਈ, ਹਸਪਤਾਲ ਦੇ ਅਹਾਤੇ ਦੀ ਨਿਯਮਤ ਸਫ਼ਾਈ, ਉਪਕਰਨਾਂ ਨੂੰ ਇਨਫੈਕਸ਼ਨ ਮੁਕਤ ਕਰਨਾ, ਬਾਇਓ ਮੈਡੀਕਲ ਵੇਸਟ ਦਾ ਪ੍ਰਬੰਧਨ ਅਤੇ ਵਿਸ਼ੇਸ਼ ਦੇਖਭਾਲ ਇਕਾਈਆਂ ਵਿੱਚ ਆਵਾਜਾਈ ਸਬੰਧੀ ਨਿਰਧਾਰਤ ਪ੍ਰੋਟੋਕੋਲ ਦੀ ਪਾਲਣਾ ਕੀਤੀ ਜਾਵੇਗੀ।

ਹਸਪਤਾਲ ਤੋਂ ਛੁੱਟੀ ਮਿਲਣ ਤੋਂ ਪਹਿਲਾਂ ਪਰਿਵਾਰਾਂ ਨੂੰ ਦਿੱਤਾ ਜਾਵੇਗਾ ਮਾਰਗਦਰਸ਼ਨ

ਇਸ ਪਹਿਲਕਦਮੀ ਦਾ ਇੱਕ ਮਹੱਤਵਪੂਰਨ ਉਦੇਸ਼ ਮਾਪਿਆਂ ਨੂੰ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਘਰ ਵਿੱਚ ਨਵਜੰਮੇ ਬੱਚੇ ਦੀ ਬਿਹਤਰ ਦੇਖਭਾਲ ਲਈ ਤਿਆਰ ਕਰਨਾ ਵੀ ਹੈ। ਮਾਵਾਂ ਅਤੇ ਹੋਰ ਯੋਗ ਦੇਖਭਾਲਕਰਤਾਵਾਂ ਨੂੰ ਦੁੱਧ ਚੁੰਘਾਉਣ, ਕੰਗਾਰੂ ਮਦਰ ਕੇਅਰ, ਨਵਜੰਮੇ ਬੱਚੇ ਦੀ ਸਫ਼ਾਈ, ਡਾਕਟਰੀ ਸਹਾਇਤਾ ਦੀ ਲੋੜ ਵਾਲੇ ਚੇਤਾਵਨੀ ਸੰਕੇਤਾਂ ਅਤੇ ਨਿਯਮਤ ਫਾਲੋਅੱਪ ਸਬੰਧੀ ਜਾਣਕਾਰੀ ਦਿੱਤੀ ਜਾਵੇਗੀ। ਵਿਭਾਗ ਅਨੁਸਾਰ, ਇਲਾਜ ਦੀਆਂ ਢੁੱਕਵੀਆਂ ਪ੍ਰਕਿਰਿਆਵਾਂ ਵਿੱਚ ਮਾਵਾਂ ਦੀ ਭਾਗੀਦਾਰੀ ਨਾਲ ਪਰਿਵਾਰ ਬੱਚੇ ਦੀਆਂ ਲੋੜਾਂ ਨੂੰ ਬਿਹਤਰ ਢੰਗ ਨਾਲ ਸਮਝ ਸਕਣਗੇ ਅਤੇ ਹਸਪਤਾਲ ਤੋਂ ਛੁੱਟੀ ਮਿਲਣ ਤੋਂ ਬਾਅਦ ਵੀ ਸੁਝਾਈ ਗਈ ਦੇਖਭਾਲ ਜਾਰੀ ਰੱਖਣ ਲਈ ਤਿਆਰ ਹੋਣਗੇ।

ਐਮਐਨਸੀਯੂ ਮਾਡਲ ਦਾ ਉਦੇਸ਼ ਸਿਹਤ ਕਰਮਚਾਰੀਆਂ ਵਿਚਕਾਰ ਬਿਹਤਰ ਤਾਲਮੇਲ ਸਥਾਪਤ ਕਰਨਾ, ਡਾਕਟਰੀ ਪ੍ਰਕਿਰਿਆਵਾਂ ਨੂੰ ਮਿਆਰੀ ਬਣਾਉਣਾ ਅਤੇ ਮੌਜੂਦਾ ਸਰਕਾਰੀ ਸਿਹਤ ਸਹੂਲਤਾਂ ਵਿੱਚ ਨਵਜੰਮੇ ਬੱਚਿਆਂ ਦੀ ਦੇਖਭਾਲ ਦੀ ਵਿਵਸਥਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣਾ ਵੀ ਹੈ। ਇਹ ਸੂਬਾ ਪੱਧਰੀ ਪਹਿਲਕਦਮੀ ਮਾਂ ਅਤੇ ਨਵਜੰਮੇ ਬੱਚੇ ਦੋਵਾਂ ਦੀਆਂ ਲੋੜਾਂ ਪ੍ਰਤੀ ਸਿਹਤ ਸੇਵਾਵਾਂ ਨੂੰ ਵਧੇਰੇ ਸੰਵੇਦਨਸ਼ੀਲ ਬਣਾਉਣ ਦੇ ਨਾਲ-ਨਾਲ ਡਾਕਟਰੀ ਸੁਰੱਖਿਆ ਅਤੇ ਢੁੱਕਵੀਂ ਨਿਗਰਾਨੀ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਹਰਿਆਣਾ ਸਰਕਾਰ ਦੇ ਯਤਨਾਂ ਨੂੰ ਦਰਸਾਉਂਦੀ ਹੈ।

ਡਾ. ਮਿਸ਼ਰਾ ਨੇ ਕਿਹਾ ਕਿ ਵਿਸ਼ੇਸ਼ ਡਾਕਟਰੀ ਇਲਾਜ ਦੇ ਨਾਲ ਮਾਂ ਦੀ ਮੌਜੂਦਗੀ ਅਤੇ ਪਰਿਵਾਰ ਦੀ ਭਾਗੀਦਾਰੀ ਨੂੰ ਜੋੜ ਕੇ ਇਸ ਪ੍ਰੋਗਰਾਮ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਮਜ਼ੋਰ ਅਤੇ ਗੰਭੀਰ ਰੂਪ ਵਿੱਚ ਬਿਮਾਰ ਨਵਜੰਮੇ ਬੱਚਿਆਂ ਨੂੰ ਸਿਹਤਯਾਬ ਹੋਣ ਦੌਰਾਨ ਡਾਕਟਰੀ ਸਹੂਲਤਾਂ ਦੇ ਨਾਲ-ਨਾਲ ਆਪਣੀ ਮਾਂ ਦਾ ਪਿਆਰ, ਸੁਰੱਖਿਆ ਅਤੇ ਸਹਿਯੋਗ ਵੀ ਮਿਲ ਸਕੇ।

ਫਾਰਮ-6 ਭਰਨ ਨਾਲ ਨਹੀਂ ਹੋਵੇਗੀ ਕੋਈ ਕਾਨੂੰਨੀ ਕਾਰਵਾਈ : ਮੁੱਖ ਚੋਣ ਅਧਿਕਾਰੀ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਏ. ਸ੍ਰੀਨਿਵਾਸ ਨੇ ਸਪੱਸ਼ਟ ਕੀਤਾ ਹੈ ਕਿ ਵਿਸ਼ੇਸ਼ ਗਹਿਰੀ ਸੋਧ (ਐਸਆਈਆਰ) ਦੌਰਾਨ ਜੇਕਰ ਕਿਸੇ ਵੋਟਰ ਦਾ ਨਾਮ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੋਇਆ ਹੈ ਤਾਂ ਉਹ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ ਲਈ ਫਾਰਮ-6 ਭਰ ਕੇ ਅਰਜ਼ੀ ਦੇ ਸਕਦਾ ਹੈ। ਇਹ ਵਿਵਸਥਾ ਸਾਰੇ ਯੋਗ ਨਾਗਰਿਕਾਂ 'ਤੇ ਲਾਗੂ ਹੋਵੇਗੀ, ਭਾਵੇਂ ਉਨ੍ਹਾਂ ਦਾ ਨਾਮ ਪਹਿਲਾਂ ਕਿਸੇ ਵੋਟਰ ਸੂਚੀ ਵਿੱਚ ਸ਼ਾਮਲ ਰਿਹਾ ਹੋਵੇ ਜਾਂ ਨਹੀਂ।

ਉਨ੍ਹਾਂ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕਿਸੇ ਵੋਟਰ ਦਾ ਨਾਮ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਤਾਂ ਉਸ ਨੂੰ ਐਸਆਈਆਰ ਦੌਰਾਨ ਜਾਂ ਇਸ ਤੋਂ ਬਾਅਦ ਵੋਟਰ ਸੂਚੀ ਵਿੱਚ ਨਾਮ ਸ਼ਾਮਲ ਕਰਵਾਉਣ ਲਈ ਨਵੇਂ ਸਿਰੇ ਤੋਂ ਫਾਰਮ-6 ਰਾਹੀਂ ਅਰਜ਼ੀ ਦੇਣੀ ਹੋਵੇਗੀ।

ਮੁੱਖ ਚੋਣ ਅਧਿਕਾਰੀ ਨੇ ਦੱਸਿਆ ਕਿ ਪਹਿਲਾਂ ਵੋਟਰ ਸੂਚੀ ਵਿੱਚ ਨਾਮ ਦਰਜ ਹੋਣ ਦੇ ਬਾਵਜੂਦ ਸਿਰਫ਼ ਫਾਰਮ-6 ਭਰਨ ਨਾਲ ਕਿਸੇ ਵੀ ਤਰ੍ਹਾਂ ਦੀ ਗਲਤ ਘੋਸ਼ਣਾ ਜਾਂ ਕਾਨੂੰਨੀ ਕਾਰਵਾਈ ਦਾ ਆਧਾਰ ਨਹੀਂ ਬਣੇਗਾ। ਇਸ ਸਬੰਧ ਵਿੱਚ ਮਾਣਯੋਗ ਦਿੱਲੀ ਹਾਈ ਕੋਰਟ ਵੱਲੋਂ ਵੀ ਨਿਲੋਤਪਲ ਦੱਤਾ ਅਤੇ ਹੋਰ ਬਨਾਮ ਭਾਰਤ ਚੋਣ ਕਮਿਸ਼ਨ ਅਤੇ ਹੋਰ (ਫੈਸਲਾ ਮਿਤੀ 14.10.2026) ਦੇ ਮਾਮਲੇ ਵਿੱਚ ਇਹੀ ਸਥਿਤੀ ਸਪੱਸ਼ਟ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਕਿਸੇ ਵੀ ਚੋਣ ਰਜਿਸਟ੍ਰੇਸ਼ਨ ਅਧਿਕਾਰੀ (ਵੱਲੋਂ ਸਿਰਫ਼ ਇਸ ਆਧਾਰ 'ਤੇ ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 31 ਤਹਿਤ ਕੋਈ ਕਾਰਵਾਈ ਨਹੀਂ ਕੀਤੀ ਜਾਵੇਗੀ ਕਿ ਬਿਨੈਕਾਰ ਦਾ ਨਾਮ ਪਹਿਲਾਂ ਵੋਟਰ ਸੂਚੀ ਵਿੱਚ ਸ਼ਾਮਲ ਸੀ ਅਤੇ ਉਸ ਨੇ ਐਸਆਈਆਰ ਦੌਰਾਨ ਜਾਂ ਇਸ ਤੋਂ ਬਾਅਦ ਫਾਰਮ-6 ਜਮ੍ਹਾਂ ਕਰਵਾਇਆ ਹੈ। ਹਾਲਾਂਕਿ, ਇਸ ਲਈ ਇਹ ਜ਼ਰੂਰੀ ਹੈ ਕਿ ਸਬੰਧਤ ਵੋਟਰ ਦਾ ਨਾਮ ਕਿਸੇ ਹੋਰ ਸੰਸਦੀ ਜਾਂ ਵਿਧਾਨ ਸਭਾ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਪਹਿਲਾਂ ਤੋਂ ਦਰਜ ਨਾ ਹੋਵੇ ਅਤੇ ਉਸ ਵੱਲੋਂ ਕੀਤੀ ਗਈ ਘੋਸ਼ਣਾ ਕਾਨੂੰਨ ਦੇ ਅਨੁਸਾਰ ਹੋਵੇ।

ਮੁੱਖ ਚੋਣ ਅਧਿਕਾਰੀ, ਹਰਿਆਣਾ ਨੇ ਸਾਰੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਇਸ ਸਪੱਸ਼ਟੀਕਰਨ ਦਾ ਵਿਆਪਕ ਪ੍ਰਚਾਰ-ਪ੍ਰਸਾਰ ਯਕੀਨੀ ਬਣਾਇਆ ਜਾਵੇ, ਤਾਂ ਜੋ ਆਮ ਲੋਕਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਭੁਲੇਖੇ ਜਾਂ ਚਿੰਤਾ ਦੀ ਸਥਿਤੀ ਨਾ ਰਹੇ ਅਤੇ ਕੋਈ ਵੀ ਯੋਗ ਨਾਗਰਿਕ ਆਪਣਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸਪੱਸ਼ਟੀਕਰਨ ਉਨ੍ਹਾਂ ਸਾਰੇ ਯੋਗ ਵੋਟਰਾਂ ਲਈ ਮਹੱਤਵਪੂਰਨ ਹੈ, ਜਿਨ੍ਹਾਂ ਦਾ ਨਾਮ ਐਸਆਈਆਰ ਦੀ ਅੰਤਿਮ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੋ ਪਾਉਂਦਾ। ਅਜਿਹੇ ਵੋਟਰ ਅੰਤਿਮ ਵੋਟਰ ਸੂਚੀ ਦੇ ਪ੍ਰਕਾਸ਼ਨ ਤੋਂ ਬਾਅਦ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਗਲੀ ਵਿਸ਼ੇਸ਼ ਮੁਹਿੰਮ ਜਾਂ ਵੋਟਰ ਸੂਚੀ ਦੇ ਨਿਰੰਤਰ ਅੱਪਡੇਟ ਦੌਰਾਨ ਨਿਰਧਾਰਤ ਪ੍ਰਕਿਰਿਆ ਤਹਿਤ ਫਾਰਮ-6 ਜਮ੍ਹਾਂ ਕਰਵਾ ਸਕਦੇ ਹਨ।

ਕੁਰੂਕਸ਼ੇਤਰ 'ਵਰਸਿਟੀ ਵਿੱਚ ਰਤਨਾਵਲੀ ਮੇਲਾ



ਸ਼ਾਹਬਾਦ ਮਾਰਕੰਡਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦਿਵਸ ਦੇ ਮੱਦੇਨਜ਼ਰ ਕੁਰੂਕਸ਼ੇਤਰ ਯੂਨੀਵਰਸਿਟੀ ਵਿੱਚ ਚੱਲ ਰਹੇ ਸੂਬਾ ਪੱਧਰੀ ਰਤਨਾਵਲੀ ਮੇਲੇ ਦੇ ਤੀਜੇ ਦਿਨ ਭਗਤ ਫੂਲ ਸਿੰਘ ਮਹਿਲਾ ਯੂਨੀਵਰਸਿਟੀ ਖਾਨਪੁਰ ਕਲਾਂ (ਸੋਨੀਪਤ) ਦੀ ਵਾਈਸ ਚਾਂਸਲਰ ਪ੍ਰੋ. ਸੁਦੇਸ਼ ਛਿਕਾਰਾ ਬਤੌਰ ਮੁੱਖ ਮਹਿਮਾਨ ਹਰਿਆਣਵੀ ਚੌਪਾਲ ਵਿੱਚ ਪੁੱਜੇ। ਇਸ ਮੌਕੇ ਉਨ੍ਹਾਂ ਕਿਹਾ ਕਿ ਹਰਿਆਣਵੀ ਸੱਭਿਆਚਾਰ ਦੀ ਦੁਨੀਆ ਵਿੱਚ ਇੱਕ ਵਿਸ਼ੇਸ਼ ਪਛਾਣ ਹੈ।

ਇਸ ਦੀ ਬੋਲੀ, ਪਹਿਰਾਵਾ ਅਤੇ ਸੱਭਿਆਚਾਰ ਹਰਿਆਣਾ ਦੀ ਸਭ ਤੋਂ ਵੱਡੀ ਜਾਇਦਾਦ ਹੈ। ਪ੍ਰੋ. ਛਿਕਾਰਾ ਨੇ ਕਿਹਾ ਕਿ ਰਤਨਾਵਲੀ ਮੇਲਾ ਤਿਉਹਾਰ ਨਾ ਸਿਰਫ਼ ਨੌਜਵਾਨਾਂ ਨੂੰ ਉਨ੍ਹਾਂ ਦੇ ਲੋਕ ਸੱਭਿਆਚਾਰ ਤੋਂ ਜਾਣੂ ਕਰਵਾਉਂਦਾ ਹੈ,

ਸਗੋਂ ਜੀਵਨ ਵਿੱਚ ਤਰੱਕੀ ਲਈ ਇੱਕ ਮੰਚ ਵੀ ਦਿੰਦਾ ਹੈ। ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਸੱਭਿਆਚਾਰਕ ਵਿਰਸੇ ਨਾਲ ਜੋੜਨ ਅਤੇ ਲੋਕ ਪਰੰਪਰਾਵਾਂ ਨੂੰ ਸੁਰੱਖਿਅਤ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਵਿਦਿਆਰਥਣਾਂ ਦੀ ਉਤਸ਼ਾਹੀ ਭਾਗੀਦਾਰੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਉਤਸ਼ਾਹ ਅਤੇ ਪ੍ਰਤਿਭਾ ਨੂੰ ਦੇਖ ਕੇ ਬਹੁਤ ਖ਼ੁਸ਼ੀ ਹੋਈ ਹੈ।

ਅੰਬਾਲਾ ਵਿੱਚ ਸ਼ਹੀਦੀ ਸਮਾਰਕ ਦੇ ਉਦਘਾਟਨ ਮੌਕੇ ਅਮਿਤ ਸ਼ਾਹ ਦਾ ਹਰਿਆਣਾ ਦੀ ਧਰਤੀ 'ਤੇ ਸ਼ਾਨਦਾਰ ਸਵਾਗਤ ਕਰੇਗਾ ਸੂਬਾ : ਰਣਬੀਰ ਗੰਗਵਾ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਸ੍ਰੀ ਰਣਬੀਰ ਗੰਗਵਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਸ੍ਰੀ ਅਮਿਤ ਸ਼ਾਹ ਦਾ 5 ਨਵੰਬਰ ਨੂੰ ਅੰਬਾਲਾ ਆਗਮਨ ਸੂਬੇ ਲਈ ਮਾਣ ਅਤੇ ਉਤਸ਼ਾਹ ਦਾ ਇੱਕ ਵੱਡਾ ਮੌਕਾ ਹੈ। ਹਰਿਆਣਾ ਦੀ ਵੀਰ ਭੂਮੀ 'ਤੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਵੀ ਇਸ ਇਤਿਹਾਸਕ ਸਮਾਗਮ ਵਿੱਚ ਮੌਜੂਦ ਰਹਿਣਗੇ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਦੇ 12 ਸਾਲਾਂ ਦੇ ਕਾਰਜਕਾਲ ਦੌਰਾਨ ਹਰਿਆਣਾ ਨੇ ਵਿਕਾਸ ਦੇ ਨਾਲ-ਨਾਲ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ, ਸ਼ਾਨਦਾਰ ਇਤਿਹਾਸ ਅਤੇ ਵੀਰ ਪਰੰਪਰਾਵਾਂ ਨੂੰ ਨਵੀਂ ਪਛਾਣ ਦੇਣ ਦਾ ਕੰਮ ਕੀਤਾ ਹੈ। ਅੰਬਾਲਾ ਵਿੱਚ 1857 ਦੇ ਪਹਿਲੇ ਆਜ਼ਾਦੀ ਸੰਗਰਾਮ ਦੇ ਵੀਰ ਬਲਿਦਾਨੀਆਂ ਨੂੰ ਸਮਰਪਿਤ ਸ਼ਾਨਦਾਰ ਸ਼ਹੀਦੀ ਸਮਾਰਕ ਦਾ ਉਦਘਾਟਨ ਇਸੇ ਸੋਚ ਦਾ ਪ੍ਰਤੀਕ ਹੈ। ਇਹ ਸਮਾਰਕ ਸੂਬਾ ਵਾਸੀਆਂ ਲਈ ਮਾਣ ਦਾ ਕੇਂਦਰ ਬਣੇਗਾ ਅਤੇ



ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਨ ਵਾਲੇ ਵੀਰਾਂ ਦੀਆਂ ਸ਼ੌਰਿਆ ਗਾਥਾਵਾਂ ਨਾਲ ਜੋੜਨ ਦਾ ਕੰਮ ਕਰੇਗਾ।

ਸ੍ਰੀ ਗੰਗਵਾ ਨੇ ਕਿਹਾ ਕਿ ਹਰਿਆਣਾ ਦੀ ਮਿੱਟੀ ਨੇ ਹਮੇਸ਼ਾ ਦੇਸ਼ ਦੀ ਰੱਖਿਆ ਅਤੇ ਸਨਮਾਨ ਲਈ ਆਪਣਾ ਸਭ ਕੁਝ ਕੁਰਬਾਨ ਕਰਨ ਵਾਲੇ ਵੀਰ ਸਪੂਤਾਂ ਨੂੰ ਜਨਮ ਦਿੱਤਾ ਹੈ। 1857 ਦੇ ਪਹਿਲੇ ਆਜ਼ਾਦੀ ਸੰਗਰਾਮ ਵਿੱਚ ਵੀ ਇਸ ਧਰਤੀ ਦੇ ਵੀਰਾਂ ਨੇ ਅਦੁੱਤੀ ਸਾਹਸ ਅਤੇ ਬਲਿਦਾਨ ਦੀ ਮਿਸਾਲ ਪੇਸ਼ ਕੀਤੀ ਸੀ। ਅੰਬਾਲਾ ਵਿੱਚ ਬਣ ਕੇ ਤਿਆਰ ਹੋਇਆ ਇਹ ਸਮਾਰਕ ਉਨ੍ਹਾਂ ਜਾਣੇ-ਅਣਜਾਣੇ ਬਲਿਦਾਨੀਆਂ ਨੂੰ ਸੱਚੀ ਸ਼ਰਧਾਂਜਲੀ ਹੈ, ਜਿਨ੍ਹਾਂ ਦੇ ਸੰਘਰਸ਼ ਅਤੇ ਕੁਰਬਾਨੀ ਸਦਕਾ ਦੇਸ਼ ਦੀ ਆਜ਼ਾਦੀ ਦੀ ਨੀਂਹ ਮਜ਼ਬੂਤ ਹੋਈ। ਇੱਥੇ 700 ਤੋਂ ਵੱਧ ਵੀਰ ਬਲਿਦਾਨੀਆਂ ਦੇ ਨਾਮ ਸੁਨਹਿਰੀ ਅੱਖਰਾਂ ਵਿੱਚ ਉੱਕਰੇ ਗਏ ਹਨ। ਆਧੁਨਿਕ ਤਕਨੀਕ ਅਤੇ ਆਕਰਸ਼ਕ ਪੇਸ਼ਕਾਰੀਆਂ ਰਾਹੀਂ ਆਜ਼ਾਦੀ ਸੰਗਰਾਮ ਦੀ ਸ਼ਾਨਦਾਰ ਗਾਥਾ ਨੂੰ ਇਸ ਤਰ੍ਹਾਂ ਸਾਂਭਿਆ ਗਿਆ ਹੈ ਕਿ ਹਰ ਆਗੰਤੁਕ ਉਸ ਦੌਰ ਦੇ ਸੰਘਰਸ਼ ਅਤੇ ਬਲਿਦਾਨ ਨੂੰ ਮਹਿਸੂਸ ਕਰ ਸਕੇ।

ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਦਾ ਇਹ ਦੌਰਾ ਹਰਿਆਣਾ ਲਈ ਇੱਕ ਯਾਦਗਾਰੀ ਮੌਕਾ ਹੋਵੇਗਾ। ਸ਼ਹੀਦੀ ਸਮਾਰਕ ਦਾ ਉਦਘਾਟਨ ਸੂਬੇ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਅਧਿਆਇ ਜੋੜੇਗਾ। ਇਹ ਸਿਰਫ਼ ਇੱਟਾਂ-ਪੱਥਰਾਂ ਨਾਲ ਬਣਿਆ ਸਮਾਰਕ ਨਹੀਂ, ਸਗੋਂ ਦੇਸ਼ ਭਗਤੀ, ਤਿਆਗ, ਸਾਹਸ ਅਤੇ ਰਾਸ਼ਟਰੀ ਸਵੈਮਾਣ ਦੀ ਜਿਉਂਦੀ-ਜਾਗਦੀ ਪ੍ਰੇਰਣਾ ਹੈ। ਸ੍ਰੀ ਅਮਿਤ ਸ਼ਾਹ ਅੰਬਾਲਾ ਦੇ ਗਾਂਧੀ ਗਰਾਊਂਡ ਵਿੱਚ ਜਨ ਸਭਾ ਨੂੰ ਵੀ ਸੰਬੋਧਨ ਕਰਨਗੇ। ਸ੍ਰੀ ਗੰਗਵਾ ਨੇ ਸੂਬਾ ਵਾਸੀਆਂ ਨੂੰ ਇਸ ਇਤਿਹਾਸਕ ਮੌਕੇ ਦਾ ਹਿੱਸਾ ਬਣਨ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਦਾ ਨਿੱਘਾ ਸਵਾਗਤ ਕਰਨ ਦਾ ਸੱਦਾ ਦਿੱਤਾ।

'ਮੇਰੀ ਫ਼ਸਲ ਮੇਰਾ ਬਿਓਰਾ' ਨਾਲ ਜੁੜੇ ਕਿਸਾਨਾਂ ਨੂੰ ਮਿਲੇਗੀ 80 ਫ਼ੀਸਦੀ ਸਬਸਿਡੀ : ਸ਼ਿਆਮ ਸਿੰਘ ਰਾਣਾ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਵਿੱਚ ਜੈਵਿਕ ਖੇਤੀ ਨੂੰ ਵਿਆਪਕ ਪੱਧਰ 'ਤੇ ਉਤਸ਼ਾਹਿਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਨੀ ਵੱਲੋਂ ਕੀਤੇ ਗਏ ਬਜਟ ਐਲਾਨ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਤੇਜ਼ੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬਾ ਸਰਕਾਰ ਕੁਦਰਤੀ ਅਤੇ ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ।

ਸ੍ਰੀ ਰਾਣਾ ਨੇ ਦੱਸਿਆ ਕਿ 'ਮੇਰੀ ਫ਼ਸਲ ਮੇਰਾ ਬਿਓਰਾ' ਪੋਰਟਲ 'ਤੇ ਰਜਿਸਟਰਡ ਕਿਸਾਨਾਂ ਨੂੰ ਜੈਵਿਕ ਖਾਦ 'ਤੇ 80 ਫ਼ੀਸਦੀ ਤੱਕ ਦੀ ਭਾਰੀ ਸਬਸਿਡੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਜੈਵਿਕ ਖਾਦਾਂ ਦੀ ਵਿਕਰੀ ਨੂੰ ਸੁਖਾਲਾ ਬਣਾਉਣ ਲਈ ਵਿਕਰੇਤਾਵਾਂ ਨੂੰ 5 ਕਿਲੋਗ੍ਰਾਮ ਤੱਕ ਦੀ ਛੋਟੀ ਪੈਕਿੰਗ ਦੀ ਵਿਕਰੀ ਸਬੰਧੀ ਲਾਇਸੈਂਸ ਪ੍ਰਕਿਰਿਆ



ਤੋਂ ਛੋਟ ਦੇਣ ਦਾ ਫੈਸਲਾ ਕੀਤਾ ਗਿਆ ਹੈ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਵਿਭਾਗੀ ਕਾਰਵਾਈ ਦੀ ਜਾਣਕਾਰੀ ਦਿੰਦਿਆਂ ਸਪੱਸ਼ਟ ਕੀਤਾ ਕਿ ਫਰਮੈਂਟਿਡ ਆਰਗੈਨਿਕ ਮੈਨਿਊਰ (FOM), ਲਿਕਵਿਡ ਫਰਮੈਂਟਿਡ ਆਰਗੈਨਿਕ ਮੈਨਿਊਰ ਅਤੇ ਫਾਸਫੇਟ ਰਿਚ ਆਰਗੈਨਿਕ ਮੈਨਿਊਰ ਵਰਗੀਆਂ ਜੈਵਿਕ ਖਾਦਾਂ ਦੀ 5 ਕਿਲੋਗ੍ਰਾਮ ਤੱਕ ਦੀ ਛੋਟੀ ਪੈਕਿੰਗ ਅਤੇ 10 ਮੀਟ੍ਰਿਕ ਟਨ ਤੱਕ ਦਾ ਸਟਾਕ ਰੱਖਣ ਵਾਲੇ ਡੀਲਰਾਂ ਨੂੰ ਲਾਇਸੈਂਸਿੰਗ ਨਿਯਮਾਂ ਵਿੱਚ ਛੋਟ ਦੇਣ ਦੀ ਪ੍ਰਵਾਨਗੀ ਦੇ ਦਿੱਤੀ ਗਈ ਹੈ ਅਤੇ ਜਲਦੀ ਹੀ ਇਸ ਨੂੰ ਲਾਗੂ ਕਰ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਨਾਲ ਨਾ ਸਿਰਫ਼ ਸੂਬੇ ਵਿੱਚ ਜੈਵਿਕ ਉਤਪਾਦਾਂ ਦੀ ਵਰਤੋਂ ਵਧੇਗੀ, ਸਗੋਂ ਛੋਟੇ ਵਿਕਰੇਤਾਵਾਂ ਨੂੰ ਕਾਰੋਬਾਰ ਕਰਨ ਵਿੱਚ ਆਸਾਨੀ ਹੋਵੇਗੀ ਅਤੇ ਕਿਸਾਨਾਂ ਨੂੰ ਵੀ ਸਬਸਿਡੀ ਦਾ ਸਿੱਧਾ ਲਾਭ ਮਿਲੇਗਾ।

ਵੱਡਾ ਕਦਮ: ਐਸਟੀਪੀ ਦੇ ਆਲੇ-ਦੁਆਲੇ ਬਦਬੂ ਦੂਰ ਕਰਨ ਲਈ 24 ਪਲਾਂਟਾਂ 'ਤੇ ਲਗਾਏ ਜਾਣਗੇ ਐਕਟੀਵੇਟਿਡ ਕਾਰਬਨ ਸਿਸਟਮ, 3,865.806 ਲੱਖ ਰੁਪਏ ਕੀਤੇ ਜਾਣਗੇ ਖਰਚ : ਰਣਬੀਰ ਗੰਗਵਾ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੀਵਰੇਜ ਟ੍ਰੀਟਮੈਂਟ ਪਲਾਂਟ (ਐਸਟੀਪੀ) ਦੇ ਆਲੇ-ਦੁਆਲੇ ਫੈਲਣ ਵਾਲੀ ਬਦਬੂ ਤੋਂ ਹੁਣ ਲੋਕਾਂ ਅਤੇ ਕਿਸਾਨਾਂ ਨੂੰ ਰਾਹਤ ਦਿਵਾਉਣ ਦੀ ਤਿਆਰੀ ਹੈ। ਹਰਿਆਣਾ ਵਿੱਚ ਟ੍ਰੀਟਿਡ ਵੇਸਟ ਵਾਟਰ ਦੀ ਬਦਬੂ ਘੱਟ ਕਰਨ ਲਈ 24 ਐਸਟੀਪੀ 'ਤੇ ਐਕਟੀਵੇਟਿਡ ਕਾਰਬਨ ਆਧਾਰਿਤ ਸਿਸਟਮ ਲਗਾਏ ਜਾਣਗੇ। ਇਸ 'ਤੇ ਲਗਭਗ 3,865.806 ਲੱਖ ਰੁਪਏ ਖਰਚ ਹੋਣ ਦਾ ਅਨੁਮਾਨ ਹੈ। ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਰਣਬੀਰ ਗੰਗਵਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਐਸਟੀਪੀ ਦੇ ਆਲੇ-ਦੁਆਲੇ ਬਦਬੂ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਲੈਂਦਿਆਂ ਟ੍ਰੀਟਿਡ ਪਾਣੀ ਦੀ ਗੁਣਵੱਤਾ ਵਿੱਚ ਸੁਧਾਰ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ ਅਤੇ ਕਿਸਾਨਾਂ ਦੀਆਂ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਮੰਤਰੀ ਰਣਬੀਰ ਗੰਗਵਾ ਹਰਿਆਣਾ ਸਿਵਲ ਸਕੱਤਰੇਤ ਵਿਖੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੇ ਅਧਿਕਾਰੀਆਂ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ 25 ਕਰੋੜ ਰੁਪਏ ਅਤੇ ਇਸ ਤੋਂ ਵੱਧ ਦੀ ਲਾਗਤ ਵਾਲੀਆਂ ਪ੍ਰਮੁੱਖ ਯੋਜਨਾਵਾਂ ਦੀ ਸਰਕਲਵਾਰ ਸਮੀਖਿਆ ਕੀਤੀ ਗਈ। ਵਿਭਾਗ ਦੀ ਵਧੀਕ ਸਕੱਤਰ ਸ੍ਰੀਮਤੀ ਰੇਣੂ ਸੋਗਨ, ਇੰਜੀਨੀਅਰ-ਇਨ-ਚੀਫ਼ ਸ੍ਰੀ ਦੇਵੇਂਦਰ ਦਹੀਆ ਸਮੇਤ ਸੀਨੀਅਰ ਅਧਿਕਾਰੀ ਮੀਟਿੰਗ ਵਿੱਚ ਨਿੱਜੀ ਤੌਰ 'ਤੇ ਮੌਜੂਦ ਰਹੇ, ਜਦੋਂਕਿ ਸੂਬੇ ਭਰ ਦੇ ਸੁਪਰਡੈਂਟ ਇੰਜੀਨੀਅਰ (ਐਸਈ), ਕਾਰਜਕਾਰੀ ਇੰਜੀਨੀਅਰ (ਐਕਸਈਐਨ) ਅਤੇ ਉਪ ਮੰਡਲ ਇੰਜੀਨੀਅਰ (ਐਸਡੀਓ) ਵੀਡੀਓ ਕਾਨਫਰੰਸਿੰਗ ਰਾਹੀਂ ਜੁੜੇ।

ਮੰਤਰੀ ਗੰਗਵਾ ਨੇ ਕਿਹਾ ਕਿ ਐਸਟੀਪੀ ਦੇ ਆਲੇ-ਦੁਆਲੇ ਬਦਬੂ ਫੈਲਣ ਅਤੇ ਟ੍ਰੀਟਿਡ ਵੇਸਟ ਵਾਟਰ ਦੀ ਗੁਣਵੱਤਾ ਨੂੰ ਲੈ ਕੇ ਕਿਸਾਨਾਂ ਅਤੇ ਸਥਾਨਕ ਲੋਕਾਂ ਦੀਆਂ ਸ਼ਿਕਾਇਤਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਵਿਭਾਗ ਇਹ ਯਕੀਨੀ ਬਣਾਏ ਕਿ ਟ੍ਰੀਟਮੈਂਟ ਤੋਂ ਬਾਅਦ ਪਾਣੀ ਦੀ ਗੁਣਵੱਤਾ ਬਿਹਤਰ ਹੋਵੇ ਅਤੇ ਇਸ ਦੀ ਵਰਤੋਂ ਨਾਲ ਆਲੇ-ਦੁਆਲੇ ਦੇ ਲੋਕਾਂ ਨੂੰ ਕੋਈ ਪਰੇਸ਼ਾਨੀ ਨਾ ਹੋਵੇ। ਉਨ੍ਹਾਂ ਅਧਿਕਾਰੀਆਂ ਨੂੰ ਐਕਟੀਵੇਟਿਡ ਕਾਰਬਨ ਆਧਾਰਿਤ ਪ੍ਰਣਾਲੀ ਨਾਲ ਸਬੰਧਤ ਕੰਮਾਂ ਨੂੰ ਗੰਭੀਰਤਾ ਨਾਲ ਅੱਗੇ ਵਧਾਉਣ ਅਤੇ ਕਿਸਾਨਾਂ ਦੀਆਂ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਇਸ ਕੰਮ ਲਈ ਸੂਬੇ ਵਿੱਚ 25 ਐਸਟੀਪੀ ਚਿੰਨ੍ਹਿਤ ਕੀਤੇ ਗਏ ਹਨ। ਇਨ੍ਹਾਂ ਦੀ ਕੁੱਲ ਟ੍ਰੀਟਮੈਂਟ ਸਮਰੱਥਾ 230.5 ਐਮਐਲਡੀ ਹੈ। ਇਨ੍ਹਾਂ ਐਸਟੀਪੀ ਵਿੱਚ ਰੋਜ਼ਾਨਾ ਲਗਭਗ 171.13 ਐਮਐਲਡੀ ਸੀਵਰੇਜ ਪਹੁੰਚਦਾ ਹੈ। ਇਨ੍ਹਾਂ ਵਿੱਚੋਂ 24 ਐਸਟੀਪੀ ਵਿੱਚ ਐਕਟੀਵੇਟਿਡ ਕਾਰਬਨ ਦੀ ਵਿਵਸਥਾ ਪ੍ਰਸਤਾਵਿਤ ਹੈ। ਇਸ 'ਤੇ ਲਗਭਗ 3,865.806 ਲੱਖ ਰੁਪਏ ਦੀ ਲਾਗਤ ਆਉਣ ਦਾ ਅਨੁਮਾਨ ਹੈ।

ਵਿਭਾਗ ਦੀ ਯੋਜਨਾ ਤਹਿਤ ਅੰਬਾਲਾ ਸਰਕਲ ਦੇ ਛਛਰੌਲੀ, ਪਿੰਜੌਰ ਦੇ ਮਾਣਕਪੁਰ ਅਤੇ ਬਰਾੜਾ ਦੇ ਮੌਜਗੜ੍ਹ ਰੋਡ ਸਥਿਤ ਐਸਟੀਪੀ ਵਿੱਚ ਐਕਟੀਵੇਟਿਡ ਕਾਰਬਨ ਸਿਸਟਮ ਲਗਾਉਣ ਦੀ ਤਿਆਰੀ ਹੈ। ਹਿਸਾਰ ਸਰਕਲ ਵਿੱਚ ਹਿਸਾਰ ਦੇ ਰਿਸ਼ੀ ਨਗਰ, ਰਾਜਗੜ੍ਹ ਰੋਡ, ਕੈਮਰੀ ਰੋਡ ਅਤੇ ਸਾਤਰੋੜ, ਹਾਂਸੀ ਵਿੱਚ ਲਾਲਪੁਰਾ ਰੋਡ, ਭਿਵਾਨੀ ਰੋਡ, ਨਾਰਨੌਂਦ ਵਿੱਚ ਹਾਂਸੀ-ਜੀਂਦ ਰੋਡ, ਜੀਂਦ ਸਰਕਲ ਵਿੱਚ ਹਾਂਸੀ ਰੋਡ, ਪੁਰਾਣਾ ਹਾਂਸੀ ਰੋਡ ਅਤੇ ਨਰਵਾਣਾ ਰੋਡ, ਜੁਲਾਨਾ ਵਿੱਚ ਸੀਐਚਸੀ ਦੇ ਨੇੜੇ ਅਤੇ ਸਫੀਦੋਂ ਦੇ ਪਿੰਡ ਰਾਮਪੁਰਾ ਸਥਿਤ ਐਸਟੀਪੀ ਵੀ ਇਸ ਯੋਜਨਾ ਵਿੱਚ ਸ਼ਾਮਲ ਹਨ।

ਇਸੇ ਤਰ੍ਹਾਂ ਸਿਰਸਾ ਸਰਕਲ ਵਿੱਚ ਫਤਿਹਾਬਾਦ ਦੇ ਖਰਾਤੀ ਖੇੜਾ ਰੋਡ, ਫਤਿਹਾਬਾਦ ਵਿੱਚ ਭੱਟੂ ਰੋਡ, ਭੂਨਾ ਵਿੱਚ ਕੁਲਾਂ ਰੋਡ, ਭਿਵਾਨੀ ਸਰਕਲ ਵਿੱਚ ਭਿਵਾਨੀ ਦੇ ਦਾਦਰੀ ਰੋਡ ਅਤੇ ਧਾਣਾ ਰੋਡ, ਸਿਵਾਨੀ ਵਿੱਚ ਤੋਸ਼ਾਮ ਰੋਡ ਅਤੇ ਲੋਹਾਰੂ ਵਿੱਚ ਸ਼ਮਸ਼ਾਨ ਘਾਟ ਦੇ ਨੇੜੇ ਸਥਿਤ ਐਸਟੀਪੀ 'ਤੇ ਵੀ ਇਹ ਪ੍ਰਣਾਲੀ ਸਥਾਪਤ ਕਰਨ ਦੀ ਤਿਆਰੀ ਹੈ। ਇਨ੍ਹਾਂ ਸਥਾਨਾਂ 'ਤੇ ਐਕਟੀਵੇਟਿਡ ਕਾਰਬਨ ਆਧਾਰਿਤ ਸਿਸਟਮ ਰਾਹੀਂ ਟ੍ਰੀਟਿਡ ਵੇਸਟ ਵਾਟਰ ਦੀ ਬਦਬੂ ਘੱਟ ਕਰਨ ਅਤੇ ਇਸ ਦੀ ਮੁੜ ਵਰਤੋਂ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀਆਂ 25 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੀਆਂ ਪ੍ਰਮੁੱਖ ਯੋਜਨਾਵਾਂ ਦੀ ਸਰਕਲਵਾਰ ਸਮੀਖਿਆ ਕੀਤੀ ਗਈ। ਇਸ ਦੌਰਾਨ ਯੋਜਨਾਵਾਂ ਦੀ ਪ੍ਰਗਤੀ, ਬਜਟ ਦੀ ਵਰਤੋਂ ਅਤੇ ਨਿਰਮਾਣ ਕਾਰਜਾਂ ਦੀ ਗੁਣਵੱਤਾ ਦਾ ਜਾਇਜ਼ਾ ਲਿਆ ਗਿਆ। ਮੰਤਰੀ ਰਣਬੀਰ ਗੰਗਵਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਾਲ-ਨਾਲ ਗੁਣਵੱਤਾ ਨਾਲ ਕਿਸੇ ਵੀ ਪੱਧਰ 'ਤੇ ਸਮਝੌਤਾ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਾਫ਼ ਅਤੇ ਸੁਰੱਖਿਅਤ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਵਿਭਾਗ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਪਾਣੀ ਜੀਵਨ ਦਾ ਆਧਾਰ ਹੈ ਅਤੇ ਭਾਰਤੀ ਪਰੰਪਰਾ ਵਿੱਚ ਵੀ ਇਸ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਇਸ ਲਈ ਵਿਭਾਗ ਦੇ ਉੱਚ ਅਧਿਕਾਰੀ ਸਿਰਫ਼ ਦਫ਼ਤਰਾਂ ਤੱਕ ਸੀਮਤ ਨਾ ਰਹਿਣ, ਸਗੋਂ ਨਿਯਮਿਤ ਤੌਰ 'ਤੇ ਫੀਲਡ ਵਿੱਚ ਜਾ ਕੇ ਪੀਣ ਵਾਲੇ ਪਾਣੀ ਦੀ ਸਪਲਾਈ ਵਿਵਸਥਾ, ਪਾਣੀ ਦੀ ਗੁਣਵੱਤਾ ਅਤੇ ਚੱਲ ਰਹੇ ਵਿਕਾਸ ਕਾਰਜਾਂ ਦਾ ਨਿਰੀਖਣ ਕਰਨ। ਜਿੱਥੇ ਵੀ ਕੋਈ ਕਮੀ ਜਾਂ ਸ਼ਿਕਾਇਤ ਸਾਹਮਣੇ ਆਵੇ, ਉਸ ਦਾ ਤੁਰੰਤ ਹੱਲ ਯਕੀਨੀ ਬਣਾਇਆ ਜਾਵੇ।

ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸਿੰਚਾਈ ਸਮੇਤ ਹੋਰ ਕੰਮਾਂ ਵਿੱਚ ਟ੍ਰੀਟਿਡ ਵੇਸਟ ਵਾਟਰ ਦੀ ਮੁੜ ਵਰਤੋਂ ਵਧਾਉਣ ਲਈ ਇਸ ਦੀ ਗੁਣਵੱਤਾ ਯਕੀਨੀ ਬਣਾਉਣਾ ਜ਼ਰੂਰੀ ਹੈ। ਕਿਸਾਨਾਂ ਨੂੰ ਇਸ ਪਾਣੀ ਦੀ ਵਰਤੋਂ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ। ਐਸਟੀਪੀ ਦੇ ਆਲੇ-ਦੁਆਲੇ ਬਦਬੂ ਦੀ ਸਮੱਸਿਆ ਹੋਵੇ ਜਾਂ ਟ੍ਰੀਟਿਡ ਪਾਣੀ ਦੀ ਗੁਣਵੱਤਾ ਨਾਲ ਸਬੰਧਤ ਸ਼ਿਕਾਇਤ, ਅਧਿਕਾਰੀ ਮੌਕੇ 'ਤੇ ਜਾ ਕੇ ਸਥਿਤੀ ਦਾ ਜਾਇਜ਼ਾ ਲੈਣ ਅਤੇ ਸਮਾਂਬੱਧ ਹੱਲ ਕਰਨ। ਸਰਕਾਰ ਦਾ ਯਤਨ ਹੈ ਕਿ ਸੀਵਰੇਜ ਦੇ ਪਾਣੀ ਦਾ ਬਿਹਤਰ ਟ੍ਰੀਟਮੈਂਟ ਹੋਵੇ ਅਤੇ ਇਸ ਦੀ ਸੁਰੱਖਿਅਤ ਅਤੇ ਲਾਭਦਾਇਕ ਮੁੜ ਵਰਤੋਂ ਯਕੀਨੀ ਬਣਾਈ ਜਾ ਸਕੇ।

ਗੜਿਆਂ ਕਾਰਨ ਨੁਕਸਾਨੀਆਂ ਫ਼ਸਲਾਂ ਦੀ ਗਿਰਦਾਵਰੀ ਸ਼ੁਰੂ

ਰਤੀਆ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਗੜਿਆਂ ਕਾਰਨ ਤਬਾਹ ਹੋਏ ਝੋਨੇ ਦਾ ਕਿਸਾਨਾਂ ਨੂੰ ਪੂਰਾ ਮੁਆਵਜ਼ਾ ਦਿਵਾਉਣ ਅਤੇ ਕਿਸਾਨਾਂ ਦੀਆਂ ਹੋਰ ਮੰਗਾਂ ਮੰਨਵਾਉਣ ਲਈ ਰਤੀਆ ਦੇ ਐਸ ਡੀ ਐਮ ਦਫ਼ਤਰ ਅੱਗੇ ਭਾਰਤੀ ਕਿਸਾਨ ਯੂਨੀਅਨ (ਏਕਤਾ)-ਉਗਰਾਹਾਂ ਅਤੇ ਅਖਿਲ ਭਾਰਤੀ ਕਿਸਾਨ ਸਭਾ ਦੀ ਅਗਵਾਈ ਹੇਠ ਚੱਲ ਰਿਹਾ ਧਰਨਾ ਛੇਵੇਂ ਦਿਨ ਵੀ ਜਾਰੀ ਰਿਹਾ। ਕਿਸਾਨਾਂ ਨੇ ਸਵੇਰੇ 11 ਵਜੇ ਤੋਂ ਦੁਪਹਿਰ 2 ਵਜੇ ਤੱਕ ਧਰਨੇ ਵਿੱਚ ਸ਼ਮੂਲੀਅਤ ਕਰਦਿਆਂ ਸਰਕਾਰ ਅਤੇ ਪ੍ਰਸ਼ਾਸਨ ਵਿਰੁੱਧ ਆਪਣਾ ਰੋਸ ਪ੍ਰਗਟ ਕੀਤਾ। ਹਾਲਾਂਕਿ ਸੰਘਰਸ਼ ਤੋਂ ਬਾਅਦ ਪ੍ਰਭਾਵਿਤ ਖੇਤਰਾਂ ਵਿੱਚ ਫ਼ਸਲਾਂ ਦੀ ਗਿਰਦਾਵਰੀ ਦਾ ਕੰਮ ਸ਼ੁਰੂ ਹੋਣ 'ਤੇ ਜਥੇਬੰਦੀਆਂ ਨੇ ਫਿਲਹਾਲ ਧਰਨਾ ਮੁਲਤਵੀ ਕਰਨ ਦਾ ਫ਼ੈਸਲਾ ਕੀਤਾ ਹੈ। ਇਸ ਦੇ ਨਾਲ ਹੀ ਕਿਸਾਨਾਂ



ਨੇ ਸਪੱਸ਼ਟ ਕੀਤਾ ਕਿ ਗਿਰਦਾਵਰੀ ਸ਼ੁਰੂ ਹੋਣਾ ਸੰਘਰਸ਼ ਦੀ ਅਹਿਮ ਪ੍ਰਾਪਤੀ ਹੈ, ਪਰ ਮੁਆਵਜ਼ੇ ਸਮੇਤ ਕਿਸਾਨਾਂ ਦੀਆਂ ਬਾਕੀ ਮੰਗਾਂ ਪੂਰੀਆਂ ਹੋਣ ਤੱਕ ਉਨ੍ਹਾਂ ਦੀ ਲੜਾਈ ਜਾਰੀ ਰਹੇਗੀ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਅਮਨ ਰਤੀਆ ਨੇ ਕਿਹਾ ਕਿ ਪ੍ਰਭਾਵਿਤ ਕਿਸਾਨਾਂ ਨੂੰ ਉਨ੍ਹਾਂ ਦੇ ਨੁਕਸਾਨ ਅਨੁਸਾਰ ਯੋਗ ਮੁਆਵਜ਼ਾ ਮਿਲਣਾ ਚਾਹੀਦਾ ਹੈ, ਤਾਂ ਜੋ ਉਹ ਅਗਲੀ ਫ਼ਸਲ ਦੀ ਬਿਜਾਈ ਅਤੇ ਘਰੇਲੂ ਖਰਚਿਆਂ ਦਾ ਪ੍ਰਬੰਧ ਕਰ ਸਕਣ। ਅਮਨ ਰਤੀਆ ਨੇ ਕਿਹਾ ਕਿ ਕਿਸਾਨ ਜਥੇਬੰਦੀਆਂ ਵੱਲੋਂ ਲਗਾਤਾਰ ਕੀਤੇ ਜਾ ਰਹੇ ਸੰਘਰਸ਼ ਅਤੇ ਪ੍ਰਸ਼ਾਸਨ 'ਤੇ ਬਣਾਏ ਗਏ ਦਬਾਅ ਦੇ ਸਿੱਟੇ ਵਜੋਂ ਹੁਣ ਪ੍ਰਭਾਵਿਤ ਇਲਾਕਿਆਂ ਵਿੱਚ ਗਿਰਦਾਵਰੀ ਦਾ ਕੰਮ ਸ਼ੁਰੂ ਹੋ ਗਿਆ ਹੈ। ਹੁਣ ਜਦੋਂ ਪ੍ਰਸ਼ਾਸਨ ਨੇ ਗਿਰਦਾਵਰੀ ਸ਼ੁਰੂ ਕਰ ਦਿੱਤੀ ਹੈ ਤਾਂ ਇਸ ਨੂੰ ਧਿਆਨ ਵਿੱਚ ਰੱਖਦਿਆਂ ਫਿਲਹਾਲ ਧਰਨੇ ਨੂੰ ਮੁਲਤਵੀ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਕਿਸਾਨ ਆਗੂ ਨੇ ਐਲਾਨ ਕੀਤਾ ਕਿ ਆਉਣ ਵਾਲੀ 12 ਤਰੀਕ ਨੂੰ ਰਤੀਆ ਦੇ ਐਸ ਡੀ ਐਮ ਦਫ਼ਤਰ ਅੱਗੇ ਕਿਸਾਨਾਂ ਦਾ ਵਿਸ਼ਾਲ ਇਕੱਠ ਕੀਤਾ ਜਾਵੇਗਾ। ਇਸ ਇਕੱਠ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਸ਼ਮੂਲੀਅਤ ਕਰਨਗੇ। ਕਿਸਾਨ ਜਥੇਬੰਦੀਆਂ ਵੱਲੋਂ ਸਰਕਾਰ ਅੱਗੇ ਰੱਖੀਆਂ ਗਈਆਂ ਮੰਗਾਂ ਵਿੱਚ ਸਭ ਤੋਂ ਪਹਿਲੀ ਮੰਗ ਇਹ ਹੈ ਕਿ ਮੁਆਵਜ਼ਾ ਦੇਣ ਲਈ ਲਾਗੂ ਕੀਤੀ ਗਈ ਪੰਜ ਏਕੜ ਤੱਕ ਦੀ ਸ਼ਰਤ ਨੂੰ ਖ਼ਤਮ ਕੀਤਾ ਜਾਵੇ, ਗੜਿਆਂ ਕਾਰਨ ਨੁਕਸਾਨੀ ਫ਼ਸਲ ਦਾ ਮੁਆਵਜ਼ਾ ਤੇ 28 ਕੁਇੰਟਲ ਝੋਨੇ ਦੀ ਖ਼ਰੀਦ ਦੀ ਹੱਦ ਨੂੰ ਵਧਾ ਕੇ 40 ਕੁਇੰਟਲ ਕੀਤਾ ਜਾਵੇ ਤਾਂ ਜੋ ਕਿਸਾਨ ਆਪਣੀ ਪੈਦਾਵਾਰ ਅਨੁਸਾਰ ਪੂਰਾ ਝੋਨਾ ਸਰਕਾਰੀ ਖ਼ਰੀਦ ਕੇਂਦਰਾਂ 'ਤੇ ਵੇਚ ਸਕਣ। ਉਨ੍ਹਾਂ ਕਿਹਾ ਕਿ ਖ਼ਰੀਦ ਦੀ ਮੌਜੂਦਾ ਹੱਦ ਕਾਰਨ ਵੱਧ ਪੈਦਾਵਾਰ ਕਰਨ ਵਾਲੇ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਤੀਜੀ ਮੰਗ ਉਨ੍ਹਾਂ ਕਿਸਾਨਾਂ ਦੀ ਹੈ, ਜਿਨ੍ਹਾਂ ਦੀ ਰਜਿਸਟਰੇਸ਼ਨ ਕਿਸੇ ਕਾਰਨ ਕੱਟ ਦਿੱਤੀ ਗਈ ਹੈ। ਜਥੇਬੰਦੀਆਂ ਨੇ ਮੰਗ ਕੀਤੀ ਹੈ ਕਿ ਅਜਿਹੇ ਸਾਰੇ ਕਿਸਾਨਾਂ ਦੀ ਰਜਿਸਟਰੇਸ਼ਨ ਤੁਰੰਤ ਬਹਾਲ ਕੀਤੀ ਜਾਵੇ, ਤਾਂ ਜੋ ਉਹ ਆਪਣੀ ਫ਼ਸਲ ਵੇਚਣ ਅਤੇ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦਾ ਲਾਭ ਲੈਣ ਤੋਂ ਵਾਂਝੇ ਨਾ ਰਹਿਣ। ਕਿਸਾਨ ਜਥੇਬੰਦੀਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੀਆਂ ਇਨ੍ਹਾਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਛੇਤੀ ਮੰਨਿਆ ਜਾਵੇ।

ਰਤੀਆ ਵਿੱਚ ਕੌਮੀ ਏਕਤਾ ਦਿਵਸ ਮਨਾਇਆ



ਰਤੀਆ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਰਦਾਰ ਵੱਲਭ ਭਾਈ ਪਟੇਲ ਦੇ ਜਨਮ ਦਿਨ ਮੌਕੇ ਕੌਮੀ ਏਕਤਾ ਦਿਵਸ ਮਨਾਇਆ ਗਿਆ। ਇਸ ਮੌਕੇ ਪ੍ਰਸ਼ਾਸਨ ਵੱਲੋਂ 'ਰਨ ਫਾਰ ਯੂਨਿਟੀ' ਮੈਰਾਥਨ ਕਰਵਾਈ ਗਈ, ਜਿਸ ਵਿੱਚ ਮੁਲਾਜ਼ਮਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਐਸ ਡੀ ਐਮ ਸੁਰਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਹੋਏ ਸਮਾਗਮ ਵਿੱਚ ਰਤੀਆ ਦੇ ਵਿਧਾਇਕ ਜਰਨੈਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਧਾਇਕ ਸਰਦਾਰ ਜਰਨੈਲ ਸਿੰਘ ਨੇ ਤਹਿਸੀਲ ਕੰਪਲੈਕਸ ਤੋਂ ਮੈਰਾਥਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਭਾਗੀਦਾਰਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਆਪਸੀ ਭਾਈਚਾਰੇ ਦਾ ਸੰਦੇਸ਼ ਦਿੱਤਾ। ਵਿਧਾਇਕ ਜਰਨੈਲ ਸਿੰਘ ਨੇ ਕਿਹਾ ਕਿ ਸਰਦਾਰ ਵੱਲਭ ਭਾਈ ਪਟੇਲ ਦਾ ਸਮੁੱਚਾ ਜੀਵਨ ਦੇਸ਼ ਸੇਵਾ, ਅਨੁਸ਼ਾਸਨ ਅਤੇ ਰਾਸ਼ਟਰ ਪ੍ਰਤੀ ਸਮਰਪਣ ਦੀ ਮਿਸਾਲ ਹੈ। ਉਹ ਭਾਰਤੀ ਆਜ਼ਾਦੀ ਸੰਗਰਾਮ ਦੇ ਮਹਾਨ ਯੋਧੇ ਹੋਣ ਦੇ ਨਾਲ-ਨਾਲ ਕੌਮੀ ਏਕਤਾ ਦੇ ਮਜ਼ਬੂਤ ਸਮਰਥਕ ਸਨ। ਦੇਸ਼ ਪ੍ਰਤੀ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਕਾਰਨ ਹੀ ਉਨ੍ਹਾਂ ਨੂੰ 'ਲੋਹ ਪੁਰਸ਼' ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਆਜ਼ਾਦੀ ਦੀ ਲਹਿਰ ਦੌਰਾਨ ਵੀ ਸਰਦਾਰ ਪਟੇਲ ਨੇ ਆਮ ਲੋਕਾਂ ਅਤੇ ਕਿਸਾਨਾਂ ਨੂੰ ਇਕਜੁੱਟ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਵਿਧਾਇਕ ਨੇ ਕਿਹਾ ਕਿ ਸਰਦਾਰ ਪਟੇਲ ਦਾ ਮੰਨਣਾ ਸੀ ਕਿ ਕਿਸੇ ਵੀ ਦੇਸ਼ ਦੀ ਅਸਲ ਤਾਕਤ ਉਸ ਦੀ ਏਕਤਾ ਵਿੱਚ ਹੁੰਦੀ ਹੈ।

ਕਿਵੇਂ ਘਟਾਈਏ ਨੁਕਸਾਨਦਾਇਕ ਕੀੜੇ ?

• ਡਾ. ਦੀਪਇੰਦਰਪਾਲ ਸਿੰਘ

ਕੋਈ ਵੀ ਕੀੜਾ ਜਦੋਂ ਸਾਡੇ ਅਰਥਚਾਰੇ ਤੇ ਲਾਭ ਨੂੰ ਪ੍ਰਭਾਵਿਤ ਕਰਦਾ ਹੈ ਤਾਂ ਉਹ ਦੁਸ਼ਮਣ ਕੀੜਾ ਕਹਾਉਂਦਾ ਹੈ। ਜੇ ਇਹ ਕੀੜੇ ਸਿੱਧੇ ਤੌਰ 'ਤੇ ਕਿਸੇ ਬਿਮਾਰੀ ਦੇ ਕੈਰੀਅਰ ਹੋਣ ਜਾਂ ਅਸਿੱਧੇ ਤੌਰ 'ਤੇ ਸਾਡੇ ਪਾਲਤੂ ਜਾਨਵਰਾਂ, ਫ਼ਸਲਾਂ ਤੇ ਲੱਕੜ ਦੇ ਭੰਡਾਰ ਨੂੰ ਪ੍ਰਭਾਵਿਤ ਕਰਦੇ ਹਨ।ਤਾਂ ਇਹ ਬੇਹੱਦ ਨੁਕਸਾਨਦੇਹ ਸਿੱਧ ਹੁੰਦੇ ਹਨ। ਇਹ ਕੀੜੇ ਉਦੋਂ 'ਪੈਸਟ' ਬਣਦੇ ਹਨ ਜਦੋ ਉਹ ਇਕ ਖ਼ਾਸ ਜਗ੍ਹਾ ਰਹਿਣ ਵਾਲੀਆਂ ਜਾਤੀਆਂ ਨੂੰ ਉੱਥੋਂ ਖਦੇੜ ਦਿੰਦੇ ਹਨ। ਉਦਾਹਰਣ ਦੇ ਤੌਰ 'ਤੇ ਵਸਨੀਕ ਕੀੜੇ ਆਪਣੀ ਹੀ ਜਗਾ ਦੇ ਪੱਕੇ ਪੌਦਿਆਂ 'ਤੇ ਸ਼ਹਿਦ ਦੀਆਂ ਮੱਖੀਆਂ ਦੇ ਮੁਕਾਬਲੇ ਵਧੀਆ ਪਰਾਗਣ ਕਿਰਿਆ ਕਰਦੇ ਹਨ ਜਦਕਿ ਇਨ੍ਹਾਂ ਦੇ ਖ਼ਾਤਮੇ ਬੀਜਾਂ ਦੀ ਉਤਪਤੀ ਘਟ ਜਾਂਦੀ ਹੈ ਤੇ ਫ਼ਸਲੀ ਪੈਦਾਵਾਰ 'ਚ ਗਿਰਾਵਟ ਦੇ ਆਸਾਰ ਪੈਦਾ ਹੋ ਜਾਂਦੇ ਹਨ।

ਬਾਹਰੀ ਕੀੜੇ ਮੂਲ ਕੀੜਿਆਂ ਲਈ ਖ਼ਤਰਾ

ਕੁਝ ਬਾਹਰੋਂ ਆਈਆ ਤੇ ਸੁਭਾਅ ਪੱਖੋਂ ਤੇਜ਼ ਕੀੜੀਆਂ, ਜਿਵੇਂ ਵੱਡੇ ਸਿਰ ਵਾਲੀ ਕੀੜੀ (ਫੀਲੀਐਲ ਮੈਗਸੀਫੈਲਾ) ਤੇ ਅਰਜਨਟਾਈਨ ਕੀੜੀ (ਲਾਈਨੇਪੀਥੈਮਾ ਹਿਊਮਾਈਲ) ਨੇ ਬਰਮੂਡਾ ਤੇ ਹਵਾਈ ਇਲਾਕੇ ਦੇ ਵਸਨੀਕ ਕੀੜਿਆਂ ਨੂੰ ਉੱਥੋਂ ਖਦੇੜ ਦਿੱਤਾ ਤੇ ਉਨ੍ਹਾਂ ਦੀਆਂ ਜਾਤੀਆਂ ਲਈ ਖ਼ਤਰਾ ਪੈਦਾ ਕਰ ਦਿੱਤਾ ਹੈ। ਸਾਡੇ ਲਈ ਇਹ ਜਾਨਣਾ ਬੇਹੱਦ ਜ਼ਰੂਰੀ ਹੈ ਕੀੜਾ 'ਪੈਸਟ' ਕਿਵੇਂ ਬਣਦਾ ਹੈ ਤੇ ਕਿਸ ਤਰ੍ਹਾਂ ਫ਼ਸਲਾਂ ਅਤੇ ਅਰਥਚਾਰੇ ਦਾ ਨੁਕਸਾਨ ਕਰਦਾ ਹੈ ? ਇਸ ਤੋਂ ਇਲਾਵਾ ਕੀੜੇਮਾਰ ਦਵਾਈਆਂ ਦੇ ਪ੍ਰਭਾਵ ਤੇ ਕੀੜੇ ਦੇ ਇਨ੍ਹਾਂ ਦਵਾਈਆਂ ਪ੍ਰਤੀ ਅਵਰੋਧ ਬਾਰੇ ਜਾਨਣਾ ਵੀ ਲਾਜ਼ਮੀ ਹੈ। ਕਈ ਵਾਰ ਬਹੁਤ ਥੋੜ੍ਹੇ ਦੁਸ਼ਮਣ ਕੀੜੇ ਵੀ ਬਹੁਤ ਜ਼ਿਆਦਾ ਨੁਕਸਾਨ ਕਰ ਦਿੰਦੇ ਹਨ। ਜਿਵੇਂ, ਫਲਾਂ ਨੂੰ ਕੋਡਲਿੰਗ ਪਤੰਗਾ ਤੇ ਫਲਾਂ ਦੀ ਮੱਖੀ (ਡਰੋਸੋਫਿਲਾ) ਭਾਰੀ ਨੁਕਸਾਨ ਪਹੁੰਚਾਉਂਦੇ ਹਨ। ਮਾਰਕੀਟ 'ਚ ਮੁਕਾਬਲੇ ਦੀ ਸਥਿਤੀ ਹੋਣ ਕਰਕੇ ਹੁਣ ਮਿਆਰੀ ਭੋਜਨ ਤੇ ਹੋਰਨਾਂ ਪਦਾਰਥਾਂ ਦਾ ਰੁਝਾਨ ਵਧ ਗਿਆ ਹੈ। ਇਸ ਲਈ ਸਾਨੂੰ ਦੁਸ਼ਮਣ ਕੀੜਿਆਂ ਦੀ ਹੋਂਦ ਸਿਰਫ਼ ਬਾਇਲੋਜੀਕਲ ਨਾ ਸੋਚ ਕੇ ਇਕੋਨੋਮੀਕਲੀ ਵੀ ਸੋਚਣਾ ਪਵੇਗਾ ਕਿ ਉਹ ਕਿਸ ਤਰ੍ਹਾਂ ਸਾਨੂੰ ਵਿੱਤੀ ਨੁਕਸਾਨ ਪਹੁੰਚਾਉਂਦੇ ਹਨ।

ਕੀੜਿਆਂ ਦੀ ਫ਼ਸਲਾਂ ਤਕ ਪਹੁੰਚ ਹੋਈ ਆਸਾਨ

ਕਿਸੇ ਵੀ ਕੀੜੇ ਦੇ 'ਕੀਟ' ਬਣਨ ਪਿੱਛੇ ਕਈ ਕਾਰਨ ਹੋ ਸਕਦੇ ਹਨ। ਪਹਿਲਾ ਕਾਰਨ ਇਹ ਹੈ ਕਿ ਕਿਸੇ ਵੀ ਕੀੜੇ ਦਾ ਗ਼ਲਤੀ ਨਾਲ ਜਾਂ ਜਾਣ ਬੁਝ ਕੇ ਆਪਣੀ ਅਸਲੀ ਤੈਅ ਸੀਮਾ ਤੋਂ ਬਾਹਰ ਜਾਣਾ, ਜਿੱਥੇ ਉਹ ਆਪਣੇ ਕੁਦਰਤੀ ਦੁਸ਼ਮਣ ਕੀੜਿਆਂ ਤੋਂ ਬਚ ਜਾਂਦੇ ਹਨ ਜਾਂ ਉਨ੍ਹਾਂ ਦੀ ਪਹੁੰਚ ਤੋਂ ਬਾਹਰ ਹੋ ਜਾਂਦੇ ਹਨ। ਦੂਸਰਾ, ਜਦੋਂ ਕੀਟ ਆਪਣੇ ਪੱਕੇ ਬੂਟੇ ਨੂੰ ਛੱਡ ਕੇ ਦੂਸਰੇ ਪੌਦੇ, ਜੋ ਉਸ ਜਗ੍ਹਾ ਵਾਸਤੇ ਨਵੇਂ ਹੁੰਦੇ ਹਨ, ਉਸ ਉੱਪਰ ਚਲੇ ਜਾਂਦੇ ਹਨ। ਇਹ ਕੰਮ ਉਹ ਕੀੜੇ ਕਰਦੇ ਹਨ ਜੋ ਇਕ ਤੋਂ ਵੱਧ ਪੌਦਿਆਂ 'ਤੇ ਆਪਣਾ ਨਿਰਵਾਹ ਕਰਦੇ ਹਨ, ਜਿਵੇਂ ਕਿ 'ਆਲੂ ਖਪੜਾ' (ਉਲੀਗੋਫੈਗਸ ਕਲੋਰੋਡੋ) ਆਪਣੇ ਪੱਕੇ ਬੂਟਿਆਂ ਤੋਂ ਆਲੂ 'ਤੇ ਚਲੇ ਗਈ ਹੈ ਤੇ ਇਕ ਤੋਂ ਵੱਧ ਪੌਦਿਆਂ 'ਤੇ ਰਹਿਣ ਜਾਂ ਉਨ੍ਹਾਂ ਨੂੰ ਖਾਣ ਵਾਲੇ ਕੀੜੇ, ਜਿਵੇਂ ਹੈਲੀਕੋਵਰਪਾ ਤੇ ਹੈਲੀਓਥਸ ਅੱਜ ਕਪਾਹ ਤੇ ਦੂਸਰੀਆਂ ਫ਼ਸਲਾਂ ਦੇ ਭਿਆਨਕ ਕੀੜੇ ਬਣ ਗਏ ਹਨ। ਤੀਜਾ ਕਾਰਨ ਇਕੱਲੀ ਫ਼ਸਲ 'ਤੇ ਬਹੁਤ ਸਾਰੀਆਂ ਫ਼ਸਲਾਂ ਨੂੰ ਸਾਂਝੇ ਤੌਰ 'ਤੇ ਬੀਜਣਾ ਹੈ। ਪਹਿਲਾਂ ਫ਼ਸਲਾਂ ਨੂੰ ਸਾਂਝੇ ਤੌਰ 'ਤੇ ਲਗਾਇਆ ਜਾਂਦਾ ਸੀ ਤੇ ਕੀੜੇ ਨੂੰ ਇਕ ਫ਼ਸਲ ਤੋਂ ਦੂਸਰੀ ਉਸੇ ਫ਼ਸਲ ਤਕ ਜਾਣ ਲਈ ਕਾਫੀ ਦੂਰੀ ਤੈਅ ਕਰਨੀ ਪੈਂਦੀ ਸੀ, ਜਿਸ ਨਾਲ ਵਿਚ-ਵਿਚਾਲੇ ਹੀ ਉਨ੍ਹਾਂ ਨੂੰ ਫ਼ਸਲਾਂ ਦੇ ਮਿੱਤਰ ਕੀੜੇ ਖਾ ਜਾਂਦੇ ਸਨ। ਹੁਣ ਜ਼ਮਾਨਾ ਇੱਕਲੀ ਜਾਂ ਇੱਕੋ ਫ਼ਸਲ ਬੀਜਣ ਦਾ ਆ ਗਿਆ ਹੈ, ਜਿਸ ਕਰਕੇ ਕੀੜੇ ਨੂੰ ਇਕ ਬੂਟੇ ਤੋਂ ਦੂਜੇ ਬੂਟੇ ਤਕ ਜਾਂ ਇਕ ਖੇਤ ਤੋਂ ਦੂਸਰੇ ਖੇਤ ਤਕ ਜਾਣ ਲਈ ਕੋਈ ਮੁਸ਼ਕਿਲ ਨਹੀਂ ਆਉਂਦੀ। ਜਿਸ ਕਾਰਨ ਕੀੜਿਆਂ ਦੀ ਗਿਣਤੀ ਵਧ ਜਾਂਦੀ ਹੈ ਤੇ ਉਹ ਕੀਟ ਦਾ ਰੂਪ ਧਾਰਨ ਕਰ ਲੈਂਦੇ ਹਨ।

ਰਸਾਇਣਾਂ ਦੇ ਮਾੜੇ ਪ੍ਰਭਾਵ

ਕੀੜੇਮਾਰ ਰਸਾਇਣਕ ਦਵਾਈਆਂ ਦਾ ਉਤਪਾਦਨ ਦੂਸਰੇ ਵਿਸ਼ਵ ਯੁੱਧ ਵੇਲੇ ਹੋਇਆ। ਉਸ ਵੇਲੇ ਇਹ ਦਵਾਈਆਂ ਦਮਦਾਰ ਤੇ ਸਸਤੀਆਂ ਸਨ। ਕਿਸਾਨਾਂ ਲਈ ਕੀੜਿਆਂ ਨੂੰ ਕੰਟਰੋਲ ਕਰਨ ਦਾ ਇਹ ਸਸਤਾ ਤੇ ਵਧੀਆ ਸਾਧਨ ਸੀ। ਜਿਸ ਨੂੰ ਜਲਦ ਹੀ ਘਰੇਲੂ ਰਸਾਇਣਕ, ਕਲਚਰਲ ਤੇ ਬਾਇਲੋਜੀਕਲ ਕੰਟਰੋਲ ਨੇ ਬਦਲ ਕੇ ਰੱਖ ਦਿੱਤਾ॥1950-60 ਦੇ ਦਹਾਕੇ ਸਮੇਂ ਇਨ੍ਹਾਂ ਕੀੜੇਮਾਰ ਦਵਾਈਆਂ ਦੀ ਭਰਮਾਰ ਸੀ ਤੇ ਇਨ੍ਹਾਂ ਦਾ ਇਸਤੇਮਾਲ ਵਧਦਾ ਗਿਆ। ਅੱਜ ਕਿਸਾਨ ਕੋਲ ਨੁਕਸਾਨਦੇਹ ਕੀੜਿਆਂ 'ਤੇ ਕਾਬੂ ਪਾਉਣ ਦਾ ਇਹ ਇਕੋ ਹੀ ਤਰੀਕਾ ਰਹਿ ਗਿਆ ਹੈ। ਇਸ 'ਚ ਕੋਈ ਸ਼ੱਕ ਨਹੀਂ ਕਿ ਇਨ੍ਹਾਂ ਦਵਾਈਆਂ ਨੇ ਕੀੜੇ ਦੀ ਆਮਦ ਨੂੰ ਬਹੁਤ ਹੱਦ ਤਕ ਘਟਾਇਆ ਹੈ ਪਰ ਇਸ ਦੇ ਬੁਰੇ ਪ੍ਰਭਾਵ ਵੀ ਪਏ ਹਨ। ਕੁਦਰਤੀ ਪੋਲੀਨੇਟਰਜ਼ ਤੇ ਮਿੱਤਰ ਕੀੜਿਆਂ ਦਾ ਵੀ ਇਨ੍ਹਾਂ ਦਵਾਈਆਂ ਨਾਲ ਖਾਤਮਾ ਹੋ ਰਿਹਾ ਹੈ। ਨਤੀਜੇ ਵਜੋਂ ਦੁਸ਼ਮਣ ਕੀੜਿਆਂ ਦੀ ਗਿਣਤੀ ਵਧ ਗਈ ਹੈ। ਜੇ ਇਨ੍ਹਾਂ ਕੀੜਿਆਂ ਦੇ ਕੁਦਰਤੀ ਦੁਸ਼ਮਣ ਕੀੜੇ ਬਹੁਤ ਹੌਲੀ ਦਰ ਨਾਲ ਵਧਦੇ ਹਨ ਤਾਂ ਫ਼ਸਲਾਂ ਦੇ ਦੁਸ਼ਮਣ ਕੀੜੇ ਏਨੇ ਵਧ ਜਾਣਗੇ ਕਿ ਇਨ੍ਹਾਂ ਨਾਲ ਰਸਾਇਣਿਕ ਵਿਧੀ ਨਾਲ ਨਜਿੱਠਣਾ ਵੀ ਔਖਾ ਹੋ ਜਾਵੇਗਾ। ਇਸ ਤੋਂ ਇਲਾਵਾ ਇਨ੍ਹਾਂ ਰਸਾਇਣਕ ਦਵਾਈਆਂ ਦਾ ਵਾਤਾਵਰਨ ਤੇ ਮਨੁੱਖੀ ਸਿਹਤ 'ਤੇ ਵੀ ਬੁਰਾ ਪ੍ਰਭਾਵ ਪੈਂਦਾ ਹੈ। ਇਨ੍ਹਾਂ ਦਵਾਈਆਂ ਕਾਰਨ ਧਰਤੀ ਦੀ ਉਪਜਾਊ ਸ਼ਕਤੀ ਘਟ ਰਹੀ ਹੈ ਤੇ ਪਾਣੀ ਦੇ ਸਰੋਤਾਂ 'ਤੇ ਵੀ ਮਾੜਾ ਅਸਰ ਪੈ ਰਿਹਾ ਹੈ। ਕੀਟਨਾਸ਼ਕਾਂ ਕਾਰਨ ਵਾਲ ਝੜਨ, ਕੈਂਸਰ, ਅੱਖਾਂ ਦਾ ਖ਼ਰਾਬ ਹੋਣਾ, ਚਮੜੀ ਰੋਗ, ਸਾਹ ਦੀਆਂ ਬੀਮਾਰੀਆਂ ਮੁੱਖ ਤੌਰ 'ਤੇ ਉੱਭਰ ਕੇ ਸਾਹਮਣੇ ਆਈਆਂ ਹਨ।


ਸਮੂਹਿਕ ਪ੍ਰਬੰਧ ਵਿਧੀ

ਨੁਕਸਾਨਦਾਇਕ ਕੀੜੇ ਘਟਾਉਣ ਦੇ ਸਮੂਹਿਕ ਪ੍ਰਬੰਧ ਦੀ ਵਿਧੀ ਪਹਿਲੀ ਵਾਰ 1960 ਵਿਚ ਪ੍ਰਮੋਟ ਹੋਈ ਸੀ, ਜਦੋਂ ਰਸਾਇਣਕ ਕੀੜੇਮਾਰ ਦਵਾਈਆਂ ਫੇਲ੍ਹ ਹੋ ਗਈਆਂ ਸਨ। ਖ਼ਾਸ ਕਰਕੇ ਕਪਾਹ ਦੀ ਫ਼ਸਲ ਉੱਤੇ 12 ਵਾਰ ਇਨ੍ਹਾਂ ਦਵਾਈਆਂ ਦਾ ਛੜਕਾਅ ਕਰਨ ਦੀ ਲੋੜ ਪੈ ਰਹੀ ਸੀ। ਜਿਸ ਕਰਕੇ ਇਹ ਦਵਾਈਆਂ ਫੇਲ੍ਹ ਹੋ ਗਈਆਂ ਸਨ। ਇਸ ਵਿਧੀ ਦਾ ਮੁੱਖ ਕਾਰਜ ਫ਼ਸਲ ਦੇ ਹੋ ਰਹੇ ਨੁਕਸਾਨ ਤੇ ਅਰਥਚਾਰੇ ਨੂੰ ਵੱਜ ਰਹੇ ਧੱਕੇ ਦੀ ਹੱਦ ਨੂੰ ਘਟਾਉਣ ਦੇ ਨਾਲ-ਨਾਲ ਇਨ੍ਹਾਂ ਰਸਾਇਣਾਂ ਦੇ ਮਿੱਤਰ ਕੀੜਿਆਂ ਤੇ ਵਾਤਾਵਰਨ ਉੱਪਰ ਪੈ ਰਹੇ ਮਾੜੇ ਪ੍ਰਭਾਵ ਦਾ ਘੱਟ ਕਰਨਾ ਹੈ। ਇਕੋਨੋਮਿਕ ਤੇ ਵਾਤਾਵਰਨ ਨੂੰ ਫ਼ਾਇਦੇ ਦੇ ਬਾਵਜੂਦ ਇਸ ਨੂੰ ਲਾਗੂ ਕਰਨ ਦਾ ਕੰਮ ਬਹੁਤ ਹੌਲੀ ਚੱਲ ਰਿਹਾ ਹੈ। ਇਸ ਦੇ ਮੁੱਖ ਕਾਰਨ ਹਨ : ਕੀਟ ਤੇ ਕੁਦਰਤੀ ਦੁਸ਼ਮਣਾਂ ਦੇ ਜੀਵਨ ਚੱਕਰ ਤੇ ਰਹਿਣ-ਸਹਿਣ ਦੀ ਜਾਣਕਾਰੀ ਦੀ ਘਾਟ, ਹਰੇਕ ਕੀਟ ਦੁਆਰਾ ਫ਼ਸਲ ਨੂੰ ਪਹੁੰਚਾਏ ਜਾਂਦੇ ਨੁਕਸਾਨ ਤੇ ਵਿੱਤੀ ਘਾਟੇ ਦੀ ਜਾਣਕਾਰੀ ਨਾ ਹੋਣ, ਉਕਤ ਜਾਣਕਾਰੀ ਲਈ ਖੋਜ ਦੇ ਖੇਤਰਾਂ 'ਚ ਪਰਪੱਕਤਾ ਨਾ ਹੋਣਾ ਤੇ ਕਿਸਾਨ, ਖੇਤੀਬਾੜੀ ਅਫਸਰਾਂ ਤੇ ਜੰਗਲਾਤ ਮਹਿਕਮੇ ਦੇ ਕਰਮਚਾਰੀਆਂ ਨੂੰ ਸਿਖਲਾਈ ਦੀ ਘਾਟ।


ਬਾਇਲੋਜੀਕਲ ਕੰਟਰੋਲ ਮਨੁੱਖ ਦੁਆਰਾ ਵਿਕਸਿਤ ਕੀਤੀ ਤਕਨੀਕ ਹੈ। ਇਸ ਵਿਚ ਕਿਸੇ ਵੀ ਕੀਟ ਦੇ ਕੁਦਰਤੀ ਦੁਸ਼ਮਣ ਨੂੰ ਉਸ ਉੱਪਰ ਛੱਡਿਆ ਜਾਂਦਾ ਹੈ ਤਾਂ ਕਿ ਕੀਟ ਨੂੰ ਕੁਝ ਹੱਦ ਤਕ ਖ਼ਤਮ ਕੀਤਾ ਜਾ ਸਕੇ ਪਰ ਇਹ ਤਕਨੀਕ ਸਾਡੇ ਅਰਥਚਾਰੇ ਨੂੰ ਉੱਚਾ ਚੁੱਕਣ 'ਚ ਬਹੁਤੀ ਸਹਾਈ ਸਿੱਧ ਨਹੀਂ ਹੋਈ, ਫਿਰ ਵੀ ਇਹ ਨੁਕਸਾਨ ਦੀ ਹੱਦ ਤਕ ਪਹੁੰਚਣ ਤੋਂ ਪਹਿਲਾਂ ਦੁਸ਼ਮਣ ਕੀੜੇ ਨੂੰ ਖ਼ਤਮ ਕਰ ਦਿੰਦੀ ਹੈ। ਹੁਣ ਤਕ ਬਹੁਤ ਸਾਰੀਆਂ ਬਾਇਲੋਜੀਕਲ ਵਿਧੀਆਂ ਪਛਾਣੀਆਂ ਜਾ ਚੁੱਕੀਆਂ ਹਨ ਪਰ ਇਨ੍ਹਾਂ ਦੀਆਂ ਪਰਿਭਾਸ਼ਾਵਾਂ ਅਲੱਗ ਹਨ ਜੋ ਅੱਜ ਵੀ ਸਮਝ ਨਹੀਂ ਆ ਰਹੀਆਂ। ਇਕ ਹੈ 'ਕਲਾਸੀਕਲ ਬਾਇਲੋਜੀਕਲ ਰੋਕਥਾਮ' ਜਿਸ ਦਾ ਮਤਲਬ ਹੈ ਨਵੇਂ ਕੁਦਰਤੀ ਦੁਸ਼ਮਣਾਂ ਨੂੰ ਵਿਕਸਿਤ ਕਰਨਾ, ਤਾਂ ਕਿ ਦੁਸ਼ਮਣ ਕੀੜੇ ਨੂੰ ਨਿਸ਼ਾਨਾ ਬਣਾਇਆ ਜਾ ਸਕੇ। ਇਹ ਵਿਧੀ ਉਨ੍ਹਾਂ ਦੁਸ਼ਮਣ ਕੀੜਿਆਂ ਵਾਸਤੇ ਲਾਭਦਾਇਕ ਹੈ ਜਿਹੜੇ ਆਪਣੀ ਜਗ੍ਹਾ ਛੱਡ ਕੇ ਆਪਣੀ ਸੀਮਾ ਤੋਂ ਬਾਹਰ ਦੂਸਰੀ ਜਗ੍ਹਾ 'ਤੇ ਚਲੇ ਜਾਂਦੇ ਹਨ। ਕੀੜਿਆਂ ਤੋਂ ਬਚਾਅ ਲਈ ਕਿਸਾਨਾਂ ਨੂੰ ਬਾਕਾਇਦਾ ਜਾਣਕਾਰੀ ਤੇ ਤਜਰਬਾ ਹੋਣਾ ਚਾਹੀਦਾ ਹੈ ਕਿ ਕਿਸ ਤਰ੍ਹਾਂ ਘੱਟ ਖ਼ਰਚੇ ਨਾਲ ਫ਼ਸਲ ਨੂੰ ਨੁਕਸਾਨ ਤੋਂ ਬਚਾਇਆ ਜਾ ਸਕਦਾ ਹੈ। • ਮੋਬਾਈਲ 80540-33569

ਵਿਹਲ ਨੂੰ ਹਾੜੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਲਈ ਵਰਤੋ

• ਡਾ. ਰਣਜੀਤ ਸਿੰਘ



ਮੌਸਮ ਬੇਭਰੋਸਗੀ ਵਾਲਾ ਚੱਲ ਰਿਹਾ ਹੈ। ਇਸ ਕਰਕੇ ਮੀਂਹ ਦਾ ਹਰ ਵੇਲੇ ਡਰ ਬਣਿਆ ਰਹਿੰਦਾ ਹੈ। ਕਿਸਾਨ ਮੌਸਮ ਬਾਰੇ ਭਵਿੱਖਬਾਣੀ ਜ਼ਰੂਰ ਪੜ੍ਹਿਆ ਕਰਨ ਤੇ ਉਸ ਅਨੁਸਾਰ ਆਪਣੀਆਂ ਫ਼ਸਲਾਂ ਦਾ ਪ੍ਰਬੰਧ ਕਰਨ । ਹੁਣ ਮੌਸਮ ਵਿੱਚ ਬਦਲਾਅ ਆਉਣ ਦਾ ਸਮਾਂ ਆ ਗਿਆ ਹੈ। ਕਿਸਾਨਾਂ ਕੋਲ ਇਨ੍ਹਾਂ ਦਿਨਾਂ ਵਿੱਚ ਕੁਝ ਵਿਹਲ ਹੁੰਦੀ ਹੈ । ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਕਰਕੇ ਇਸ ਵਿਹਲ ਦੀ ਵਰਤੋਂ ਹਾੜ੍ਹੀ ਦੀਆਂ ਫ਼ਸਲਾਂ ਦੀ ਵਿਉਂਤਬੰਦੀ ਕਰਨ ਲਈ ਕਰਨੀ ਚਾਹੀਦੀ ਹੈ।



ਮੌਸਮੀ ਤਬਦੀਲੀਆਂ ਅਤੇ ਮੰਡੀ ਦੀਆਂ ਮੁਸ਼ਕਿਲਾਂ ਨੂੰ ਦੇਖਦਿਆਂ ਹੋਇਆਂ ਕੇਵਲ ਇਕ ਹੀ ਫ਼ਸਲ ਦੀ ਬਿਜਾਈ ਨਾ ਕੀਤੀ ਜਾ ?ਵੇ ਸਗੋਂ ਫ਼ਸਲਾਂ ਵਿੱਚ ਕੁਝ ਵਖਰੇਵਾਂ ਕੀਤਾ ਜਾਵੇ। ਕਣਕ ਦੇ ਨਾਲ- ਨਾਲ ਕੁਝ ਰਕਬੇ ਵਿੱਚ ਸਬਜ਼ੀਆਂ, ਹਰਾ ਚਾਰਾ, ਦਾਲਾਂ ਤੇ ਤੇਲ ਬੀਜਾਂ ਦੀ ਵੀ ਕਾਸ਼ਤ ਕੀਤੀ ਜਾਵੇ। ਇਸ ਦੇ ਨਾਲ ਹੀ ਫ਼ਸਲਾਂ ਦੀਆਂ ਬੀਜਣ ਵਾਲੀਆਂ ਕਿਸਮਾਂ ਦਾ ਫ਼ੈਸਲਾ ਵੀ ਹੁਣ ਕਰ ਲੈਣਾ ਚਾਹੀਦਾ ਹੈ। ਇੰਜ ਤੁਹਾਨੂੰ ਪਤਾ ਲੱਗ ਜਾਵੇਗਾ ਕਿ ਤੁਸੀਂ ਕਿਹੜੀ ਫ਼ਸਲ ਹੇਠ ਕਿੰਨਾ ਰਕਬਾ ਬੀਜਣਾ ਹੈ। ਉਸ ਅਨੁਸਾਰ ਬੀਜ ਤੇ ਖਾਦ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ। ਫ਼ਸਲਾਂ ਦੀਆਂ ਪੰਜਾਬ ਵਿੱਚ ਕਾਸ਼ਤ ਲਈ ਸਿਫ਼ਾਰਿਸ਼ ਕੀਤੀਆਂ ਕਿਸਮਾਂ ਹੀ ਬੀਜੀਆਂ ਜਾਣ। ਦੁਕਾਨਦਾਰਾਂ ਦੇ ਆਖੇ ਲੱਗ ਗ਼ੈਰ ਪ੍ਰਮਾਣਿਤ ਕਿਸਮਾਂ ਬੀਜਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਸਾਰੀਆਂ ਕਿਸਮਾਂ ਦੀ ਪੂਰੀ ਤਰ੍ਹਾਂ ਪਰਖ਼ ਕਰਕੇ ਹੀ ਕਾਸ਼ਤ ਲਈ ਉਨ੍ਹਾਂ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ।

ਜੇ ਫ਼ਲਦਾਰ ਬੂਟੇ ਨਹੀਂ ਲਾਏ ਤਾਂ ਇਹ ਅਜੇ ਵੀ ਲਾਏ ਜਾ ਸਕਦੇ ਹਨ। ਸਦਾ ਬਹਾਰ ਬੂਟਿਆਂ ਵਿੱਚ ਕਿੰਨੂੰ, ਅੰਬ, ਲੀਚੀ, ਅਮਰੂਦ, ਬੇਰ, ਨਿੰਬੂ, ਆਂਵਲਾ ਪ੍ਰਮੁੱਖ ਹਨ। ਆਪਣੀ ਬੰਬੀ ਲਾਗੇ ਦੋ ਚਾਰ ਫ਼ਲਾਂ ਦੇ ਬੂਟੇ ਜ਼ਰੂਰ ਲਾਏ ਜਾਣ।

ਇਸ ਵਾਰ ਲੁਧਿਆਣਾ ਕਿਸਾਨ ਮੇਲਾ 22-23 ਸਤੰਬਰ ਨੂੰ ਹੋ ਰਿਹਾ ਹੈ। ਤੁਹਾਨੂੰ ਪਰਿਵਾਰਾਂ ਸਮੇਤ ਇਨ੍ਹਾਂ ਮੇਲਿਆਂ ਵਿੱਚ ਜਾਣਾ ਚਾਹੀਦਾ ਹੈ। ਆਪਣੀਆਂ ਸਮੱਸਿਆਵਾਂ ਨੂੰ ਨਾਲ ਲੈ ਕੇ ਜਾਵੋ ਤੇ ਮਾਹਿਰਾਂ ਨਾਲ ਇਨ੍ਹਾਂ ਬਾਰੇ ਵਿਚਾਰ ਵਟਾਂਦਰਾ ਕਰੋ।

ਵੇਲੇ ਸਿਰ ਬੀਜੀਆਂ ਸਾਉਣੀ ਦੀਆਂ ਫ਼ਸਲਾਂ ਇਸ ਮਹੀਨੇ ਪੱਕਣ ਲੱਗਦੀਆਂ ਹਨ। ਜੇਕਰ ਮੀਂਹ ਨਹੀਂ ਪਿਆ ਤਾਂ ਫ਼ਸਲ ਨੂੰ ਆਖ਼ਰੀ ਪਾਣੀ ਕਟਾਈ ਤੋਂ ਕਰੀਬ 15 ਦਿਨ ਪਹਿਲਾਂ ਦੇ ਦੇਣਾ ਚਾਹੀਦਾ ਹੈ। ਫ਼ਸਲਾਂ ਦੀ ਕਟਾਈ ਤੇ ਗਹਾਈ ਸਮੇਂ ਸਿਰ ਕਰੋ ਤਾਂ ਜੋ ਇਨ੍ਹਾਂ ਦਾ ਨੁਕਸਾਨ ਨਾ ਹੋ ਸਕੇ। ਅਸੀਂ ਪਿਛਲੇ ਹਫ਼ਤੇ ਵੀ ਦੱਸਿਆ ਸੀ ਕਿ ਜੇ ਕੋਈ ਖੇਤ ਵਿਹਲਾ ਹੈ ਤਾਂ ਉਥੇ ਤੋਰੀਆ ਬੀਜਿਆ ਜਾ ਸਕਦਾ ਹੈ। ਸਾਡੇ ਦੇਸ਼ ਵਿੱਚ ਤੇਲ ਬੀਜਾਂ ਦੀ ਬਹੁਤ ਘਾਟ ਹੈ। ਇਸ ਕਰਕੇ ਇਨ੍ਹਾਂ ਦੀ ਵਿਕਰੀ ਵਿੱਚ ਵੀ ਕੋਈ ਪ੍ਰੇਸ਼ਾਨੀ ਨਹੀਂ ਆਉਂਦੀ। ਤੋਰੀਆ ਕੇਵਲ ਤਿੰਨ ਮਹੀਨਿਆਂ ਦੀ ਫ਼ਸਲ ਹੈ ਤੇ ਇਕ ਏਕੜ ਵਿੱਚੋਂ ਪੰਜ ਕੁਇੰਟਲ ਤੋਂ ਵੱਧ ਝਾੜ ਪ੍ਰਾਪਤ ਹੋ ਜਾਂਦਾ ਹੈ। ਇਸ ਪਿੱਛੋਂ ਖੇਤ ਵਿੱਚ ਪਿਆਜ਼, ਆਲੂ ਜਾਂ ਸੂਰਜਮੁਖੀ ਦੀ ਕਾਸ਼ਤ ਕੀਤੀ ਜਾ ਸਕਦੀ ਹੈ। ਇਸ ਵਿੱਚ ਗੋਭੀ ਸਰ੍ਹੋਂ ਨੂੰ ਰਲਾ ਕੇ ਵੀ ਬੀਜਿਆ ਜਾ ਸਕਦਾ ਹੈ। ਤੋਰੀਆ ਦਸੰਬਰ ਵਿੱਚ ਕੱਟ ਲਿਆ ਜਾਂਦਾ ਹੈ ਜਦੋਂ ਕਿ ਸਰੋਂ ਮਾਰਚ ਵਿੱਚ ਪੱਕਦੀ ਹੈ। ਖੇਤ ਵਿੱਚ ਇਕ ਲਾਈਨ ਤੋਰੀਆ ਤੇ ਇਕ ਲਾਈਨ ਗੋਭੀ ਸਰੋਂ ਦੀ ਬੀਜੀ ਜਾ ਸਕਦੀ ਹੈ। ਗੋਭੀ ਸਰੋਂ ਤੋਂ ਪੂਰਾ ਝਾੜ ਭਾਵ ਅੱਠ ਕੁਇੰਟਲ ਪ੍ਰਤੀ ਏਕੜ ਪ੍ਰਾਪਤ ਹੋ ਜਾਂਦਾ ਹੈ। ਟੀਐੱਲ 17, ਪੀਬੀਟੀ 37 ਅਤੇ ਟੀਐੱਲ 15 ਸਿਫ਼ਾਰਸ਼ ਕੀਤੀਆਂ ਤੋਰੀਏ ਦੀਆਂ ਕਿਸਮਾਂ ਹਨ। ਜੀਐੱਸਸੀ 7, ਜੀਐੱਸਸੀ 6, ਹਾਇਓਲਾ ਪੀਏਸੀ 401 ਅਤੇ ਜੀਐੱਸਐੱਲ 2 ਗੋਭੀ ਸਰੋਂ ਦੀਆਂ ਕਿਸਮਾਂ ਹਨ। ਸਭ ਤੋਂ ਵੱਧ ਝਾੜ ਜੀਐੱਸਸੀ 7 ਦਾ ਕਰੀਬ 9 ਕੁਇੰਟਲ ਪ੍ਰਤੀ ਏਕੜ ਹੈ। ਰਲਵੀ ਫ਼ਸਲ ਲਈ ਦੋਵਾਂ ਦਾ ਕਿਲੋ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ। ਜਦੋਂਕਿ ਨਿਰੋਲ ਫ਼ਸਲ ਲਈ ਡੇਢ ਕਿਲੋ ਬੀਜ ਪ੍ਰਤੀ ਏਕੜ ਚਾਹੀਦਾ ਹੈ।

ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ ਦਾ ਹੁਣ ਮੌਸਮ ਚੱਲ ਰਿਹਾ ਹੈ। ਫ਼ਲ ਗੋਭੀ ਦੀ ਪਨੀਰੀ ਪੁੱਟ ਕੇ ਖੇਤ ਵਿਚ ਲਾਉਣ ਦਾ ਇਹ ਢੁੱਕਵਾਂ ਸਮਾਂ ਹੈ। ਇਸ ਤਰ੍ਹਾਂ ਬੰਦਗੋਭੀ ਦੀ ਪਨੀਰੀ ਵੀ ਹੁਣ ਲਾ ਦੇਣੀ ਚਾਹੀਦੀ ਹੈ। ਗਾਜਰ, ਮੂਲੀ ਤੇ ਸ਼ਲਗਮ ਦੀ ਅਗੇਤੀ ਬਿਜਾਈ ਲਈ ਵੀ ਢੁਕਵਾਂ ਸਮਾਂ ਹੈ। ਪੰਜਾਬ ਕੈਰਟ ਰੈੱਡ, ਪੰਜਾਬ ਬਲੈਕ ਬਿਊਟੀ ਅਤੇ ਪੀਸੀ-34 ਗਾਜਰ ਦੀਆਂ ਉੱਨਤ ਕਿਸਮਾਂ ਹਨ। ਐੱਲ-1 ਸ਼ਲਗਮ ਦੀ ਸਿਫ਼ਾਰਸ਼ ਕੀਤੀਂ ਸਮ ਹੈ। ਮੂਲੀ ਦੀਆਂ ਹੁਣ ਪੰਜਾਬ ਸਫ਼ੈਦ ਮੂਲੀ-2, ਪੰਜਾਬ ਪਸੰਦ ਅਤੇ ਜਪਾਨੀ ਵਾਈਟ ਕਿਸਮਾਂ ਦੀ ਬਿਜਾਈ ਕਰਨੀ ਚਾਹੀਦੀ ਹੈ। ਪਾਲਕ ਦੀ ਖੇਤੀ ਲਗਪਗ ਸਾਰਾ ਸਾਲ ਹੀ ਹੁੰਦੀ ਰਹਿੰਦੀ ਹੈ। ਨਵੀਂ ਬਿਜਾਈ ਹੁਣ ਕੀਤੀ ਜਾ ਸਕਦੀ ਹੈ। ਪੰਜਾਬ ਗਰੀਨ ਉੱਨਤ ਕਿਸਮ ਹੈ। ਇਕ ਏਕੜ ਲਈ ਕੋਈ ਪੰਜ ਕਿਲੋ ਬੀਜ ਚਾਹੀਦਾ ਹੈ। ਅਗੇਤੀ ਮੱਕੀ ਤੇ ਦਾਲਾਂ ਨੇ ਪੱਕਣਾ ਸ਼ੁਰੂ ਕਰ ਦਿੱਤਾ ਹੈ। ਇਨ੍ਹਾਂ ਦੀ ਸਮੇਂ ਸਿਰ ਸਾਂਭ ਸੰਭਾਲ ਜ਼ਰੂਰੀ ਹੈ। ਮੱਕੀ ਨੂੰ ਮੰਡੀ ਵਿੱਚ ਸੁਕਾ ਕੇ ਵੇਚਣਾ ਚਾਹੀਦਾ ਹੈ। ਅਜਿਹਾ ਕੀਤਿਆਂ ਵਿਕਰੀ ਛੇਤੀ ਹੋ ਜਾਂਦੀ ਹੈ। ਦਾਲਾਂ ਦੀ ਵਿਕਰੀ ਤਾਂ ਆਪ ਸਿੱਧੀ ਕਰਨ ਦਾ ਯਤਨ ਕੀਤਾ ਜਾਵੇ ਤਾਂ ਜੋ ਵੱਧ ਪੈਸੇ ਵੱਟੇ ਜਾ ਸਕਣ।

ਅਗਲੇ ਮਹੀਨੇ ਹਾੜ੍ਹੀ ਦੀਆਂ ਫ਼ਸਲਾਂ ਦੀ ਬਿਜਾਈ ਸ਼ੁਰੂ ਹੋ ਜਾਣੀ ਹੈ। ਇਸ ਬਾਰੇ ਆਪਣੇ ਫਾਰਮ ਦੀ ਵਿਉਂਤਬੰਦੀ ਕਰੋ। ਜਿਹੜੀਆਂ ਫ਼ਸਲਾਂ ਬੀਜਣੀਆਂ ਹਨ, ਉਨ੍ਹਾਂ ਦੀ ਸੂਚੀ ਬਣਾਵੋ। ਇਨ੍ਹਾਂ ਲਈ ਬੀਜ ਅਤੇ ਖਾਦਾਂ ਦਾ ਲੋੜ ਅਨੁਸਾਰ ਪ੍ਰਬੰਧ ਕਰੋ। ਕਿਸਾਨਾਂ ਨੂੰ ਚਾਹੀਦਾ ਹੈ ਕਿ ਆਪਣੀ ਵਿਉਂਤ ਅਨੁਸਾਰ ਢੁਕਵੀਂ ਸਿਫ਼ਾਰਸ਼ ਕੀਤੀ ਕਿਸਮ ਦੇ ਵਧੀਆ ਬੀਜ ਦਾ ਪ੍ਰਬੰਧ ਕਰ ਲੈਣ ਤਾਂ ਜੋ ਬਿਜਾਈ ਸਮੇਂ



ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਫ਼ਸਲ ਦਾ ਪੂਰਾ ਝਾੜ ਲੈਣ ਲਈ ਇਨ੍ਹਾਂ ਛੋਟੀਆਂ ਗੱਲਾਂ ਦਾ ਧਿਆਨ ਰੱਖਣਾ ਜ਼ਰੂਰੀ ਹੈ। ਆਮ ਤੌਰ 'ਤੇ ਗੰਨੇ ਦੀ ਬਿਜਾਈ ਫ਼ਰਵਰੀ-ਮਾਰਚ ਵਿੱਚ ਕੀਤੀ ਜਾਂਦੀ ਹੈ ਪਰ ਮਾਹਿਰਾਂ ਦਾ ਮੰਨਣਾ ਹੈ ਕਿ ਇਸ ਦੀ ਬਿਜਾਈ ਹੁਣ ਵੀ ਕੀਤੀ ਜਾ ਸਕਦੀ ਹੈ। ਇਸ ਨੂੰ ਪਤਝੜੀ ਫ਼ਸਲ ਆਖਿਆ ਜਾਂਦਾ ਹੈ। ਇਸ ਮੌਸਮ ਦੀ ਬਿਜਾਈ ਦਾ ਮੁੱਖ ਲਾਭ ਹੈ ਕਿ ਇਸ ਵਿੱਚ ਦੂਜੀਆਂ ਫ਼ਸਲਾਂ ਦੀ ਕਾਸ਼ਤ ਵੀ ਕੀਤੀ ਜਾ ਸਕਦੀ ਹੈ। ਆਲੂ, ਕਣਕ, ਰਾਇਆ, ਗੋਭੀ ਸਰੋਂ, ਤੋਰੀਆ, ਮੱਕੀ, ਪੱਤਗੋਭੀ, ਮੂਲੀ, ਮਟਰ, ਛੋਲੇ ਜਾਂ ਲਸਣ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇੰਜ ਇਕ ਵਾਧੂ ਫ਼ਸਲ ਪ੍ਰਾਪਤ ਹੋ ਜਾਵੇਗੀ। ਇਸ ਮੌਸਮ ਵਿੱਚ ਬਿਜਾਈ ਲਈ ਸੀਓਪੀਬੀ 92, ਸੀਓ 118, ਸੀਓਜੇ 85 ਅਤੇ ਸੀਓਜੇ 64 ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ।

ਖਾਦਾਂ ਦੀ ਵਰਤੋਂ ਮਿੱਟੀ ਪਰਖ਼ ਦੀ ਰਿਪੋਰਟ ਅਨੁਸਾਰ ਕਰਨੀ ਚਾਹੀਦੀ ਹੈ। ਬਿਜਾਈ ਸਮੇਂ 30 ਕਿਲੋ ਨਾਈਟ੍ਰੋਜਨ ਪ੍ਰਤੀ ਏਕੜ ਪਾਉਣ ਦੀ ਸਿਫ਼ਾਰਸ਼ ਕੀਤੀ ਗਈ ਹੈ। ਇਕ ਏਕੜ ਲਈ ਤਿੰਨ ਅੱਖਾਂ ਵਾਲੀਆਂ 20 ਹਜ਼ਾਰ ਪੱਛੀਆਂ ਜਾਂ ਚਾਰ ਅੱਖਾਂ ਵਾਲੀਆਂ 15000 ਪੱਛੀਆਂ ਚਾਹੀਦੀਆਂ ਹਨ। ਬਿਜਾਈ ਸਿਆੜਾਂ ਵਿੱਚ ਪੱਛੀਆਂ ਨੂੰ ਇਕ ਦੂਜੀ ਨਾਲ ਜੋੜ ਕੇ ਕਰੋ। ਲਾਈਨਾਂ ਵਿਚਕਾਰ 90 ਸੈਂਟੀਮੀਟਰ ਦਾ ਫ਼ਾਸਲਾ ਰੱਖਿਆ ਜਾਵੇ। ਪਹਿਲਾ ਪਾਣੀ ਬਿਜਾਈ ਤੋਂ ਇਕ ਮਹੀਨੇ ਪਿੱਛੋਂ ਦੇਵੋ।



ਚੰਗੇ ਫ਼ਸਲੀ ਝਾੜ ਲਈ ਜ਼ਰੂਰੀ ਹੈ ਖਾਦਾਂ ਦੀ ਸੰਤੁਲਿਤ ਵਰਤੋਂ

ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ 'ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ।

ਡਾ. ਗੁਰਮਿੰਦਰ ਸਿੰਘ ਬਰਾੜ

ਕਿਸਾਨ ਵੀਰੋ ਕਿਸੇ ਵੀ ਫ਼ਸਲ ਤੋਂ ਵਧੇਰੇ ਝਾੜ ਅਤੇ ਮੁਨਾਫਾ ਲੈਣ ਲਈ ਜਿੰਨੀਆਂ ਖਾਦਾਂ ਜ਼ਰੂਰੀ ਹਨ, ਉਸ ਤੋਂ ਵੀ ਵੱਧ ਮਹੱਤਵ ਹੈ, ਕਿਸੇ ਵੀ ਫ਼ਸਲ ਨੂੰ ਪਾਈਆਂ ਜਾਣ ਵਾਲੀਆਂ ਵੱਖ-ਵੱਖ ਖਾਦ ਦੀ ਮਾਤਰਾ ਅਤੇ ਖਾਦਾਂ ਪਾਉਣ ਦੇ ਸਹੀ ਸਮੇਂ ਦਾ ਹੈ, ਕਿਉਂਕਿ ਬੇਲੋੜੀ ਮਾਤਰਾ ਅਤੇ ਬੇਲੋੜੇ ਸਮੇਂ 'ਤੇ ਪਾਈਆਂ ਜਾਣ ਵਾਲੀਆਂ ਰਸਾਇਣਿਕ ਖਾਦਾਂ ਫ਼ਸਲ ਨੂੰ ਫਾਇਦਾ ਕਰਨ ਦੀ ਬਜਾਏ ਉਲਟਾ ਸਾਡੀ ਫ਼ਸਲ ਅਤੇ ਪੈਸੇ ਦਾ ਨੁਕਸਾਨ ਕਰਦੀਆਂ ਹੀ ਹਨ, ਇਸ ਦੇ ਨਾਲ ਹੀ ਮਿੱਟੀ, ਪਾਣੀ ਅਤੇ ਵਾਤਾਵਰਨ ਨੂੰ ਵੀ ਦੂਸ਼ਿਤ ਕਰਦੀਆਂ ਹਨ, ਜਿਸ ਨਾਲ ਮਨੁੱਖੀ ਸਿਹਤ ਉੱਪਰ ਵੀ ਬੁਰਾ ਪ੍ਰਭਾਵ ਪੈਂਦਾ ਹੈ। ਰਸਾਇਣਿਕ ਖਾਦਾਂ ਦੇ ਨਾਲ-ਨਾਲ ਜੇਕਰ ਅਸੀਂ ਸਮੇਂ-ਸਮੇਂ ਤੇ ਖੇਤ ਵਿਚ ਰੂੜੀ ਦੀ ਖਾਦ ਪਾਈਏ ਅਤੇ ਹਰੀਆਂ ਖਾਦਾਂ (ਜੰਤਰ, ਰਵਾਂਹ, ਮੂੰਗੀ) ਉਗਾਈਏ ਤਾਂ ਰਸਾਇਣਿਕ ਖਾਦਾਂ ਦੀ ਵਰਤੋਂ ਘਟਾਈ ਜਾ ਸਕਦੀ ਹੈ, ਜ਼ਮੀਨ ਦੀ ਸਿਹਤ ਬਹੁਤ ਵਧੀਆ ਰਹਿੰਦੀ ਹੈ ਅਤੇ ਜ਼ਮੀਨ ਵਿਚ ਸਾਰੇ ਵੱਡੇ ਅਤੇ ਸੂਖਮ ਤੱਤਾਂ ਦਾ ਸੰਤੁਲਨ ਬਣਿਆ ਰਹਿੰਦਾ ਹੈ। ਚਲੋ ਹੁਣ ਅਸੀਂ ਪੰਜਾਬ ਵਿਚ ਸਾਉਣੀ ਦੀ ਮੁੱਖ ਫ਼ਸਲ ਝੋਨੇ ਦੀ ਗੱਲ ਕਰਦੇ ਹਾਂ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਿਸ਼ਾਂ ਅਨੁਸਾਰ ਖਾਦਾਂ ਦੀ ਵਰਤੋਂ ਮਿੱਟੀ ਦੀ ਪਰਖ ਦੇ ਆਧਾਰ 'ਤੇ ਹੀ ਕਰਨੀ ਚਾਹੀਦੀ ਹੈ ਅਤੇ ਜੇਕਰ ਮਿੱਟੀ ਦੀ ਪਰਖ ਨਹੀਂ ਕਰਵਾਈ ਗਈ ਤਾਂ 110 ਕਿਲੋ ਯੂਰੀਆ, 27 ਕਿਲੋ ਡੀ. ਏ. ਪੀ. ਅਤੇ 20 ਕਿਲੋ ਮਿਊਰੇਟ ਆਫ ਪੋਟਾਸ਼ ਪਾਉਣੀ ਚਾਹੀਦੀ ਹੈ। ਜੇਕਰ ਕਣਕ ਦੀ ਫ਼ਸਲ ਨੂੰ ਸਿਫਾਰਿਸ਼ ਕੀਤੀ ਗਈ ਡੀ. ਏ. ਪੀ. ਦੀ ਮਾਤਰਾ ਪਾਈ ਗਈ ਹੋਵੇ ਤਾਂ ਝੋਨੇ ਦੀ ਫ਼ਸਲ ਨੂੰ ਡੀ. ਏ. ਪੀ. ਖਾਦ ਪਾਉਣ ਦੀ ਜ਼ਰੂਰਤ ਨਹੀਂ, ਪਰੰਤੂ ਫਿਰ ਵੀ ਕੁਝ ਕਿਸਾਨ ਵੀਰ ਝੋਨੇ ਦੀ ਫ਼ਸਲ ਨੂੰ 50 ਕਿਲੋ ਤੱਕ ਵੀ ਡੀ. ਏ. ਪੀ. ਖਾਦ ਪਾ ਦਿੰਦੇ ਹਨ, ਜਿਸਦਾ ਝੋਨੇ ਦੀ ਫ਼ਸਲ ਨੂੰ ਕੋਈ ਫਾਇਦਾ ਨਹੀਂ ਮਿਲਦਾ, ਜੋ ਕਿ ਪੈਸੇ ਦੀ ਬਰਬਾਦੀ ਹੈ। ਪੰਜਾਬ ਦੀਆਂ ਸਾਰੀਆਂ ਜ਼ਮੀਨਾਂ ਵਿਚ ਪੋਟਾਸ਼ ਦੀ ਕਾਫੀ ਮਾਤਰਾ ਮੌਜੂਦ ਹੈ, ਪਰੰਤੂ ਫਿਰ ਵੀ ਜੇਕਰ ਲੋੜ ਮਹਿਸੂਸ ਹੋਵੇ ਤਾਂ ਪੋਟਾਸ਼ ਖਾਦ ਸਿਫਾਰਿਸ਼ ਅਨੁਸਾਰ ਪਾਈ ਜਾ ਸਕਦੀ ਹੈ। ਹੁਣ ਅਸੀਂ ਗੱਲ ਕਰਦੇ ਹਾਂ ਨਾਈਟ੍ਰੋਜਨ ਤੱਤ ਵਾਲੀ ਖਾਦ ਯੂਰੀਆ ਦੀ ਜਿਸ ਦੀ ਸਿਫਾਰਿਸ਼ ਮਾਤਰਾ ਵਿਚੋਂ 1/3 ਹਿੱਸਾ ਕੱਦੂ ਕਰਨ ਤੋਂ ਪਹਿਲਾਂ ਜਾਂ ਪਨੀਰੀ ਲਾਉਣ ਤੋਂ ਦੋ ਹਫਤੇ ਤੱਕ ਅਤੇ ਬਾਕੀ ਰਹਿੰਦੀ ਯੂਰੀਆ ਨੂੰ ਦੋ ਬਰਾਬਰ ਹਿੱਸਿਆਂ ਵਿਚ ਪਨੀਰੀ ਲਾਉਣ ਤੋਂ 3 ਅਤੇ 6 ਹਫਤੇ ਬਾਅਦ ਛੱਟੇ ਨਾਲ ਪਾਉਣੀ ਚਾਹੀਦੀ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਯੂਰੀਆ ਖਾਦ ਦੀ ਵਰਤੋਂ ਲਈ ਪੱਤਾ ਰੰਗ ਚਾਰਟ (ਐਲ.ਸੀ.ਸੀ.) ਵਿਧੀ ਵੀ ਦੱਸੀ ਗਈ ਹੈ ਜਿਸ ਅਨੁਸਾਰ ਝੋਨੇ ਦੀ ਲੁਆਈ ਸਮੇਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾਉਣ ਉਪਰੰਤ ਝੋਨਾ ਲੱਗਣ ਦੇ ਦੋ-ਦੋ ਹਫਤਿਆਂ ਬਾਅਦ ਹਰ ਵਾਰ ਖੇਤ ਵਿਚ ਦਸ ਪੌਦਿਆਂ ਦੇ ਉੱਪਰੋਂ ਪੂਰੇ ਖੁੱਲ੍ਹੇ ਪਹਿਲੇ ਪੱਤੇ ਦਾ ਰੰਗ ਬਿਨਾਂ ਤੋੜੇ ਚਾਰਟ ਨਾਲ ਮਿਲਾਉ ਅਤੇ ਜਦੋਂ ਦਸ ਵਿਚੋਂ ਛੇ ਜਾਂ ਵੱਧ ਪੱਤਿਆਂ ਦਾ ਰੰਗ ਚਾਰਟ ਦੀ ਟਿੱਕੀ ਨੰਬਰ 4 ਤੋਂ ਫਿੱਕਾ ਹੋਵੇ ਤਾਂ 25 ਕਿਲੋ ਯੂਰੀਆ ਪ੍ਰਤੀ ਏਕੜ ਪਾ ਦਿਉ, ਪਰੰਤੂ ਕਿਸਾਨ ਵੀਰ ਝੋਨੇ ਦਾ ਝਾੜ ਵਧਾਉਣ ਲਈ ਸਿਰਫ ਯੂਰੀਆ ਨੂੰ ਹੀ ਰਾਮਬਾਣ ਮੰਨਦੇ ਹਨ ਅਤੇ ਜਦੋਂ ਵੀ ਫ਼ਸਲ ਥੋੜਾ ਜਿਹਾ ਵੀ ਰੰਗ ਛੱਡਦੀ ਹੈ ਤਾਂ ਇਕ-ਦੂਜੇ ਦੀ ਦੇਖਾ-ਦੇਖੀ ਰੰਗ ਗੂੜ੍ਹਾ ਕਰਨ ਲਈ ਵਾਰ-ਵਾਰ ਹੀ ਯੂਰੀਆ ਖਾਦ ਪਾਉਂਦੇ ਹਨ ਅਤੇ ਕੁਝ ਕਿਸਾਨ ਵੀਰ 4 ਤੋਂ 5 ਗੱਟੇ ਮਤਲਬ 200 ਤੋਂ 250 ਕਿਲੋ ਯੂਰੀਆ ਵੀ ਪਾ ਦਿੰਦੇ ਹਨ, ਜੋ ਕਿ ਗ਼ਲਤ ਹੈ, ਕਿਉਂਕਿ ਜ਼ਿਆਦਾ ਮਾਤਰਾ ਵਿਚ ਨਾਈਟ੍ਰੋਜਨ ਤੱਤ ਵਾਲੀ ਖਾਦ ਪਾਉਣ ਨਾਲ ਪੱਤਿਆਂ ਵਿਚ ਪ੍ਰੋਟੀਨ ਦੀ ਮਾਤਰਾ ਵੱਧ ਹੋ ਜਾਂਦੀ ਅਤੇ ਪੱਤੇ ਜ਼ਿਆਦਾ ਹਰੇ ਅਤੇ ਨਰਮ ਹੋ ਜਾਂਦੇ ਹਨ, ਜਿਸ ਕਾਰਨ ਫ਼ਸਲ ਉੱਪਰ ਕੀੜੇ-ਮਕੌੜਿਆਂ ਤੋਂ ਇਲਾਵਾ ਤਣਾ ਗਲਣ ਦਾ ਰੋਗ, ਝੁਲਸ ਰੋਗ, ਭੂਰੇ ਧੱਬਿਆਂ ਦਾ ਰੋਗ ਆਦਿ ਹੋ ਸਕਦਾ ਹੈ ਅਤੇ ਫ਼ਸਲ ਦਾ ਝਾੜ ਘਟ ਜਾਂਦਾ ਹੈ। ਇਸ ਤੋਂ ਇਲਾਵਾ ਯੂਰੀਆ ਖਾਦ ਪਾਉਣ ਵੇਲੇ ਖੇਤ ਵਿਚ ਪਾਣੀ ਵੀ ਖੜ੍ਹਾ ਨਹੀਂ ਹੋਣਾ ਚਾਹੀਦਾ ਕਿਉਂਕਿ ਇਸ ਨਾਲ ਯੂਰੀਆ ਦਾ ਕੁਝ ਹਿੱਸਾ ਪਾਣੀ ਨਾਲ ਹੇਠਾਂ ਚਲਾ ਜਾਂਦਾ ਹੈ ਅਤੇ ਕੁਝ ਅਮੋਨੀਆ ਬਣ ਕੇ ਹਵਾ ਵਿਚ ਉੱਡ ਜਾਂਦਾ ਹੈ, ਸੋ ਖਾਦ ਪਾਉਣ ਤੋਂ ਤੀਸਰੇ ਦਿਨ ਪਾਣੀ ਲਾਉਣਾ ਚਾਹੀਦਾ ਹੈ। ਜ਼ਿਆਦਾ ਸਮੇਂ ਤੋਂ ਲਗਾਤਾਰ ਕਣਕ-ਝੋਨਾ ਫ਼ਸਲੀ ਚੱਕਰ ਕਾਰਨ ਹੁਣ ਪੰਜਾਬ ਦੀਆਂ ਜ਼ਮੀਨਾਂ ਵਿਚ ਲੋਹਾ ਅਤੇ ਜ਼ਿੰਕ ਆਦਿ ਤੱਤਾਂ ਦੀ ਘਾਟ ਵੀ ਆਉਂਦੀ ਹੈ, ਸੋ ਜੇਕਰ ਬੂਟਿਆਂ ਦੇ ਪੱਤੇ ਮਧਰੇ ਰਹਿਣ, ਜੜ੍ਹ ਘੱਟ ਮਾਰਨ, ਜੰਗਾਲੇ ਜਿਹੇ ਅਤੇ ਭੂਰੇ ਹੋ ਜਾਣ ਤਾਂ 25 ਕਿਲੋ ਜ਼ਿੰਕ ਸਲਫੇਟ 21 ਫ਼ੀਸਦੀ ਪ੍ਰਤੀ ਏਕੜ ਖੇਤ ਵਿਚ ਖਿਲਾਰ ਦਿਉ। ਇਸੇ ਤਰਾਂ ਜੇਕਰ ਹਲਕੀਆਂ ਜ਼ਮੀਨਾਂ ਵਿਚ ਝੋਨਾ ਲਾਇਆ ਗਿਆ ਹੋਵੇ ਜਾਂ ਪਾਣੀ ਦੀ ਜ਼ਿਆਦਾ ਘਾਟ ਆ ਜਾਵੇ ਤਾਂ ਝੋਨੇ ਦੇ ਨਵੇਂ ਨਿਕਲ ਰਹੇ ਪੱਤੇ ਪੀਲੇ ਪੈ ਜਾਂਦੇ ਹਨ ਅਤੇ ਹੌਲੀ-ਹੌਲੀ ਬੂਟੇ ਮਰ ਜਾਂਦੇ ਹਨ, ਜੋ ਕਿ ਲੋਹੇ ਤੱਤ ਦੀ ਘਾਟ ਦੀਆਂ ਨਿਸ਼ਾਨੀਆਂ ਹਨ, ਸੋ ਜਦੋਂ ਅਜਿਹੀਆਂ ਨਿਸ਼ਨੀਆਂ ਨਜ਼ਰ ਆਉਣ ਤਾਂ ਛੇਤੀ-ਛੇਤੀ ਭਰਵੇਂ ਪਾਣੀ ਲਾਉ ਅਤੇ ਇਕ ਕਿਲੋ ਫੈਰਸ ਸਲਫੇਟ ਨੂੰ 100 ਲਿਟਰ ਪਾਣੀ ਵਿਚ ਮਿਲਾ ਕੇ ਇਕ ਹਫਤੇ ਦੀ ਵਿੱਥ 'ਤੇ 2-3 ਛਿੜਕਾਅ ਕਰੋ। ਕਈ ਕਿਸਾਨ ਵੀਰ ਗ਼ੈਰ-ਤਕਨੀਕੀ ਲੋਕਾਂ ਦੇ ਕਹਿਣ ਤੇ ਲੋਹਾ ਤੱਤ ਜ਼ਮੀਨ ਵਿਚ ਪਾ ਦਿੰਦੇ ਹਨ ਪਰੰਤੂ ਇੱਥੇ ਧਿਆਨ ਯੋਗ ਗੱਲ ਇਹ ਹੈ ਕਿ ਲੋਹੇ ਦੀ ਜ਼ਮੀਨ ਰਾਹੀਂ ਪੂਰਤੀ ਅਸਰਦਾਰ ਨਹੀਂ ਹੈ। ਸੋ ਆਖਰ ਵਿਚ ਕਿਸਾਨ ਵੀਰਾਂ ਨੂੰ ਬੇਨਤੀ ਹੈ ਕਿ ਖਾਦਾਂ ਨੂੰ ਲੋੜ ਅਨੁਸਾਰ ਸਹੀ ਮਾਤਰਾ ਅਤੇ ਸਹੀ ਸਮੇਂ ਉੱਪਰ ਪਾ ਕੇ ਅਸੀਂ ਵਧੇਰੇ ਫ਼ਸਲੀ ਝਾੜ ਲੈ ਸਕਦੇ ਹਾਂ ਅਤੇ ਇਸ ਦੇ ਨਾਲ-ਨਾਲ ਜੇਕਰ ਅਸੀਂ ਸੰਤੁਲਿਤ ਖਾਦਾਂ ਜਿਸ ਵਿਚ ਰਸਾਇਣਿਕ ਖਾਦਾਂ ਦੇ ਨਾਲ ਰੂੜੀ, ਹਰੀ ਖਾਦ ਦੀ ਵਰਤੋਂ ਵੀ ਕਰੀਏ ਤਾਂ ਇਹ ਸੋਨੇ ਤੇ ਸੁਹਾਗੇ ਵਾਲੀ ਗੱਲ ਹੋਵੇਗੀ। - ਖੇਤੀਬਾੜੀ ਵਿਕਾਸ ਅਫਸਰ, ਬਾਘਾਪੁਰਾਣਾ 94653-53756



ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵਿਸ਼ੇਸ਼ ਬੱਚਿਆਂ ਅਤੇ ਕੈਦੀਆਂ ਵੱਲੋਂ ਤਿਆਰ ਹੱਥ ਨਿਰਮਿਤ ਵਸਤਾਂ ਦੀ ਪ੍ਰਦਰਸ਼ਨੀ-ਕਮ-ਵਿਕਰੀ ਲਗਾਏ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਮੈਨ ਸ਼੍ਰੀ ਅਵਤਾਰ ਸਿੰਘ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਅਤੇ ਸ਼੍ਰੀਮਤੀ ਅਮਨਦੀਪ ਕੰਬੋਜ, ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਨਿਗਰਾਨੀ ਹੇਠ ਮਿਤੀ 05.11.2026 ਨੂੰ ਜਿਲ੍ਹਾ ਕੋਰਟਸ ਕੰਪਲੇਕਸ, ਪਟਿਆਲਾ ਵਿੱਚ ਇੱਕ ਪ੍ਰਦਰਸ਼ਨੀ ਆਯੋਜਿਤ ਕੀਤੀ ਗਈ। ਇਹ ਸਮਾਰੋਹ ਪਟਿਆਲਾ ਸਕੂਲ ਫਾਰ ਡੈਫ ਐਂਡ ਬਲਾਈਂਡ ਸਕੂਲ, ਸੈਫਦੀਪੁਰ ਦੇ ਬੱਚਿਆਂ, ਸਕੂਲ ਫਾਰ ਸਪੈਸ਼ਲ ਨੀਡਜ਼ ਵਾਲੇ ਬੱਚਿਆਂ, ਦਲ ਦਲੀਆ ਚੌਕ, ਪ੍ਰੇਸਟਾ ਅਕੈਡਮੀ, ਛੋਟੀ ਬਾਰਾਂਦਰੀ, ਪਟਿਆਲਾ, ਕੇਂਦਰੀ ਜੇਲ੍ਹ ਪਟਿਆਲਾ ਦੇ ਕੈਦੀਆਂ, ਅਤੇ ਨਵੀਂ ਜਿਲ੍ਹਾ ਜੇਲ੍ਹ, ਨਾਭਾ ਦੇ ਕੈਦੀਆਂ ਦੀ ਕਲਾ ਅਤੇ ਸਿਰਜਣਾਤਮਕਤਾ ਨੂੰ ਦਰਸਾਉਣ ਦੇ ਉਦੇਸ਼ ਵਜੋਂ ਸਕੂਲ ਪ੍ਰਸ਼ਾਸਨ ਅਤੇ ਜੇਲ੍ਹ ਅਧਿਕਾਰੀਆਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।

ਇਸ ਪ੍ਰਦਰਸ਼ਨੀ-ਕਮ-ਵਿਕਰੀ ਵਿੱਚ ਜੇਲ੍ਹ ਦੇ ਬੰਦੀਆਂ ਵੱਲੋਂ ਤਿਆਰ ਕੀਤੀਆਂ ਹੱਥ ਨਿਰਮਿਤ ਵਸਤਾਂ ਜਿਵੇਂ ਕਿ ਬੈਗ, ਫੁਲਕਾਰੀ, ਪਾਊਚ, ਐਪਰਨ, ਮੋਮਬੱਤੀਆਂ ਅਤੇ ਦੀਵੇ, ਅਤੇ ਉਪਰੋਕਤ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਹੋਰ ਵਸਤਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਇਸ ਸਮਾਗਮ ਨੇ ਉਨ੍ਹਾਂ ਦੀ ਕਲਾਤਮਕ ਪ੍ਰਤਿਭਾ ਦੀ ਸਰਾਹਨਾ ਕਰਨ ਅਤੇ ਪੁਨਰਵਾਸ ਪ੍ਰੋਗਰਾਮਾਂ ਦੇ ਸਕਾਰਾਤਮਕ ਪ੍ਰਭਾਵ ਵਿੱਚ ਯੋਗਦਾਨ ਪਾਉਣ ਦਾ ਮੌਕਾ ਪ੍ਰਦਾਨ ਕੀਤਾ।

ਇਹ ਸਮਾਰੋਹ ਵਿਸ਼ੇਸ਼ ਬੱਚਿਆਂ ਅਤੇ ਕੈਦੀਆਂ ਦੀ ਕਲਾਤਮਕ ਪ੍ਰਤਿਭਾ ਨੂੰ ਮਾਨਤਾ ਦੇਣ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰਦਾ ਹੈ, ਜੋ ਉਨ੍ਹਾਂ ਦੀ ਪੁਨਰਵਾਸ ਅਤੇ ਸਸ਼ਕਤੀਕਰਨ ਵਿੱਚ ਸਕਾਰਾਤਮਕ ਯੋਗਦਾਨ ਪਾਉਂਦਾ ਹੈ। ਪ੍ਰਦਰਸ਼ਨੀ ਦੀ, ਜੱਜ ਸਾਹਿਬਾਨ, ਵਕੀਲ ਸਾਹਿਬਾਨ ਅਤੇ ਜਿਲ੍ਹਾ ਅਦਾਲਤਾਂ, ਪਟਿਆਲਾ ਦੇ ਸਟਾਫ਼ ਵੱਲੋਂ ਗਰਮਜੋਸ਼ੀ ਨਾਲ ਪ੍ਰਸ਼ੰਸਾ ਕੀਤੀ ਗਈ ਅਤੇ ਹੱਥ ਨਿਰਮਿਤ ਵਸਤਾਂ ਜਿਵੇਂ ਕਿ ਬੈਗ, ਫੁਲਕਾਰੀ, ਪਾਊਚ, ਐਪਰਨ, ਮੋਮਬੱਤੀਆਂ ਅਤੇ ਦੀਵੇ ਖਰੀਦੇ ਗਏ।

ਇਸ ਸਮਾਰੋਹ ਦੌਰਾਨ, ਮੈਡਮ ਅਮਨਦੀਪ ਕੰਬੋਜ ਨੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਵੱਲੋਂ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁਫ਼ਤ ਕਾਨੂੰਨੀ ਸੇਵਾਵਾਂ, ਸੁਰੱਖਿਅਤ ਬੱਚਪਨ ਮੁਹਿੰਮ ਬਾਰੇ ਜਾਣੂ ਕਰਵਾਇਆ ਅਤੇ ਸਥਾਈ ਲੋਕ ਅਦਾਲਤ(ਜਨ ਉਪਯੋਗੀ ਸੇਵਾਵਾਂ), ਲੋਕ ਅਦਾਲਤਾਂ ਅਤੇ ਮੀਡੀਏਸ਼ਨ ਅਤੇ ਕੰਸੀਲੀਏਸ਼ਨ ਕੇਂਦਰ ਦੇ ਫਾਇਦਿਆਂ ਬਾਰੇ ਜਾਣੂ ਕਰਵਾਇਆ । ਉਨ੍ਹਾਂ ਨੂੰ ਹੋਰ ਵਧੇਰੇ ਜਾਣਕਾਰੀ ਲਈ www.pulsa.gov.in ਵੈੱਬਸਾਈਟ, ਐਨ.ਏ.ਐਲ.ਐਸ.ਏ. ਹੈਲਪਲਾਈਨ ਨੰਬਰ 15100 ਜਾਂ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੂੰ 0175-2306500 'ਤੇ ਸੰਪਰਕ ਕਰਨ ਬਾਰੇ ਦੱਸਿਆ ਗਿਆ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ 'ਚ ਅੰਡਰ-14 ਲੜਕੀਆਂ ਦੇ ਖੋਖੋ ਦੇ ਸੈਮੀਫਾਈਨਲ ਮੈਚ ਵਿੱਚ ਪਟਿਆਲੇ ਨੇ ਮੋਗੇ ਨੂੰ ਹਰਾਇਅ

ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ-14 ਲੜਕੀਆਂ ਦਾ ਖੋਖੋ ਟੂਰਨਾਮੈਂਟ ਪੋਲੋ ਗਰਾਉਂਡ ਪਟਿਆਲਾ ਵਿਖੇ ਕਰਵਾਇਆ ਜਾ ਰਿਹਾ ਹੈ।ਅੱਜ ਮੁੱਖ ਮਹਿਮਾਨ ਦੇ ਤੌਰ ਤੇ ਉਪਕਾਰ ਸਿੰਘ ਵਿਰਕ (ਜਨਰਲ ਸੈਕਟਰੀ ਖੋਖੋ ਫੈਡਰੇਸ਼ਨ ਆਫ ਇੰਡਿਆ),ਡੀਐਸਸੀ ਡਾ.ਦਲਜੀਤ ਸਿੰਘ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਅੱਜ ਦੇ ਹੋਏ ਸੈਮੀਫਾਈਨਲ ਮੁਕਾਬਲਿਆਂ ਵਿੱਚ ਪਟਿਆਲੇ ਨੇ ਮੋਗੇ ਨੂੰ ਅਤੇ ਸ੍ਰੀ ਮੁਕਤਸਰ ਸਾਹਿਬ ਨੇ ਸੰਗਰੂਰ ਨੂੰ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ।ਹਾਰਡ ਲਾਈਨ ਸੰਗਰੂਰ ਨੇ ਮੋਗੇ ਨੂੰ ਹਰਾ ਕੇ ਬਰਾਉਨਜ਼ ਮੈਡਲ ਜਿੱਤਿਆ।

ਸਰਬ ਸਾਂਝਾ ਵੈਲਫੇਅਰ ਸੋਸਾਇਟੀ ਵੱਲੋਂ ਕਰਵਾਏ ਗਏ 10 ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ



ਮੁਹਾਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-) :

ਸਮਾਜ ਸੇਵਾ ਦੇ ਕੰਮ ਵਿੱਚ ਮੋਹਰੀ ਸੰਸਥਾ- ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ:)- ਮੋਹਾਲੀ ਦੀ ਤਰਫੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ 10- ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਸਮੂਹਿਕ ਆਨੰਦ ਕਾਰਜ ਗੁਰਦੁਆਰਾ ਨਾਨਕ ਦਰਬਾਰ ਸਾਹਿਬ, ਸੈਕਟਰ 90-91 ਮੋਹਾਲੀ ਵਿਖੇ ਕਰਵਾਏ ਗਏ, ਇਹ ਸਮੁੱਚਾ ਪ੍ਰੋਗਰਾਮ ਸਟੇਟ ਐਵਾਰਡੀ ਅਤੇ ਸੁਸਾਇਟੀ ਦੇ ਪ੍ਰਧਾਨ- ਫੂਲਰਾਜ ਸਿੰਘ ਹੋਰਾਂ ਦੀ ਅਗਵਾਈ ਹੇਠ ਸਰਬ ਸਾਂਝਾ ਵੈਲਫੇਅਰ ਸੋਸਾਇਟੀ (ਰਜਿ:) ਮੋਹਾਲੀ ਦੀ ਤਰਫੋਂ ਵਿਧਾਇਕ ਕੁਲਵੰਤ ਸਿੰਘ ਦੀ ਸਰਪ੍ਰਸਤੀ ਹੇਠ ਕਰਵਾਇਆ ਗਿਆ.

ਅੱਜ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਬਰਾਤਾਂ ਦਾ ਸਵਾਗਤ ਸਵੇਰੇ 9 ਵਜੇ ਅਤੇ ਬ੍ਰੇਕਫਾਸਟ ਬਰਾਤਾਂ ਦੇ ਲਈ ਸਵੇਰੇ 11 ਵਜੇ ਉਪਰੰਤ ਆਨੰਦ ਕਾਰਜ ਦੀ ਰਸਮਾਂ ਸਾਢੇ 12 ਵਜੇ ਦੇ ਕਰੀਬ ਨਿਵਾਈਆਂ ਗਈਆਂ , ਫੂਲਰਾਜ ਸਿੰਘ ਪ੍ਰਧਾਨ ਹੋਰਾਂ ਕਿਹਾ ਕਿ ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣ ਦੇ ਲਈ ਵਿਧਾਇਕ ਕੁਲਵੰਤ ਸਿੰਘ ਸਵੇਰ ਵੇਲੇ ਤੋਂ ਹੀ ਮੌਜੂਦ ਰਹੇ , ਇਸ ਮੌਕੇ ਤੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਅੱਜ ਜਿਨਾਂ 10 ਧੀਆਂ ਦੇ ਆਨੰਦ ਕਾਰਜ ਇੱਥੇ ਹੋਏ ਹਨ, ਇਹਨਾਂ ਸਭਨਾਂ ਨੂੰ ਬਹੁਤ- ਬਹੁਤ ਮੁਬਾਰਕਾਂ ਅਤੇ ਇਹਨਾਂ ਨਵੇਂ ਜੋੜਿਆਂ ਦੇ ਲਈ ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਇਹਨਾਂ ਦੀ ਵਿਆਹੁਤਾ ਜੀਵਨ ਵਧੀਆ ਬਤੀਤ ਹੋਵੇ.

ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਹੋਰਾਂ ਕਿਹਾ ਕਿ ਇਸ ਪ੍ਰੋਗਰਾਮ ਨੂੰ ਨੇਪਰੇ ਚਾੜਨ ਦੇ ਲਈ ਮੈਂ ਫੂਲਰਾਜ ਸਿੰਘ ਸਿੰਘ ਦੀ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੰਦਾ ਹਾਂ , ਫੂਲਰਾਜ ਸਿੰਘ ਤੇ ਅਧਾਰਤ ਟੀਮ ਪਿਛਲੇ 35 ਵਰਿਆਂ ਤੋਂ ਸਮਾਜ ਸੇਵਾ ਦੇ ਕੰਮਾਂ ਵਿੱਚ ਜੁਟੀ ਹੋਈ ਹੈ, ਕਦੀ ਖੂਨਦਾਨ ਕੈਂਪ, ਕਦੀ ਸੱਭਿਆਚਾਰਕ ਮੇਲੇ , ਕਦੀ ਲੋੜਵੰਦ ਧੀਆਂ ਦੇ ਸਮੂਹਿਕ ਆਨੰਦ ਕਾਰਜ, ਕਦੀ ਮੁਫਤ ਮੈਡੀਕਲ ਚੈੱਕਅਪ ਕੈਂਪ , ਕੀਰਤਨ ਦਰਬਾਰ ਕਰਵਾਏ ਜਾਂਦੇ ਹਨ, ਮੈਂ ਬਤੌਰ ਮੈਂਬਰ ਸੁਸਾਇਟੀ ਨਾਲ ਪਿਛਲੇ ਲੰਬੇ ਸਮੇਂ ਤੋਂ ਜੁੜਿਆ ਹੋਇਆ ਹਾਂ, ਉਹਨਾਂ ਕਿਹਾ ਕਿ ਆਪਣਾ ਨਿੱਜੀ ਕੰਮ ਛੱਡ ਕੇ ਸਮਾਜ ਸੇਵਾ ਦੇ ਕੰਮਾਂ ਵਿੱਚ ਹਿੱਸਾ ਲੈਣਾ ਹਰ ਕਿਸੇ ਦੇ ਹਿੱਸੇ ਵਿੱਚ ਨਹੀਂ ਆਉਂਦਾ.

ਇਸ ਦੇ ਲਈ ਲਗਾਤਾਰ ਮਿਹਨਤ ਕਰਨੀ ਪੈਂਦੀ ਹੈ। ਜਦੋਂ ਕਿਸੇ ਦੇ ਘਰ ਸਮਾਗਮ ਹੁੰਦਾ ਹੈ ਤਾਂ ਉਸ ਦੀ ਤਿਆਰੀਆਂ ਲਈ ਉਸ ਨੂੰ ਕਿੰਨਾ ਸਮਾਂ ਲੱਗ ਜਾਂਦਾ ਹੈ, ਤੇ ਇਹ ਤਾਂ ਫਿਰ 10 ਤੋਂ ਲੈ ਕੇ 15 ਵਿਆਹ ਸਲਾਨਾ ਪਿਛਲੇ ਲੰਬੇ ਸਮੇਂ ਤੋਂ ਕਰਵਾਉਂਦੇ ਆ ਰਹੇ ਹਨ ਅਤੇ ਪਿਛਲੇ 2 ਮਹੀਨਿਆਂ ਤੋਂ ਆਪਣੇ ਨਿੱਜੀ ਕੰਮਾਂ ਨੂੰ ਛੱਡ ਕੇ ਇਸ ਸਮਾਗਮ ਦੀਆਂ ਤਿਆਰੀਆਂ ਵਿੱਚ ਜੁਟੇ ਹੋਏ ਹਨ, ਪਹਿਲਾਂ ਅਜਿਹੇ ਜੋੜਿਆਂ ਦੀ ਭਾਲ ਕਰਕੇ , ਦੋਵਾਂ ਪਰਿਵਾਰਾਂ ਦੇ ਮੇਲ ਕਰਵਾਉਣਾ ਅਤੇ ਫਿਰ ਇਹਨਾਂ ਨੂੰ ਘਰੇਲੂ ਜਰੂਰਤ ਦਾ ਸਮਾਨ ਦੇਣ ਦੇ ਲਈ ਅਤੇ ਇਸ ਸਮਾਗਮ ਨੂੰ ਕਰਵਾਏ ਜਾਣ ਦੇ ਲਈ ਟੀਮ ਵੱਲੋਂ ਸਲਾਹ ਮਸ਼ਵਰੇ ਨਾਲ ਕੰਮ ਕੀਤਾ ਜਾਂਦਾ ਹੈ ਅਤੇ ਮੈਂ ਇਸ ਸਮੁੱਚੀ ਟੀਮ ਨੂੰ ਫਿਰ ਤੋਂ ਮੁਬਾਰਕਬਾਦ ਦਿੰਦਾ ਹਾਂ ਅਤੇ ਇਹਨਾਂ ਸਭਨਾ ਮੈਂਬਰਾਂ ਦੀ ਚੜ੍ਹਦੀ ਕਲਾ ਦੀ ਹਮੇਸ਼ਾ ਕਾਮਨਾ ਕਰਦਾ ਹਾਂ, ਇਸ ਮੌਕੇ ਤੇ ਇਸ ਮੌਕੇ ਤੇ ਆਈ.ਪੀ.ਐਸ. ਅਧਿਕਾਰੀ -ਹਰਪ੍ਰੀਤ ਸਿੰਘ , ਸੇਵਾ ਮੁਕਤ ਆਈ.ਏ.ਐਸ.- ਅਧਿਕਾਰੀ ਪ੍ਰਿਥਵੀ ਚੰਦ , ਡਾਕਟਰ ਸਤਿੰਦਰ ਸਿੰਘ ਭਵਰਾ- ਡਾਇਰੈਕਟਰ ਜੇ. ਐਲ. ਪੀ.ਐਲ., ਪਰਮਜੀਤ ਸਿੰਘ ਚੌਹਾਨ - ਡਾਇਰੈਕਟਰ ਜੇ.ਐਲ.ਪੀ.ਐਲ., ਕੁਲਦੀਪ ਸਿੰਘ ਸਮਾਣਾ, ਰਜਿੰਦਰ ਪ੍ਰਸਾਦ ਸ਼ਰਮਾ, ਹਰਪਾਲ ਸਿੰਘ ਚੰਨਾ, ਮੈਡਮ ਜਗਜੀਤ ਕੌਰ ਕਾਹਲੋਂ- ਚੇਅਰਪਰਸਨ ਹਰੀ ਸਿੰਘ ਮੈਮੋਰੀਅਲ ਚੈਰੀਟੇਬਲ ਇੰਗਲਿਸ਼ ਸਕੂਲ ਮੋਹਾਲੀ, ਐਸ.ਐਸ. ਬਰਨਾਲਾ, ਕੌਂਸਲਰ - ਅਮਰਜੀਤ ਸਿੰਘ, ਹਰਮੇਸ਼ ਸਿੰਘ ਕੁੰਬੜਾ, ਰਮਨਪ੍ਰੀਤ ਕੌਰ ਕੁੰਬੜਾ- ਕੌਂਸਲਰ, ਬਾਬਾ ਉਮਰਾਓ ਸਿੰਘ ਲੰਮੇਆਣਾ ਸਾਹਿਬ ਵਾਲੇ, ਕੌਂਸਲਰ ਗੁਰਮੁਖ ਸਿੰਘ ਸੋਹਲ, ਨੰਬਰਦਾਰ -ਹਰਸੰਗਤ ਸਿੰਘ ਸੁਹਾਣਾ ,ਨਸੀਬ ਸਿੰਘ ਸੰਧੂ- ਕੌਂਸਲਰ, ਸਾਬਕਾ ਕੌਂਸਲਰ ਜਸਵੀਰ ਕੌਰ ਅਤਲੀ, ਡਾਕਟਰ ਐਸ. ਪੀ. ਸਿੰਘ -ਐਮ.ਡੀ. ਗਰੁੱਪ ਆਫ ਇੰਡਸ ਹੋਸਪਿਟਲ, , ਹਰਮਿੰਦਰ ਬਜਾਜ ਪ੍ਰਪਰਾਈਟਰ ਤੋਂ ਇਲਾਵਾ ਡਾਕਟਰ ਲਖਵਿੰਦਰ ਸਿੰਘ, ਭਗਵਾਨ ਸਿੰਘ ਗਿੱਲ -ਐਮ.ਡੀ., ਹਰਜਿੰਦਰ ਸਿੰਘ ਰੰਗੀ ਐਮ.ਡੀ. ਹਾਈਲੈਂਡ ਮੇ ਫੀਲਡ , ਜਸਪਾਲ ਸਿੰਘ ਮਟੌਰ, ਅਮਰਜੀਤ ਸਿੰਘ ਸਿੱਧੂ, ਹਰਪਾਲ ਸਿੰਘ ਬਰਾੜ, ਹਰਮਿੰਦਰ ਸਿੰਘ ਸੈਣੀ, ਕੁਲਦੀਪ ਕੌਰ ,ਸਤਨਾਮ ਸਿੰਘ ਬਲੌਂਗੀ, ਗੁਰਪ੍ਰੀਤ ਸਿੰਘ ਬਰਿਆਲੀ, ਗੁਰਜਿੰਦਰ ਸਿੰਘ ਬੱਲੋ ਮਾਜਰਾ, ਅਵਤਾਰ ਸਿੰਘ ਮੌਲੀ ਵਿੱਕੀਐਮਸੀ. ਹਰਜੀਤ ਸਿੰਘ ਭੋਲੂ ਕੌਂਸਲਰ ਕੇਸਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਚਮਕੌਰ ਸਾਹਿਬ ,ਪਵਨ ਕੁਮਾਰ ਧੀਮਾਨ, ਗੁਰਮੀਤ ਸਿੰਘ ਵਾਲੀਆ- , ਬਿਕਰਮ ਸਿੰਘ ਸਰਾ,ਹਾਜ਼ਰ ਸਨ।

ਮੋਰਿੰਡਾ ਵਿੱਚ ਫੂਡ ਸੇਫਟੀ ਟੀਮ ਵੱਲੋਂ ਵੱਖ-ਵੱਖ ਖਾਣ ਪੀਣ ਵਾਲੀਆਂ ਦੁਕਾਨਾਂ ਦੀ ਜਾਂਚ ਕੀਤੀ ਗਈ



ਮੋਰਿੰਡਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਿਵਲ ਸਰਜਨ ਡਾ. ਵਿਵੇਕ ਕਟਾਰੀਆ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਫੂਡ ਸੇਫਟੀ ਟੀਮ ਵੱਲੋਂ ਮੋਰਿੰਡਾ ਦੀਆਂ ਵੱਖ-ਵੱਖ ਖਾਣ-ਪੀਣ ਵਾਲੀਆਂ ਦੁਕਾਨਾਂ ਅਤੇ ਅਦਾਰਿਆਂ ਦੀ ਜਾਂਚ ਕੀਤੀ ਗਈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ ਫੂਡ ਸੇਫਟੀ ਮਨਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਜਾਂਚ ਦੌਰਾਨ ਫੂਡ ਬਿਜ਼ਨਸ ਆਪਰੇਟਰਾਂ ਨੂੰ ਖਾਣ-ਪੀਣ ਵਾਲੀਆਂ ਵਸਤਾਂ ਦੀ ਤਿਆਰੀ ਅਤੇ ਸਟੋਰੇਜ ਸਮੇਂ ਸਾਫ਼-ਸਫ਼ਾਈ ਅਤੇ ਸਵੱਛਤਾ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਗਈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਚੰਗੀਆਂ ਸਫ਼ਾਈ ਪ੍ਰਥਾਵਾਂ, ਚੰਗੀਆਂ ਨਿਰਮਾਣ ਪ੍ਰਥਾਵਾਂ ਅਤੇ ਖੁਰਾਕ ਸੁਰੱਖਿਆ ਸਬੰਧੀ ਨਿਰਧਾਰਤ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਲਈ ਵੀ ਕਿਹਾ ਗਿਆ।

ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਮਠਿਆਈਆਂ ਅਤੇ ਪਨੀਰ ਦੇ ਕੁੱਲ ਤਿੰਨ ਸੈਂਪਲ ਲਏ ਗਏ ਹਨ। ਇਹ ਸੈਂਪਲ ਜਾਂਚ ਲਈ ਸਟੇਟ ਫੂਡ ਲੈਬਾਰਟਰੀ ਵਿਖੇ ਭੇਜ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਲੈਬਾਰਟਰੀ ਤੋਂ ਜਾਂਚ ਰਿਪੋਰਟਾਂ ਪ੍ਰਾਪਤ ਹੋਣ ਉਪਰੰਤ ਨਿਯਮਾਂ ਅਨੁਸਾਰ ਅਗਲੀ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਧੁਨ ਗਰੁੱਪ ਆ.ਫ ਇੰਸਟੀਚਿਊਟਸ ਵਿਖੇ ਦੀਵਾਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਧੁਨ ਗਰੁੱਪ ਆਫ਼ ਇੰਸਟੀਚਿਊਟਸ, ਪਟਿਆਲਾ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਡੀਨ, ਡਿਪਾਰਟਮੈਂਟ ਆਫ਼ ਲਾਅ, ਪ੍ਰੋ. ਭੁਪਿੰਦਰ ਸਿੰਘ ਵਿਰਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੰਸਥਾ ਦੇ ਮਾਣਯੋਗ ਆਨਰੇਰੀ ਸਕੱਤਰ ਡਾ. ਸਚਿਨ ਮਲਿਕ ਅਤੇ ਡਾਇਰੈਕਟਰ ਡਾ. ਸੰਜੀਵ ਕੁਮਾਰ ਸਮੇਤ ਵਾਈਸ ਪ੍ਰਿੰਸੀਪਲ ਵੱਲੋਂ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ।

ਸਮਾਗਮ ਦਾ ਉਦਘਾਟਨ ਲਾਅ ਵਿਭਾਗ ਦੀ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਬਲਜਿੰਦਰ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬੀ ਲੋਕ ਨਾਚ, ਗੀਤ-ਸੰਗੀਤ, ਕੋਰੀਓਗ੍ਰਾਫੀ ਅਤੇ ਰੈਂਪ ਵਾਕ ਰਾਹੀਂ ਆਪਣੀ ਕਲਾ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਦੀਆਂ ਮਨਮੋਹਕ ਪੇਸ਼ਕਾਰੀਆਂ ਨੇ ਸਮਾਗਮ ਵਿੱਚ ਚਾਰ ਚੰਨ ਲਗਾ ਦਿੱਤੇ।

ਸੰਸਥਾ ਦੇ ਮਾਣਯੋਗ ਆਨਰੇਰੀ ਸਕੱਤਰ ਡਾ. ਸਚਿਨ ਮਲਿਕ ਅਤੇ ਡਾਇਰੈਕਟਰ ਡਾ. ਸੰਜੀਵ ਕੁਮਾਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਜੀਵਨ ਵਿੱਚ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦਿਆਂ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

ਸਮਾਗਮ ਦੇ ਅੰਤ ਵਿੱਚ ਫਾਰਮੇਸੀ ਵਿਭਾਗ ਦੇ ਵਾਈਸ ਪ੍ਰਿੰਸੀਪਲ ਨੇਹਾ ਯਾਦਵ ਵੱਲੋਂ ਧੰਨਵਾਦ ਮਤਾ ਪੇਸ਼ ਕੀਤਾ ਗਿਆ। ਇਹ ਸਮਾਗਮ ਵਿਦਿਆਰਥੀਆਂ ਲਈ ਆਪਣੀ ਸੱਭਿਆਚਾਰਕ ਪ੍ਰਤਿਭਾ, ਰਚਨਾਤਮਕਤਾ ਅਤੇ ਆਤਮ-ਵਿਸ਼ਵਾਸ ਨੂੰ ਪ੍ਰਗਟ ਕਰਨ ਦਾ ਇੱਕ ਯਾਦਗਾਰ ਮੌਕਾ ਸਾਬਤ ਹੋਇਆ।

ਨੌਰਥ ਜ਼ੋਨ ਪ੍ਰੀ-ਗਣਤੰਤਰ ਦਿਵਸ ਪਰੇਡ ਕੈਂਪ ਵਿੱਚ ਪੰਜਾਬ ਅਤੇ ਪੰਜਾਬੀ ਯੂਨੀਵਰਸਿਟੀ ਦੀ ਨੁਮਾਇੰਦਗੀ ਕਰਨ ਵਾਲੀ ਐੱਨ.ਐੱਸ.ਐੱਸ. ਵਲੰਟੀਅਰ ਸੁਖਦੀਪ ਕੌਰ ਦਾ ਵਾਈਸ-ਚਾਂਸਲਰ ਵੱਲੋਂ ਸਨਮਾਨ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਐੱਨ.ਐੱਸ.ਐੱਸ. ਵਿਭਾਗ ਦੀ ਬਿਆਸ ਯੂਨਿਟ ਅਤੇ ਅਰਥਸ਼ਾਸਤਰ ਵਿਭਾਗ ਦੀ ਵਿਦਿਆਰਥਣ ਸੁਖਦੀਪ ਕੌਰ ਵੱਲੋਂ ਨੌਰਥ ਜ਼ੋਨ ਪ੍ਰੀ-ਗਣਤੰਤਰ ਦਿਵਸ ਪਰੇਡ ਕੈਂਪ ਵਿੱਚ ਭਾਗ ਲੈ ਕੇ ਯੂਨੀਵਰਸਿਟੀ ਅਤੇ ਪੰਜਾਬ ਰਾਜ ਦੀ ਨੁਮਾਇੰਦਗੀ ਕਰਨ;ਤੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਡਾ. ਜਗਦੀਪ ਸਿੰਘ ਵੱਲੋਂ ਉਸ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਇਹ ਕੈਂਪ ਮਿਤੀ 22 ਤੋਂ 31 ਅਕਤੂਬਰ 2026 ਤੱਕ ਦਰੋਣਾਚਾਰੀਆ ਕਾਲਜ ਆਫ਼ ਇੰਜੀਨੀਅਰਿੰਗ, ਗੁਰੂਗ੍ਰਾਮ (ਹਰਿਆਣਾ) ਵਿਖੇ ਆਯੋਜਿਤ ਕੀਤਾ ਗਿਆ ਸੀ। ਇਸ ਕੈਂਪ ਵਿੱਚ ਪੰਜਾਬ ਭਰ ਤੋਂ ਚੁਣੇ ਗਏ 42 ਵਲੰਟੀਅਰਾਂ ਵਿੱਚੋਂ ਪੰਜਾਬੀ ਯੂਨੀਵਰਸਿਟੀ ਦੇ ਐੱਨ.ਐੱਸ.ਐੱਸ. ਵਿਭਾਗ ਨਾਲ ਸਬੰਧਤ ਨੌਂ ਵਲੰਟੀਅਰਾਂ ਨੇ ਆਪਣੀ ਜਗ੍ਹਾ ਬਣਾਈ, ਜੋ ਕਿ ਯੂਨੀਵਰਸਿਟੀ ਅਤੇ ਸਬੰਧਤ ਕਾਲਜਾਂ ਲਈ ਮਾਣ ਵਾਲੀ ਗੱਲ ਹੈ।

ਇਸ ਮੌਕੇ ਵਾਈਸ-ਚਾਂਸਲਰ ਪ੍ਰੋ. ਡਾ. ਜਗਦੀਪ ਸਿੰਘ ਨੇ ਸੁਖਦੀਪ ਕੌਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਕੌਮੀ ਪੱਧਰ ਦੇ ਕੈਂਪ ਨੌਜਵਾਨਾਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ, ਦੇਸ਼ ਭਗਤੀ ਅਤੇ ਟੀਮ ਭਾਵਨਾ ਵਰਗੇ ਗੁਣਾਂ ਨੂੰ ਵਿਕਸਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਕਿਹਾ ਕਿ ਯੂਨੀਵਰਸਿਟੀ ਲਈ ਇਹ ਮਾਣ ਵਾਲੀ ਗੱਲ ਹੈ ਕਿ ਉਸ ਦੀ ਵਿਦਿਆਰਥਣ ਨੇ ਪੰਜਾਬ ਅਤੇ ਯੂਨੀਵਰਸਿਟੀ ਦੀ ਨੁਮਾਇੰਦਗੀ ਕਰਦਿਆਂ ਇਸ ਵੱਕਾਰੀ ਕੈਂਪ ਵਿੱਚ ਭਾਗ ਲਿਆ। ਇਸ ਮੌਕੇ ਐੱਨ.ਐੱਸ.ਐੱਸ. ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਨੇ ਚੋਣ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰੀ-ਆਰ.ਡੀ. ਕੈਂਪ ਲਈ ਵਲੰਟੀਅਰਾਂ ਦੀ ਚੋਣ ਵੱਖ-ਵੱਖ ਪੱਧਰਾਂ &#CI;ਤੇ ਜਿਵੇ ਕਿ ਯੂਨੀਵਰਸਿਟੀ ਲੈਵਲ ਅਤੇ ਸਟੇਟ ਲੈਵਲ ਉਪਰ ਉਨ੍ਹਾਂ ਦੀ ਪਰੇਡ ਵਿੱਚ ਮੁਹਾਰਤ, ਸਰੀਰਕ ਤੰਦਰੁਸਤੀ, ਅਨੁਸ਼ਾਸਨ, ਸਮਰਪਣ ਅਤੇ ਸਮੁੱਚੀ ਕਾਰਗੁਜ਼ਾਰੀ ਦੇ ਆਧਾਰ &#CI;ਤੇ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੁਖਦੀਪ ਕੌਰ ਦੀ ਇਹ ਪ੍ਰਾਪਤੀ ਉਸ ਦੀ ਮਿਹਨਤ ਅਤੇ ਲਗਨ ਦੇ ਨਾਲ-ਨਾਲ ਐੱਨ.ਐੱਸ.ਐੱਸ. ਵੱਲੋਂ ਵਿਦਿਆਰਥੀਆਂ ਨੂੰ ਰਾਸ਼ਟਰੀ ਪੱਧਰ ਦੇ ਮੌਕੇ ਪ੍ਰਦਾਨ ਕਰਨ ਦੇ ਯਤਨਾਂ ਦਾ ਨਤੀਜਾ ਹੈ।

ਡਾ. ਜਸਦੀਪ ਸਿੰਘ ਤੂਰ, ਮੁਖੀ, ਅਰਥਸ਼ਾਸਤਰ ਵਿਭਾਗ ਨੇ ਵੀ ਸੁਖਦੀਪ ਕੌਰ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਅਜਿਹੀਆਂ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸ਼ਮੂਲੀਅਤ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ। ਉਨ੍ਹਾਂ ਨੇ ਸੁਖਦੀਪ ਕੌਰ ਦੀ ਇਸ ਪ੍ਰਾਪਤੀ ;ਤੇ ਮਾਣ ਪ੍ਰਗਟ ਕਰਦਿਆਂ ਉਸ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਅਰਥਸ਼ਾਸਤਰ ਵਿਭਾਗ ਦੇ ਮੁਖੀ ਡਾ. ਜਸਦੀਪ ਸਿੰਘ ਤੂਰ, ਯੂਥ ਵੈਲਫੇਅਰ ਵਿਭਾਗ ਦੇ ਡਾਇਰੈਕਟਰ ਡਾ. ਭੀਮਿੰਦਰ ਅਤੇ ਐੱਨ.ਐੱਸ.ਐੱਸ. ਬਿਆਸ ਯੂਨਿਟ ਦੇ ਪ੍ਰੋਗਰਾਮ ਅਫ਼ਸਰ ਡਾ. ਨਮਰਤਾ ਵਧੇਰਾ ਵੀ ਮੌਜੂਦ ਸਨ।

ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਹੋਇਆ ਆਗਾਜ਼



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪੱਧਰੀ ਸਕੂਲ ਪ੍ਰਾਇਮਰੀ ਖੇਡਾਂ ਦਾ ਹੋਇਆ ਆਗਾਜ਼ ਪ੍ਰੋਫੈਸਰ ਗੁਰਸੇਵਕ ਸਿੰਘ ਸਰਕਾਰੀ ਸਰੀਰਕ ਸਿੱਖਿਆ ਕਾਲਜ ਵਿਖੇ ਹੋਇਆ।ਅੱਜ ਮੁਖ ਮਹਿਮਾਨ ਦੇ ਤੌਰ ਤੇ ਡਾ ਪੁਸ਼ਪਿੰਦਰ ਸਿੰਘ ਗਿੱਲ (ਵਾਈਸ ਚਾਂਸਲਰ ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ),ਡਾ. ਹਰਮਨਜੋਤ ਕੌਰ (ਪ੍ਰਿੰਸੀਪਲ ਫਿਜੀਕਲ ਕਾਲਜ ਪਟਿਆਲਾ) ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਨੇ ਅਸਮਾਨ ਵਿੱਚ ਗੁਬਾਰੇ ਛੱਡਦੇ ਹੋਏ ਜ਼ਿਲਾ ਪੱਧਰੀ ਪ੍ਰਾਇਮਰੀ ਖੇਡਾਂ ਦਾ ਆਗਾਜ਼ ਕੀਤਾ।

ਇਹਨਾਂ ਪ੍ਰਾਇਮਰੀ ਖੇਡਾਂ ਵਿੱਚ 16 ਬਲਾਕਾਂ ਦੇ ਖਿਡਾਰੀ ਭਾਗ ਲੈ ਰਹੇ ਹਨ। ਖਿਡਾਰੀਆਂ ਦੀ ਗਿਣਤੀ ਲਗਭਗ 3000 ਹੈ। ਇਹਨਾਂ ਖੇਡਾਂ ਵਿੱਚ ਅਥਲੈਟਿਕਸ, ਲੰਬੀਛਾਲ, ਬੈਡਮਿੰਟਨ, ਕੁਸ਼ਤੀਆਂ, ਸ਼ਤਰੰਜ, ਤੈਰਾਕੀ, ਕਬੱਡੀ ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ, ਜਿਮਨਾਸਟਿਕ, ਰੱਸਾਕੱਸੀ ਖੇਡਾਂ ਕਰਵਾਈਆਂ ਜਾਣਗੀਆਂ। ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ ਨੇ ਸਾਰੇ ਆਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ। ਸਮੂਹ ਜ਼ਿਲਾ ਖੇਡ ਕਮੇਟੀ ਅਤੇ ਸਮੂਹ ਬੀਪੀਈਓ ਸਾਹਿਬਾਨ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

ਸਰਕਾਰੀ ਵਿਕਟੋਰੀਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬੱਚਿਆਂ ਨੂੰ ਸਟੇਸ਼ਨਰੀ ਵੰਡੀ ਗਈ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਗਰਵਾਲ ਚੇਤਨਾ ਸਭਾ ਵੱਲੋਂ ਸਰਕਾਰੀ ਵਿਕਟੋਰੀਆ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਬੱਚਿਆਂ ਨੂੰ ਦੀਵਾਲੀ ਦੇ ਮੌਕੇ ਤੇ ਸਟੇਸ਼ਨਰੀ ਵੰਡੀ ਗਈ ਅਤੇ ਉਨ੍ਹਾਂ ਨੂੰ ਗਰੀਨ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ ਗਿਆਕਿ ਉਹ ਗਰੀਨ ਦੀਵਾਲੀ ਮਨਾਉਣ, ਵਾਤਾਵਰਨ ਨੂੰ ਸ਼ੁੱਧ ਕਰਨ ਲਈ, ਛੋਟੇ ਬੱਚਿਆਂ ਨੂੰ ਮਾਤਾ—ਪਿਤਾ ਦੀ ਦੇਖ—ਰੇਖ ਵਿੱਚ ਪਟਾਕੇ ਚਲਾਉਣ ਸਮੇਂ ਉਨ੍ਹਾਂ ਦੇ ਨਾਲ ਰਹਿਣ, ਅੱਜ—ਕਲ ਜਿਸ ਤਰ੍ਹਾਂ ਵਾਤਾਵਰਨ ਪਰਾਲੀ ਸਾੜਨ ਨਾਲ ਅਤੇ ਦੀਵਾਲੀ ਦੇ ਤਿਉਹਾਰ ਦੇ ਮੌਕੇ ਵਾਤਾਵਰਨ ਪ੍ਰਦੂਸ਼ਿਤ ਹੋ ਜਾਂਦਾ ਹੈ ਉਸ ਤੋਂ ਸਾਨੂੰ ਬਚਨ ਦੀ ਲੋੜ ਹੈ ਕਿਉਂਕਿ ਵਾਤਾਵਰਨ ਸ਼ੁੱਧ ਨਾ ਹੋਵੇ ਤਾਂ ਬੀਮਾਰੀਆਂ ਵੀ ਫੈਲਦੀਆਂ ਹਨ ਅਤੇ ਜਿਆਦਾ ਤੋਂ ਜਿਆਦਾ ਪਲਾਸਟਿਕ ਦੇ ਲਿਫਾਫਿਆਂ ਤੋਂ ਬਚਣਾ ਚਾਹੀਦਾ ਹੈ। ਉਸਦੀ ਥਾਂ ਸਾਨੂੰ ਕੱਪੜੇ ਤੇ ਜੂਟ ਦੇ ਥੈਲੇ ਦੀ ਵਰਤੋ ਕਰਨੀ ਚਾਹੀਦੀ ਹੈ ਤੇ ਜੂਟ ਦੇ ਥੈਲੇ ਦੀ ਵਰਤੋ ਕਰਨੀ ਚਾਹੀਦੀ ਹੈ। ਅਸੀਂ ਦੇਖਦੇ ਹਾਂ ਕਿ ਪਿੰਡਾਂ ਵਿੱਚ ਜਦ ਫਸਲ ਕੱਟੀ ਜਾਂਦੀ ਹੈ ਉਸ ਤੋਂ ਬਾਅਦ ਪਰਾਲੀ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ ਜਿਸ ਨਾਲ ਸਾਡਾ ਵਾਤਾਵਰਨ ਸ਼ੁੱਧ ਨਹੀਂ ਰਹਿੰਦਾ ਜਿਸ ਨਾਲ ਸਾਹ ਲੈਣ ਵਿੱਚ ਦਿੱਕਤ ਆਉਂਦੀ ਹੈ। ਇਸ ਲਈ ਅਸੀਂ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਗਰੀਨ ਪਟਾਕੇ ਦੀ ਦੀਵਾਲੀ ਮਨਾਉਣ ਦੀ ਸਲਾਹ ਦਿੰਦੇ ਹਾਂ ਤਾਂ ਜ਼ੋ ਸਾਡਾ ਵਾਤਾਵਰਨ ਸ਼ੁੱਧ ਰਹੇ ਅਤੇ ਬੀਮਾਰੀਆਂ ਤੋਂ ਰਹਿਤ ਰਹੇ। ਅੱਜ ਮੋਮਬੱਤੀਆਂ ਅਤੇ ਫੁਲਝੜੀਆਂ ਜਗਾ ਤੇ ਗਰੀਨ ਦੀਵਾਲੀ ਦਾ ਸੰਦੇਸ਼ ਦਿੱਤਾ ਗਿਆ। ਇਸ ਅਵਸਰ ਤੇ ਸ੍ਰੀ ਵਿਜੇ ਕੁਮਾਰ ਗੋਇਲ (ਪੈਟਰਨ) ਅਗਰਵਾਲ ਚੇਤਨਾ ਸਭਾ, ਸ੍ਰੀ ਰਾਜੇਸ਼ ਗਰਗ ਜੀ (ਪ੍ਰਿੰਸੀਪਲ ਵਿਕਟੋਰੀਆ ਸਕੂਲ), ਦਿਨੇਸ਼ ਕੁਮਾਰ, ਰੁਚੀਗ ਜਿੰਦਲ, ਗੀਤੂ ਜਿੰਦਲ ਨੇ ਭਾਗ ਲਿਆ। ਇਸ ਮੌਕੇ ਤੇ ਰਾਸ਼ਟਰੀ ਅਵਾਰਡੀ ਦਿਨੇਸ਼ ਕੁਮਾਰ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਪਟਿਆਲਾ ਤੋਂ ਚੱਲਦੇ ਫਰਜ਼ੀ ਕਾਲ ਸੈਂਟਰ ਤੋਂ ਅਮਰੀਕੀਆਂ ਨਾਲ ਕਰੋੜਾਂ ਦੀ ਠੱਗੀ, ਈਡੀ ਵੱਲੋਂ 4 ਗ੍ਰਿਫ਼ਤਾਰ

ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਐਨਫੋਰਸਮੈਂਟ ਡਾਇਰੈਕਟੋਰੇਟ (54) ਨੇ ਪਟਿਆਲਾ,ਚੰਡੀਗੜ੍ਹ/ਮੁਹਾਲੀ ਅਤੇ ਹੈਦਰਾਬਾਦ ਤੋਂ ਚੱਲ ਰਹੇ ਕਾਲ ਸੈਂਟਰਾਂ ਰਾਹੀਂ ਕਈ ਅਮਰੀਕੀ ਨਾਗਰਿਕਾਂ ਨਾਲ ਕਥਿਤ ਠੱਗੀ ਮਾਰਨ ਵਾਲੇ ਇੱਕ ਅੰਤਰਰਾਸ਼ਟਰੀ ਧੋਖਾਧੜੀ ਗਿਰੋਹ ਦੇ ਸਬੰਧ ਵਿੱਚ ਪਟਿਆਲਾ ਤੋਂ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਕਥਿਤ ਮੁਲਜ਼ਮ,ਜਿਨ੍ਹਾਂ ਦੀ ਪਛਾਣ ਹਰਸ਼ਿਲ ਨਯਨਭਾਈ ਰਾਵਲ, ਜਸਵੰਤ ਸਿੰਘ,ਚੇਤਨ ਮੁੰਜਾਲ ਅਤੇ ਪ੍ਰਣਵ ਪਿਠਾੜੀਆ ਵਜੋਂ ਹੋਈ ਹੈ,ਨੂੰ ਬੁੱਧਵਾਰ ਨੂੰ ਪਟਿਆਲਾ ਦੇ ਦੋ ਟਿਕਾਣਿਆਂ ਤੋਂ ਗ੍ਰਿਫ਼ਤਾਰ ਕੀਤਾ ਗਿਆ। ਬਾਅਦ ਵਿੱਚ, ਏਜੰਸੀ ਵੱਲੋਂ ਸਥਾਨਕ ਅਦਾਲਤ ਤੋਂ ਉਨ੍ਹਾਂ ਦਾ ਟ੍ਰਾਂਜ਼ਿਟ ਰਿਮਾਂਡ ਹਾਸਲ ਕਰਨ ਤੋਂ ਬਾਅਦ ਉਨ੍ਹਾਂ ਨੂੰ ਹੈਦਰਾਬਾਦ ਲਿਜਾਇਆ ਗਿਆ।

ਇਹ ਗੈਂਗ ਪਹਿਲਾਂ ਤਿਲੰਗਾਨਾ ਦੇ ਹੈਦਰਾਬਾਦ ਦੇ ਇੱਕ ਪ੍ਰਮੁੱਖ ਉਪ-ਸ਼ਹਿਰੀ ਇਲਾਕੇ ਅਤੇ ਤਕਨਾਲੋਜੀ ਹੱਬ ਮਾਧਾਪੁਰ ਵਿੱਚ ਇੱਕ ਧੋਖਾਧੜੀ ਵਾਲਾ ਕਾਲ ਸੈਂਟਰ ਚਲਾ ਰਿਹਾ ਸੀ। ਪੁਲੀਸ ਛਾਪੇਮਾਰੀ ਤੋਂ ਬਾਅਦ,ਦੋਸ਼ੀਆਂ ਨੇ ਕਥਿਤ ਤੌਰ 'ਤੇ ਆਪਣਾ ਕੰਮਕਾਜ ਪਟਿਆਲਾ ਵਿੱਚ ਤਬਦੀਲ ਕਰ ਲਿਆ ਸੀ।

ਈਡੀ ਨੇ ਉਨ੍ਹਾਂ ਨੂੰ ਅਮਰੀਕੀ ਨਾਗਰਿਕਾਂ ਨੂੰ ਨਿਸ਼ਾਨਾ ਬਣਾਉਣ, ਧੋਖਾਧੜੀ ਕਰਨ ਅਤੇ ਅਪਰਾਧ ਤੋਂ ਕਮਾਈ ਗਈ ਰਕਮ ਨੂੰ ਖੁਰਦ-ਬੁਰਦ (ਮਨੀ ਲਾਂਡਰਿੰਗ) ਕਰਨ ਦੇ ਦੋਸ਼ਾਂ ਹੇਠ ਪ੍ਰੀਵੈਂਸ਼ਨ ਆਫ਼ ਮਨੀ ਲਾਂਡਰਿੰਗ ਐਕਟ (PMLA),2002 ਦੀ ਧਾਰਾ 19(1) ਤਹਿਤ ਗ੍ਰਿਫ਼ਤਾਰ ਕੀਤਾ ਹੈ।

ਇਸ ਤੋਂ ਪਹਿਲਾਂ,ਵਿਕਾਸ ਨਿਮਾਰ ਨੂੰ 27 ਜੁਲਾਈ,ਤਾਰਾਚੰਦ ਨਿਮਾਰ ਨੂੰ 5 ਅਗਸਤ ਅਤੇ ਇਮਰਾਨ ਅਸਗਰੀ ਨੂੰ 10 ਅਕਤੂਬਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਤਾਜ਼ਾ ਗ੍ਰਿਫ਼ਤਾਰੀਆਂ ਨਾਲ ਇਸ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਕੁੱਲ ਗਿਣਤੀ ਸੱਤ ਹੋ ਗਈ ਹੈ। ਈਡੀ ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਏਜੰਸੀ ਨੇ 15 ਸਤੰਬਰ ਨੂੰ ਪੀਐੱਮਐੱਲਏ (PMLA) ਦੀ ਧਾਰਾ 17 ਤਹਿਤ ਪਟਿਆਲਾ,ਪੁਣੇ ਅਤੇ ਚੰਡੀਗੜ੍ਹ ਵਿੱਚ ਚਾਰ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਸੀ। ਛਾਪੇਮਾਰੀ ਦੌਰਾਨ,ਪਟਿਆਲਾ ਵਿੱਚ ਦੋ ਅਤੇ ਪੁਣੇ ਵਿੱਚ ਇੱਕ ਕਾਲ ਸੈਂਟਰ ਚੱਲਦਾ ਪਾਇਆ ਗਿਆ,ਜਿਨ੍ਹਾਂ ਵਿੱਚ ਲਗਪਗ 220 ਵਿਅਕਤੀ ਕੰਮ ਕਰ ਰਹੇ ਸਨ।

ਏਜੰਸੀ ਨੇ ਪਾਇਆ ਹੈ ਕਿ ਗੈਂਗ ਨੇ ਕਥਿਤ ਤੌਰ 'ਤੇ ਅਪਰਾਧ ਤੋਂ ਕਮਾਏ ਪੈਸੇ ਨੂੰ ਰੀਅਲ ਅਸਟੇਟ,ਸੋਨੇ, ਵਾਹਨਾਂ ਅਤੇ ਵੱਖ-ਵੱਖ ਕਾਰੋਬਾਰਾਂ ਵਿੱਚ ਲਗਾਇਆ। ਅਪਰਾਧ ਦੀ ਕੁੱਲ ਕਮਾਈ 261 ਕਰੋੜ ਰੁਪਏ ਦੱਸੀ ਗਈ ਹੈ, ਜਿਸ ਵਿੱਚੋਂ ਇੱਕ ਹਿੱਸਾ ਚੰਡੀਗੜ੍ਹ ਦੇ ਆਲੇ-ਦੁਆਲੇ ਰੀਅਲ ਅਸਟੇਟ ਵਿੱਚ ਨਿਵੇਸ਼ ਕੀਤਾ ਗਿਆ ਦੱਸਿਆ ਗਿਆ ਹੈ।

ਜਾਂਚ ਦੌਰਾਨ, ਈਡੀ ਨੇ 79 ਡਿਜੀਟਲ ਉਪਕਰਨਾਂ ਦੀ ਫੋਰੈਂਸਿਕ ਜਾਂਚ ਕੀਤੀ ਅਤੇ ਕਾਲ-ਸੈਂਟਰ ਚੈਟ,ਲੇਜ਼ਰ, ਕਾਲ ਡਾਟਾ, ਪੀੜਤਾਂ ਦੇ ਵੇਰਵੇ ਅਤੇ ਕ੍ਰਿਪਟੋਕਰੰਸੀ ਵਾਲਿਟ ਬਰਾਮਦ ਕੀਤੇ। ਛਾਪੇਮਾਰੀ ਦੌਰਾਨ ਪਟਿਆਲਾ ਤੋਂ ਜਾਅਲੀ ਸਰਕਾਰੀ ਦਸਤਾਵੇਜ਼ ਅਤੇ ਜਾਅਲੀ ਸ਼ਨਾਖਤੀ ਕਾਰਡ ਵੀ ਜ਼ਬਤ ਕੀਤੇ ਗਏ।

ਈਡੀ ਅਧਿਕਾਰੀਆਂ ਨੇ ਪਾਇਆ ਸੀ ਕਿ ਗੈਂਗ ਨੇ ਕਥਿਤ ਤੌਰ 'ਤੇ ਵਿਅਕਤੀਆਂ ਦੇ ਨਾਂ, ਪਤੇ ਅਤੇ ਉਮਰ ਦੇ ਨਾਲ-ਨਾਲ ਲਗਭਗ 20 ਲੱਖ (ਦੋ ਮਿਲੀਅਨ) ਅਮਰੀਕੀ ਟੈਲੀਫ਼ੋਨ ਨੰਬਰ ਖਰੀਦੇ ਸਨ। ਨਿਸ਼ਾਨਾ ਬਣਾਏ ਗਏ ਬਹੁਤ ਸਾਰੇ ਵਿਅਕਤੀ ਬਜ਼ੁਰਗ ਨਾਗਰਿਕ ਸਨ। ਇਹ ਡਾਟਾ ਜਰਮਨੀ ਅਤੇ ਫਿਨਲੈਂਡ ਦੇ ਸਰਵਰਾਂ 'ਤੇ ਹੋਸਟ ਕੀਤੇ ਆਟੋ-ਡਾਇਲਰਾਂ 'ਤੇ ਅਪਲੋਡ ਕੀਤਾ ਗਿਆ ਸੀ।

ਹੁਣ ਤੱਕ, ਜਾਂਚਕਰਤਾਵਾਂ ਨੇ 549 ਪੀੜਤਾਂ ਦੀ ਪਛਾਣ ਕੀਤੀ ਹੈ, ਜਿਨ੍ਹਾਂ ਵਿੱਚੋਂ ਬਹੁਤ ਸਾਰੇ 1940 ਦੇ ਦਹਾਕੇ ਵਿੱਚ ਪੈਦਾ ਹੋਏ ਸਨ। ਈਡੀ ਨੇ ਦੱਸਿਆ ਕਿ 6,463 ਅਮਰੀਕੀ ਟੈਲੀਫ਼ੋਨ ਨੰਬਰਾਂ 'ਤੇ ਕਥਿਤ ਤੌਰ 'ਤੇ ਕਾਲਾਂ ਜਾਂ ਸੁਨੇਹੇ ਭੇਜੇ ਗਏ ਸਨ।

ਆਤਮ ਹੱਤਿਆਂਵਾ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਸਗੋਂ ਇਹ ਪਰਿਵਾਰ ਅਤੇ ਸਮਾਜ ਲਈ ਸਭ ਤੋਂ ਵੱਡਾ ਦੁੱਖ ਛੱਡ ਜਾਂਦੀਆਂ ਹਨ: ਲੈਫਟੀਨੈਂਟ ਜਗਦੀਪ ਜੌਸੀ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਨਾਭਾ ਰੋਡ ਪਟਿਆਲਾ ਵਿਖੇ ਅੱਜ ਇੱਕ ਬਹੁਤ ਹੀ ਅਰਥਪੂਰਨ ਅਤੇ ਜਾਗਰੂਕਤਾ ਭਰਪੂਰ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਇਸ ਸੈਮੀਨਾਰ ਦਾ ਮੁੱਖ ਵਿਸ਼ਾ ਵੱਖ-ਵੱਖ ਵਿਭਾਗਾਂ ਵਿੱਚ ਮਾਨਸਿਕ ਤਨਾਅ ਕਾਰਨ ਹੋ ਰਹੀਆਂ ਆਤਮ ਹੱਤਿਆਂ ਨੂੰ ਰੋਕਣ ਸਬੰਧੀ, ਮਾਨਸਿਕ ਸਿਹਤ ਦੀ ਸੰਭਾਲ ਅਤੇ ਜੀਵਨ ਦੀ ਰੱਖਿਆ ਸੀ। ਇਹ ਸੈਮੀਨਾਰ ਸੰਸਥਾ ਦੀ ਡਿਪਟੀ ਡਾਇਰੈਕਟਰ-ਕਮ-ਪ੍ਰਿੰਸੀਪਲ ਸ੍ਰੀਮਤੀ ਦੀਪਾਲੀ ਜੀ ਅਤੇ ਵਾਇਸ ਪ੍ਰਿੰਸੀਪਲ ਸ੍ਰੀ ਰਾਕੇਸ਼ ਕੁਮਾਰ ਜੀ ਦੀ ਸਰਪ੍ਰਸਤੀ ਹੇਠ ਅਤੇ ਪੰਜ ਪੰਜਾਬ ਬਟਾਲੀਅਨ ਐਨ.ਸੀ.ਸੀ. ਦੇ ਐਡਮਿਨ ਅਫ਼ਸਰ ਸ੍ਰੀ ਸੰਦੀਪ ਰੋਆਏ ਜੀ ਦੀ ਅਗਵਾਈ ਹੇਠ ਕਰਵਾਇਆ ਗਿਆ।

ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਅਤੇ ਮੁੱਖ ਮਹਿਮਾਨ ਵਜੋਂ ਸਟੇਟ ਐਵਾਰਡੀ ਸ੍ਰੀ ਪਰਮਿੰਦਰ ਭਲਵਾਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕਾਊਂਸਲਿੰਗ ਸੈੱਲ ਪਟਿਆਲਾ ਪੁਲਿਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਪ੍ਰੋਗਰਾਮ ਦੀ ਪ੍ਰਧਾਨਗੀ ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ, ਅਤੇ ਸੁਖਵੰਤ ਸਿੰਘ ਟ੍ਰੇਨਿੰਗ ਅਫ਼ਸਰ ਨੇ ਕੀਤੀ।

ਵਿਸ਼ੇਸ਼ ਤੌਰ ਤੇ ਨਿਰਮਲ ਸਿੰਘ ਇੰਸਟਕਟਰ, ਜਗਜੀਤ ਸਿੰਘ ਇੰਸਟਕਟਰ, ਵਿਜੇ ਕੁਮਾਰ ਵਰਕਸ਼ਾਪ ਐਡੈਂਟਟ ਨੇ ਸ਼ਿਰਕਤ ਕੀਤੀ। ਇਸ ਮੌਕੇ ਇਸ ਪ੍ਰੋਗਰਾਮ ਦੇ ਮੁੱਖ ਬੁਲਾਰੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਆਈ ਟੀ ਆਈ ਦੇ ਸਟਾਫ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਮਾਨਸਿਕ ਤਨਾਅ ਇੱਕ ਗੰਭੀਰ ਸਮੱਸਿਆ ਬਣਦਾ ਜਾ ਰਿਹਾ ਹੈ। ਨੌਕਰੀ ਦਾ ਦਬਾਅ, ਪਰਿਵਾਰਕ ਸਮੱਸਿਆਵਾਂ, ਆਰਥਿਕ ਤੰਗੀ, ਇਕੱਲਾਪਨ ਅਤੇ ਸਮਾਜਿਕ ਦਬਾਅ ਕਾਰਨ ਕਈ ਵਾਰ ਵਿਅਕਤੀ ਹਿੰਮਤ ਹਾਰ ਬੈਠਦਾ ਹੈ। ਉਨ੍ਹਾਂ ਕਿਹਾ ਕਿ ਆਤਮ ਹੱਤਿਆ ਕਿਸੇ ਵੀ ਸਮੱਸਿਆ ਦਾ ਹੱਲ ਨਹੀਂ ਹੈ, ਸਗੋਂ ਇਹ ਪਰਿਵਾਰ ਅਤੇ ਸਮਾਜ ਲਈ ਸਭ ਤੋਂ ਵੱਡਾ ਦੁੱਖ ਛੱਡ ਜਾਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਮਨ ਉਦਾਸ ਹੋਵੇ, ਘਬਰਾਹਟ ਹੋਵੇ ਜਾਂ ਕੋਈ ਵੱਡੀ ਪਰੇਸ਼ਾਨੀ ਆਵੇ ਤਾਂ ਚੁੱਪ ਨਾ ਰਹੋ, ਆਪਣੇ ਮਾਤਾ-ਪਿਤਾ, ਅਧਿਆਪਕ, ਦੋਸਤ ਜਾਂ ਕਿਸੇ ਭਰੋਸੇਮੰਦ ਵਿਅਕਤੀ ਨਾਲ ਗੱਲ ਜ਼ਰੂਰ ਕਰੋ। ਗੱਲ ਕਰਨ ਨਾਲ ਅੱਧਾ ਦੁੱਖ ਹਲਕਾ ਹੋ ਜਾਂਦਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਪਟਿਆਲਾ ਪੁਲਿਸ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ, ਯੁਵਾ ਸਾਂਝ ਕਮੇਟੀ ਅਤੇ ਵੂਮੈਨ ਕਾਊਂਸਲਿੰਗ ਸੈੱਲ ਰਾਹੀਂ ਲੋਕਾਂ ਦੀ ਮਾਨਸਿਕ ਅਤੇ ਸਮਾਜਿਕ ਮਦਦ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਕੋਈ ਵੀ ਵਿਅਕਤੀ ਬਿਨਾਂ ਝਿਜਕ ਸਾਂਝ ਕੇਂਦਰ ਵਿੱਚ ਆ ਕੇ ਆਪਣੀ ਸਮੱਸਿਆ ਦੱਸ ਸਕਦਾ ਹੈ। ਪੁਲਿਸ ਹਮੇਸ਼ਾ ਲੋਕਾਂ ਦੀ ਸੇਵਾ ਅਤੇ ਸੁਰੱਖਿਆ ਲਈ ਤਤਪਰ ਹੈ।

ਉਹਨਾਂ ਨੇ ਕਿਹਾ ਮਾਨਸਿਕ ਸਿਹਤ ਦੇ ਲੱਛਣਾਂ, ਉਨ੍ਹਾਂ ਦੀ ਪਛਾਣ ਅਤੇ ਬਚਾਅ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਨੀਂਦ ਨਾ ਆਉਣਾ, ਭੁੱਖ ਘੱਟ ਲੱਗਣਾ, ਗੁੱਸਾ ਜ਼ਿਆਦਾ ਆਉਣਾ, ਇਕੱਲੇ ਰਹਿਣ ਨੂੰ ਦਿਲ ਕਰਨਾ, ਕੰਮ ਵਿੱਚ ਮਨ ਨਾ ਲੱਗਣਾ ਇਹ ਸਾਰੇ ਮਾਨਸਿਕ ਤਨਾਅ ਦੇ ਸ਼ੁਰੂਆਤੀ ਲੱਛਣ ਹੋ ਸਕਦੇ ਹਨ। ਅਜਿਹੀ ਸਥਿਤੀ ਵਿੱਚ ਸਮੇਂ ਸਿਰ ਸਲਾਹ ਲੈਣੀ ਬਹੁਤ ਜ਼ਰੂਰੀ ਹੈ। ਸਕਾਰਾਤਮਕ ਸੋਚ, ਨਿਯਮਤ ਕਸਰਤ, ਯੋਗਾ, ਧਿਆਨ, ਚੰਗੀਆਂ ਕਿਤਾਬਾਂ ਪੜ੍ਹਨਾ, ਨਸ਼ਿਆਂ ਤੋਂ ਦੂਰ ਰਹਿਣਾ ਅਤੇ ਮੋਬਾਈਲ ਦੀ ਸਹੀ ਵਰਤੋਂ ਮਾਨਸਿਕ ਸਿਹਤ ਨੂੰ ਮਜ਼ਬੂਤ ਕਰਦੀ ਹੈ।

ਅੰਤ ਵਿੱਚ ਸਾਰਿਆਂ ਨੇ ਇਹ ਪ੍ਰਣ ਲਿਆ ਕਿ ਉਹ ਆਪਣੀ ਮਾਨਸਿਕ ਸਿਹਤ ਦੀ ਸੰਭਾਲ ਕਰਨਗੇ, ਦੂਜਿਆਂ ਦੀ ਮਦਦ ਕਰਨਗੇ ਅਤੇ ਜੀਵਨ ਦੀ ਰੱਖਿਆ ਲਈ ਸਮਾਜ ਵਿੱਚ ਜਾਗਰੂਕਤਾ ਫੈਲਾਉਣਗੇ।

ਵਿਧਾਇਕ ਛੀਨਾ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਜੁਗਿਆਣਾ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦਾ ਉਦਘਾਟਨ



ਲੁਧਿਆਣਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਹਲਕਾ ਦੱਖਣੀ ਤੋਂ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਜੁਗਿਆਣਾ ਵਿਖੇ 27 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਵਿਧਾਇਕ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਅਤੇ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ। ਨਵੀਂ ਇਮਾਰਤ ਬਣਨ ਨਾਲ ਵਿਦਿਆਰਥੀਆਂ ਨੂੰ ਬਿਹਤਰ ਕਲਾਸਰੂਮ ਅਤੇ ਪੜ੍ਹਾਈ ਲਈ ਸੁਖਾਵਾਂ ਮਾਹੌਲ ਮਿਲੇਗਾ।

ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਬੱਚਿਆਂ ਦੇ ਭਵਿੱਖ ਵਿੱਚ ਨਿਵੇਸ਼ ਹੈ ਅਤੇ ਹਲਕੇ ਦੇ ਸਕੂਲਾਂ ਦੇ ਵਿਕਾਸ ਲਈ ਅਜਿਹੇ ਕਾਰਜ ਭਵਿੱਖ ਵਿੱਚ ਵੀ ਜਾਰੀ ਰਹਿਣਗੇ।

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਯੂਨੀਵਰਸਿਟੀ ਕਾਲਜ ਘਨੌਰ ਵਿਖੇ 'ਨੌਜਵਾਨ ਚੇਤਨਾ ਬੈਠਕ' ਕਰਵਾਈ



ਘਨੌਰ, 10 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਯੂਨੀਵਰਸਿਟੀ ਕਾਲਜ ਘਨੌਰ ਦੇ ਪੰਜਾਬੀ ਵਿਭਾਗ ਅਤੇ ਰੈੱਡ ਰਿਬਨ ਕਲੱਬ ਵੱਲੋਂ ਸਾਂਝੇ ਤੌਰ 'ਤੇ 'ਨੌਜਵਾਨ ਚੇਤਨਾ ਬੈਠਕ' ਕਰਵਾਈ ਗਈ। ਇਸ ਮੌਕੇ ਪ੍ਰਸਿੱਧ ਕਲਾਕਾਰ, ਰੰਗਕਰਮੀ ਅਤੇ ਲੇਖਕ ਰਾਣਾ ਰਣਬੀਰ ਨੇ ਵਿਦਿਆਰਥੀਆਂ ਨਾਲ ਰੂ-ਬ-ਰੂ ਹੁੰਦਿਆਂ ਨਸ਼ਿਆਂ, ਨਿਰਾਸ਼ਾ ਅਤੇ ਪਰਵਾਸ ਵਰਗੀਆਂ ਸਮਾਜਿਕ ਚੁਣੌਤੀਆਂ ਦੇ ਦੌਰ ਵਿੱਚ ਨੌਜਵਾਨਾਂ ਨੂੰ ਸਹੀ ਦਿਸ਼ਾ ਅਪਨਾਉਣ ਲਈ ਪ੍ਰੇਰਿਤ ਕੀਤਾ।

ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਰਾਣਾ ਰਣਬੀਰ ਨੇ ਕਿਹਾ ਕਿ ਨੌਜਵਾਨਾਂ ਨੂੰ ਜੀਵਨ ਵਿੱਚ ਚੜ੍ਹਦੀਕਲਾ ਦਾ ਜਜ਼ਬਾ ਕਾਇਮ ਰੱਖਣ ਲਈ ਕਿਰਤ, ਗਿਆਨ ਅਤੇ ਕਿਤਾਬਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸੋਚ ਅਤੇ ਜੀਵਨ ਵਿੱਚ ਉਸਾਰੂ ਤਬਦੀਲੀ ਲਿਆਉਣ ਦੇ ਨਾਲ-ਨਾਲ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਵਿਦਿਆਰਥਣਾਂ ਨੂੰ ਪਰਿਵਾਰ ਅਤੇ ਸਮਾਜ ਵਿੱਚ ਔਰਤਾਂ ਦੇ ਸਤਿਕਾਰ ਦਾ ਸੰਦੇਸ਼ ਫੈਲਾਉਣ ਲਈ ਪ੍ਰੇਰਿਤ ਕੀਤਾ।

ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ ਗਿੱਲ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਰਾਣਾ ਰਣਬੀਰ ਨੂੰ ਲੋਕਾਂ ਦਾ ਕਲਾਕਾਰ ਦੱਸਿਆ। ਉਨ੍ਹਾਂ ਕਿਹਾ ਕਿ ਅਜਿਹੇ ਸੰਵਾਦ ਨੌਜਵਾਨਾਂ ਨੂੰ ਸਮਾਜਿਕ ਸਰੋਕਾਰਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਸੋਚ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੀ ਸ਼ਮੂਲੀਅਤ ਕੀਤੀ, ਜਿਨ੍ਹਾਂ ਨੂੰ ਕਾਲਜ ਪ੍ਰਬੰਧਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਕਰਦਿਆਂ ਡਾ. ਰਵਿੰਦਰ ਘੁੰਮਣ ਨੇ ਨੌਜਵਾਨਾਂ ਨੂੰ ਨੈਤਿਕ ਕਦਰਾਂ-ਕੀਮਤਾਂ ਅਤੇ ਗੁਰੂ ਨਾਨਕ ਦੇਵ ਜੀ, ਬੁੱਲ੍ਹੇ ਸ਼ਾਹ, ਬਾਬਾ ਫ਼ਰੀਦ ਅਤੇ ਭਗਤ ਕਬੀਰ ਦੀ ਅਮੀਰ ਸ਼ਬਦ ਪਰੰਪਰਾ ਨਾਲ ਜੁੜਨ ਦੀ ਲੋੜ 'ਤੇ ਜ਼ੋਰ ਦਿੱਤਾ।

ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਖ਼ੂਨਦਾਨ ਕੈਂਪ ਲਗਾਇਆ; ਨੌਜਵਾਨਾਂ ਵੱਲੋਂ ਖ਼ੂਨਦਾਨ ਕਰਨਾ ਸ਼ਲਾਘਾਯੋਗ ਕਾਰਜ: ਮਾਜਰੀ, ਧਾਲੀਵਾਲ, ਰਾਜਗੜ੍ਹ



ਪਟਿਆਲਾ, 11 ਨਵੰਬਰ
-ਅਮਰਜੀਤ ਸਿੰਘ-
-ਕੌਮੀ ਪੱਤ੍ਰਿਕਾ ਬਿਊਰੋ-

ਮਨੁੱਖਤਾ ਦੇ ਭਲੇ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਸਾਂਝੇ ਉਪਰਾਲੇ ਤਹਿਤ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਚ ਮਿਸ਼ਨ ਲਾਲੀ ਤੇ ਹਰਿਆਲੀ ਤਹਿਤ ਹਰਦੀਪ ਕੁਮਾਰ ਬਿਰੜਵਾਲ ਜੇ. ਈ., ਪੀ. ਐਸ. ਪੀ. ਸੀ. ਐਲ. ਦੇ ਜਨਮ ਦਿਨ ਮੌਕੇ 358ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ। ਇਸ ਵਿਚ ਵਲੰਟੀਅਰਾਂ ਨੂੰ ਆਸ਼ੀਰਵਾਦ ਦੇਣ ਲਈ ਮੁੱਖ ਮਹਿਮਾਨ ਸਾਬਕਾ ਡੀ. ਐਸ. ਪੀ. ਨਾਹਰ ਸਿੰਘ ਮਾਜਰੀ, ਐਸ. ਡੀ. ਓ. ਮਲਕੀਤ ਸਿੰਘ ਰਾਜਗੜ੍ਹ ਤੇ ਸਾਬਕਾ ਡੀ. ਐਸ. ਪੀ. ਪਰਮਜੀਤ ਸਿੰਘ ਧਾਲੀਵਾਲ ਪਹੁੰਚੇ।

ਕੈਂਪ ਦਾ ਰਸਮੀ ਉਦਘਾਟਨ ਹਰਮਨਦੀਪ ਸਿੰਘ ਸਨੌਰ ਨੇ 19ਵੇਂ ਜਨਮ ਦਿਨ ਮੌਕੇ ਪਹਿਲੀ ਵਾਰ ਖ਼ੂਨਦਾਨ ਕਰਕੇ ਕੀਤਾ। ਜਦੋਂਕਿ ਲਖਵਿੰਦਰ ਸਿੰਘ ਬਡਲਾ ਨੇ 56ਵੀਂ ਵਾਰ, ਰਵਿੰਦਰ ਸਿੰਘ ਭਾਂਖਰ ਨੇ 39ਵੀਂ ਵਾਰ, ਲਖਵਿੰਦਰ ਸਿੰਘ ਸਨੌਰ, ਸਤਿੰਦਰਪਾਲ ਸਿੰਘ, ਅਮਰੀਕ ਸਿੰਘ ਸੂਲਰ, ਵਚਿੱਤਰ ਦਾਸ ਧੂਰੀ, ਬਖ਼ਸ਼ੀਸ਼ ਸਿੰਘ ਤੂੰਗਾਂ, ਬਲਜਿੰਦਰ ਸਿੰਘ ਤੇ ਜਗਜੀਤ ਸਿੰਘ ਨਾਭਾ ਸਮੇਤ ਹਰਦੀਪ ਕੁਮਾਰ ਬਿਰੜਵਾਲ ਜੇ. ਈ. ਅਤੇ ਮਲਕੀਤ ਸਿੰਘ ਐਸ. ਡੀ. ਓ. ਨੇ ਵੀ ਖ਼ੂਨਦਾਨ ਕੀਤਾ। ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਗਮਛਾ ਦੇ ਕੇ ਸਨਮਾਨਤ ਕੀਤਾ ਗਿਆ। ਸਾਬਕਾ ਡੀ. ਐਸ. ਪੀ. ਨਾਹਰ ਸਿੰਘ ਮਾਜਰੀ ਤੇ ਐਸ. ਡੀ. ਓ. ਮਲਕੀਤ ਸਿੰਘ ਰਾਜਗੜ੍ਹ ਤੇ ਸਾਬਕਾ ਡੀ. ਐਸ. ਪੀ. ਪਰਮਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਜਨਮ ਦਿਨ ਮੌਕੇ ਖ਼ੂਨਦਾਨ ਕਰਨਾ ਸ਼ਲਾਘਾਯੋਗ ਹੈ, ਕਿਉਂਕਿ ਇਹ ਇੱਕ ਅਜਿਹਾ ਤਰਲ ਹੈ ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿਚ ਨਹੀਂ ਬਣਦਾ। ਖ਼ੂਨਦਾਨ ਕਰਕੇ ਮਨ ਨੂੰ ਖੁਸ਼ੀ ਮਿਲਦੀ ਹੈ, ਖ਼ੂਨ ਨਾਲ ਕਿਸੇ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ। ਇਸ ਮੌਕੇ ਕਲੱਬ ਵੱਲੋਂ ਕੇਕ ਕੱਟਿਆ ਗਿਆ। ਪ੍ਰਚਾਰਕਾਂ ਨੂੰ ਦੋਸਤ ਸੰਸਥਾ ਵੱਲੋਂ ਦਿੱਤੇ ਬੈਗ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਵਿਚ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਅੰਤਰਰਾਸ਼ਟਰੀ ਸਿੱਖਿਆ ਸ਼ਾਸ਼ਤਰੀ ਅਨਿਲ ਭਾਰਤੀ, ਭਾਈ ਜਰਨੈਲ ਸਿੰਘ ਝੰਡੀ, ਠੇਕੇਦਾਰ ਗੁਰਬਚਨ ਸਿੰਘ, ਵਿਜੇ ਕੁਮਾਰ ਸ਼ਰਮਾ ਥੇੜੀ, ਮਨਵਿੰਦਰ ਸਿੰਘ ਮਨੀ ਤੇ ਮਾਸਟਰ ਗੁਰਮਨ ਵਰਮਾ ਮੌਜੂਦ ਸਨ।

ਟੈਗੋਰ ਇੰਟਰਨੈਸ਼ਨਲ ਸਕੂਲ ਦੀ ਕ੍ਰਿਕਟ ਵਿੱਚ ਸ਼ਾਨਦਾਰ ਜਿੱਤ ਅੰਡਰ-14 ਟੀਮ ਨੇ ਜਿੱਤੀ ਪਹਿਲੇ ਕ੍ਰਿਕਟ ਚੈਂਪੀਅਨਸ਼ਿਪ ਕੱਪ 2026 ਦੀ ਟਰਾਫ਼ੀ



ਦੇਵੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਟੈਗੋਰ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਅਕਬਰਪੁਰ ਅਫ਼ਗਾਨਾ ਲਈ ਇਹ ਬੇਹੱਦ ਮਾਣ ਅਤੇ ਖ਼ੁਸ਼ੀ ਦਾ ਪਲ ਹੈ ਕਿ ਸਕੂਲ ਦੀ ਅੰਡਰ-14 ਲੜਕਿਆਂ ਦੀ ਕ੍ਰਿਕਟ ਟੀਮ ਨੇ ਪਹਿਲੇ ਕ੍ਰਿਕਟ ਚੈਂਪੀਅਨਸ਼ਿਪ ਕੱਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਅਤੇ ਜੇਤੂ ਟਰਾਫ਼ੀ ਆਪਣੇ ਨਾਮ ਕੀਤੀ।

ਇਹ ਚੈਂਪੀਅਨਸ਼ਿਪ ਟੈਗੋਰ ਸਕੂਲ ਦੇ ਕ੍ਰਿਕਟ ਗਰਾਊਂਡ ਵਿੱਚ ਕਰਵਾਈ ਗਈ, ਜਿਸ ਵਿੱਚ ਦਸ ਟੀਮਾਂ ਨੇ ਭਾਗ ਲਿਆ। ਸਖ਼ਤ ਮੁਕਾਬਲੇ ਦੌਰਾਨ ਟੈਗੋਰ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਆਪਣੀ ਮਿਹਨਤ, ਅਨੁਸ਼ਾਸਨ ਅਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਵਿਰੋਧੀ ਟੀਮ ਨੂੰ 25 ਦੌੜਾਂ ਨਾਲ ਹਰਾ ਕੇ ਜਿੱਤ ਪ੍ਰਾਪਤ ਕੀਤੀ।

ਇਸ ਜਿੱਤ ਦਾ ਖ਼ਾਸ ਆਕਰਸ਼ਣ ਜਮਾਤ ਸੱਤਵੀਂ ਦੇ ਹੋਣਹਾਰ ਖਿਡਾਰੀ ਸੀਤਾਂਸ਼ੂ ਦਾ ਪ੍ਰਦਰਸ਼ਨ ਰਿਹਾ। ਉਸ ਨੂੰ ਫਾਈਨਲ ਮੈਚ ਵਿੱਚ ਸ਼ਾਨਦਾਰ ਖੇਡ ਲਈ 'ਮੈਨ ਆਫ਼ ਦ ਮੈਚ' ਅਤੇ ਪੂਰੇ ਟੂਰਨਾਮੈਂਟ ਵਿੱਚ ਬਿਹਤਰੀਨ ਪ੍ਰਦਰਸ਼ਨ ਲਈ 'ਮੈਨ ਆਫ਼ ਦ ਸੀਰੀਜ਼' ਚੁਣਿਆ ਗਿਆ। ਸੀਤਾਂਸ਼ੂ ਨੇ ਇੱਕ ਹੀ ਓਵਰ ਵਿੱਚ ਤਿੰਨ ਵਿਕਟਾਂ ਲੈ ਕੇ ਆਪਣੀ ਗੇਂਦਬਾਜ਼ੀ ਦਾ ਲਾਜਵਾਬ ਹੁਨਰ ਦਿਖਾਇਆ ਅਤੇ ਟੀਮ ਦੀ ਜਿੱਤ ਵਿੱਚ ਅਹਿਮ ਯੋਗਦਾਨ ਪਾਇਆ। ਉਸ ਦੀ ਇਸ ਪ੍ਰਾਪਤੀ ਨੇ ਸਕੂਲ ਅਤੇ ਸਾਥੀ ਖਿਡਾਰੀਆਂ ਦਾ ਮਾਣ ਵਧਾਇਆ।

ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸ਼੍ਰੀਮਤੀ ਸਲੋਨੀ ਗੁਲਾਟੀ ਅਤੇ ਮੈਨੇਜਰ ਡਾ. ਸੁਸ਼ੀਲ ਮਿਸ਼ਰਾ ਨੇ ਜੇਤੂ ਟੀਮ, ਸੀਤਾਂਸ਼ੂ ਅਤੇ ਕੋਚ ਸ਼੍ਰੀ ਪ੍ਰਦੀਪ ਵਰਮਾ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਟੀਮ ਭਾਵਨਾ, ਅਨੁਸ਼ਾਸਨ ਅਤੇ ਸੰਘਰਸ਼ ਕਰਨ ਦੀ ਭਾਵਨਾ ਪੈਦਾ ਕਰਦੀਆਂ ਹਨ। ਅਜਿਹੀਆਂ ਜਿੱਤਾਂ ਬੱਚਿਆਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕਰਦੀਆਂ ਹਨ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਹੌਟਸਪੌਟ ਖੇਤਰਾਂ ਵਿੱਚ ਸਿਹਤ ਵਿਭਾਗ ਵੱਲੋਂ ਜਾਗਰੂਕਤਾ ਕੈਂਪ; ਨਸ਼ਾ ਛੁਡਾਊ ਸੇਵਾਵਾਂ ਬਾਰੇ ਦਿੱਤੀ ਜਾਣਕਾਰੀ

ਮਲੇਰਕੋਟਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਨਸ਼ਿਆਂ ਦੇ ਹੌਟਸਪੌਟ ਖੇਤਰਾਂ ਵਿੱਚ ਲੋਕਾਂ ਨੂੰ ਇਲਾਜ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਨਾਲ ਜੋੜਨ ਲਈ ਪੰਜਾਬ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਮਿਸ਼ਨ ਤਹਿਤ ਸਿਹਤ ਵਿਭਾਗ ਵੱਲੋਂ ਕੰਗਣਵਾਲ, ਕਲਿਆਣ ਅਤੇ ਕਸਬਾ ਭਰਾਲ ਵਿਖੇ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਏ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਮੈਡੀਕਲ ਅਫ਼ਸਰ ਡਾ. ਜੋਤੀ ਕਪੂਰ ਨੇ ਦੱਸਿਆ ਕਿ ਕੈਂਪਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਨਾਲ ਸਰਕਾਰ ਵੱਲੋਂ ਚਲਾਏ ਜਾ ਰਹੇ ਨਸ਼ਾ ਮੁਕਤੀ ਦਵਾਈ ਕੇਂਦਰਾਂ ਅਤੇ ਨਸ਼ਾ ਛੁਡਾਊ ਕੇਂਦਰਾਂ ਵਿੱਚ ਉਪਲਬਧ ਇਲਾਜ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲੇ ਸਬੰਧੀ ਪ੍ਰਕਿਰਿਆ ਬਾਰੇ ਵੀ ਦੱਸਿਆ ਗਿਆ।

ਡਾ. ਕਪੂਰ ਨੇ ਕਿਹਾ ਕਿ ਨਸ਼ੇ ਦੀ ਆਦਤ ਨਾਲ ਜੂਝ ਰਹੇ ਵਿਅਕਤੀ ਨੂੰ ਸਮਾਜ ਤੋਂ ਦੂਰ ਕਰਨ ਦੀ ਬਜਾਏ ਇਲਾਜ ਲਈ ਪ੍ਰੇਰਿਤ ਕਰਨਾ ਅਤੇ ਉਸ ਦਾ ਹੌਸਲਾ ਵਧਾਉਣਾ ਜ਼ਰੂਰੀ ਹੈ। ਸਮੇਂ ਸਿਰ ਡਾਕਟਰੀ ਸਹਾਇਤਾ ਅਤੇ ਪਰਿਵਾਰਕ ਸਹਿਯੋਗ ਨਾਲ ਪ੍ਰਭਾਵਿਤ ਵਿਅਕਤੀ ਮੁੜ ਸਿਹਤਮੰਦ ਜੀਵਨ ਵੱਲ ਵਧ ਸਕਦਾ ਹੈ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਪਰਿਵਾਰ ਜਾਂ ਆਲੇ-ਦੁਆਲੇ ਕੋਈ ਵਿਅਕਤੀ ਨਸ਼ਿਆਂ ਤੋਂ ਪ੍ਰਭਾਵਿਤ ਹੈ ਤਾਂ ਉਸ ਨੂੰ ਬਿਨਾਂ ਕਿਸੇ ਝਿਜਕ ਦੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਦੀਆਂ ਸੇਵਾਵਾਂ ਲੈਣ ਲਈ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਹੌਟਸਪੌਟ ਖੇਤਰਾਂ ਨੂੰ ਸਿਹਤਮੰਦ ਸਮਾਜਿਕ ਜੀਵਨ ਨਾਲ ਜੋੜਨ ਲਈ ਲੋਕਾਂ ਦੀ ਜਾਗਰੂਕਤਾ, ਆਪਸੀ ਸਹਿਯੋਗ ਅਤੇ ਇਲਾਜ ਪ੍ਰਤੀ ਸਕਾਰਾਤਮਕ ਸੋਚ ਬੇਹੱਦ ਅਹਿਮ ਹੈ।

ਨਸ਼ਿਆਂ ਵਿਰੁੱਧ ਜੰਗ: ਐਸ.ਡੀ.ਐਮ. ਰਿਚਾ ਗੋਇਲ ਦੀ ਅਗਵਾਈ ਹੇਠ ਪਿੰਡ ਮਰੌੜੀ ਵਿਖੇ ਜਾਗਰੂਕਤਾ ਕੈਂਪ ਲਗਾਇਆ



ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਬ ਡਵੀਜ਼ਨ ਸਮਾਣਾ ਦੇ ਨਸ਼ਿਆਂ ਦੇ ਹੌਟ-ਸਪੌਟ ਖੇਤਰ ਪਿੰਡ ਮਰੌੜੀ ਵਿਖੇ ਐਸ.ਡੀ.ਐਮ. ਰਿਚਾ ਗੋਇਲ ਦੀ ਅਗਵਾਈ ਹੇਠ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਦੌਰਾਨ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝੇ ਯਤਨ ਕਰਨ ਦਾ ਸੱਦਾ ਦਿੱਤਾ ਗਿਆ।

ਕੈਂਪ ਦੌਰਾਨ ਪਿੰਡ ਮਰੌੜੀ ਦੇ ਉਨ੍ਹਾਂ ਸਥਾਨਾਂ ਦੀ ਵਿਸ਼ੇਸ਼ ਤੌਰ 'ਤੇ ਸਫ਼ਾਈ ਕਰਵਾਈ ਗਈ, ਜਿੱਥੇ ਨਸ਼ੇ ਦੇ ਆਦੀ ਵਿਅਕਤੀ ਇਕੱਠੇ ਹੋ ਕੇ ਨਸ਼ੇ ਦਾ ਸੇਵਨ ਕਰਦੇ ਸਨ। ਇਨ੍ਹਾਂ ਵਿੱਚ ਸ਼ਮਸ਼ਾਨਘਾਟ ਅਤੇ ਪਾਣੀ ਵਾਲੀ ਟੈਂਕੀ ਸਮੇਤ ਹੋਰ ਥਾਵਾਂ ਸ਼ਾਮਲ ਹਨ। ਇਸ ਤੋਂ ਇਲਾਵਾ ਪਾਣੀ ਵਾਲੀ ਟੈਂਕੀ ਵਾਲੇ ਸਥਾਨ 'ਤੇ ਨਿਗਰਾਨੀ ਰੱਖਣ ਲਈ ਇੱਕ ਵਿਅਕਤੀ ਦੀ ਨਿਯੁਕਤੀ ਵੀ ਕੀਤੀ ਗਈ, ਤਾਂ ਜੋ ਅਜਿਹੀਆਂ ਗਤੀਵਿਧੀਆਂ ਨੂੰ ਰੋਕਿਆ ਜਾ ਸਕੇ।

ਇਸ ਮੌਕੇ ਪਿੰਡ ਵਾਸੀਆਂ ਨੂੰ ਪੰਜਾਬ ਸਰਕਾਰ ਵੱਲੋਂ ਜਾਰੀ ਹੈਲਪਲਾਈਨ ਨੰਬਰ 9779100200 ਬਾਰੇ ਜਾਣਕਾਰੀ ਦਿੰਦਿਆਂ ਅਪੀਲ ਕੀਤੀ ਗਈ ਕਿ ਉਹ ਆਪਣੇ ਆਲੇ-ਦੁਆਲੇ ਨਸ਼ਾ ਵੇਚਣ ਜਾਂ ਨਸ਼ੇ ਦਾ ਸੇਵਨ ਕਰਨ ਵਾਲੇ ਵਿਅਕਤੀਆਂ ਬਾਰੇ ਇਸ ਨੰਬਰ 'ਤੇ ਸੂਚਨਾ ਦੇਣ। ਸੂਚਨਾ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

ਐਸ.ਡੀ.ਐਮ. ਰਿਚਾ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਵਚਨਬੱਧ ਹੈ ਅਤੇ ਨਸ਼ਿਆਂ ਦੀ ਲਤ ਦਾ ਸ਼ਿਕਾਰ ਹੋਏ ਵਿਅਕਤੀਆਂ ਨੂੰ ਇਸ ਵਿੱਚੋਂ ਬਾਹਰ ਕੱਢਣ ਲਈ ਉਨ੍ਹਾਂ ਦਾ ਇਲਾਜ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪ੍ਰਸ਼ਾਸਨ ਦੇ ਨਾਲ-ਨਾਲ ਪਿੰਡ ਵਾਸੀਆਂ ਦਾ ਸਹਿਯੋਗ ਵੀ ਬੇਹੱਦ ਜ਼ਰੂਰੀ ਹੈ।

ਪਟਿਆਲਾ ਦੇ ਪੱਤਰਕਾਰ ਭਾਈਚਾਰੇ ਨਾਲ ਗੁਰਜੀਤ ਸਿੰਘ ਕੋਹਲੀ ਨੇ ਆਪਣੇ ਗ੍ਰਹਿ ਵਿਖੇ ਕੀਤੀ ਨਿੱਘੀ ਮਿਲਣੀ



ਪਟਿਆਲਾ, 11 ਨਵੰਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇਹਾਤੀ ਤੋਂ ਭਾਜਪਾ ਆਗੂ ਸ. ਗੁਰਜੀਤ ਸਿੰਘ ਕੋਹਲੀ ਵੱਲੋਂ ਆਪਣੇ ਗ੍ਰਹਿ ਵਿਖੇ ਪਟਿਆਲਾ ਦੇ ਪੱਤਰਕਾਰ ਭਾਈਚਾਰੇ ਲਈ ਇੱਕ ਵਿਸ਼ੇਸ਼ ਮਿਲਣੀ ਅਤੇ ਦੁਪਹਿਰ ਦੇ ਭੋਜਨ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਅਖ਼ਬਾਰਾਂ, ਟੈਲੀਵਿਜ਼ਨ ਚੈਨਲਾਂ ਅਤੇ ਡਿਜੀਟਲ ਮੀਡੀਆ ਨਾਲ ਜੁੜੇ ਪੱਤਰਕਾਰ ਸਾਥੀਆਂ ਨੇ ਸ਼ਮੂਲੀਅਤ ਕੀਤੀ।

ਇਸ ਮਿਲਣੀ ਦੌਰਾਨ ਸਾਰੇ ਪੱਤਰਕਾਰ ਸਾਥੀਆਂ ਨੇ ਇਕੱਠੇ ਬੈਠ ਕੇ ਦੁਪਹਿਰ ਦਾ ਭੋਜਨ ਛਕਿਆ ਅਤੇ ਬੜੇ ਹੀ ਨਿੱਘੇ ਤੇ ਖੁਸ਼ਗਵਾਰ ਮਾਹੌਲ ਵਿੱਚ ਆਪਸੀ ਸਾਂਝ, ਭਾਈਚਾਰੇ, ਪਟਿਆਲਾ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ ਸ਼ਹਿਰ ਨਾਲ ਸਬੰਧਤ ਮੁੱਦਿਆਂ ਬਾਰੇ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਪੱਤਰਕਾਰ ਭਾਈਚਾਰਾ ਸਮਾਜ ਦਾ ਇੱਕ ਅਹਿਮ ਅੰਗ ਹੈ, ਜੋ ਲੋਕਾਂ ਦੀਆਂ ਸਮੱਸਿਆਵਾਂ, ਉਨ੍ਹਾਂ ਦੀਆਂ ਭਾਵਨਾਵਾਂ ਅਤੇ ਜਨਤਕ ਮਹੱਤਤਾ ਦੇ ਮੁੱਦਿਆਂ ਨੂੰ ਸਾਹਮਣੇ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਨਿੱਘੀ ਅਤੇ ਪਰਿਵਾਰਕ ਸਾਂਝ ਰਹੀ ਹੈ ਅਤੇ ਅਜਿਹੀਆਂ ਗੈਰ-ਰਸਮੀ ਮਿਲਣੀਆਂ ਆਪਸੀ ਵਿਚਾਰਾਂ ਨੂੰ ਸਮਝਣ ਅਤੇ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕਰਨ ਦਾ ਵਧੀਆ ਮੌਕਾ ਹੁੰਦੀਆਂ ਹਨ।

ਕੋਹਲੀ ਨੇ ਕਿਹਾ, ਅੱਜ ਦੀ ਇਹ ਮਿਲਣੀ ਕਿਸੇ ਰਸਮੀ ਜਾਂ ਸਿਆਸੀ ਪ੍ਰੋਗਰਾਮ ਵਜੋਂ ਨਹੀਂ, ਸਗੋਂ ਆਪਣੇ ਪੱਤਰਕਾਰ ਭਰਾਵਾਂ ਨਾਲ ਪਿਆਰ, ਸਤਿਕਾਰ ਅਤੇ ਭਾਈਚਾਰੇ ਦੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਰੱਖੀ ਗਈ ਸੀ। ਮੇਰੇ ਲਈ ਇਹ ਬਹੁਤ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਸਾਰੇ ਪੱਤਰਕਾਰ ਵੀਰਾਂ ਨੇ ਆਪਣੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਮੇਰੇ ਇੱਕ ਨਿਮਾਣੇ ਜਿਹੇ ਸੱਦੇ ਨੂੰ ਇੰਨਾ ਮਾਣ ਬਖ਼ਸ਼ਿਆ।

ਉਨ੍ਹਾਂ ਅੱਗੇ ਕਿਹਾ ਕਿ ਪਟਿਆਲਾ ਇੱਕ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਤਾ ਵਾਲਾ ਸ਼ਹਿਰ ਹੈ ਅਤੇ ਇਸ ਦੇ ਵਿਕਾਸ, ਲੋਕਾਂ ਦੀਆਂ ਸਮੱਸਿਆਵਾਂ ਅਤੇ ਸਮਾਜਿਕ ਗਤੀਵਿਧੀਆਂ ਬਾਰੇ ਨਿਰੰਤਰ ਸੰਵਾਦ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪੱਤਰਕਾਰਾਂ ਦੇ ਵਿਚਾਰ ਅਤੇ ਸੁਝਾਅ ਸਮਾਜ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਹੋਰ ਚੰਗੀ ਤਰ੍ਹਾਂ ਸਮਝਣ ਵਿੱਚ ਸਹਾਇਕ ਹੁੰਦੇ ਹਨ।

ਅੰਤ ਵਿੱਚ ਗੁਰਜੀਤ ਸਿੰਘ ਕੋਹਲੀ ਨੇ ਸਮੂਹ ਪੱਤਰਕਾਰ ਭਾਈਚਾਰੇ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਮਿਲਿਆ ਪਿਆਰ ਅਤੇ ਸਤਿਕਾਰ ਉਨ੍ਹਾਂ ਲਈ ਬਹੁਤ ਕੀਮਤੀ ਹੈ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਟਿਆਲਾ ਦੇ ਪੱਤਰਕਾਰ ਭਾਈਚਾਰੇ ਵਿੱਚ ਆਪਸੀ ਪਿਆਰ, ਸਾਂਝ ਅਤੇ ਭਾਈਚਾਰਾ ਹਮੇਸ਼ਾ ਇਸੇ ਤਰ੍ਹਾਂ ਬਣਿਆ ਰਹੇ।

ਪਿੰਡ ਚੱਕ ਢੇਰਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਯੂਥ ਕਲੱਬ ਵੱਲੋਂ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ



ਰੂਪਨਗਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਅੰਦਰ ਖੇਡ ਭਾਵਨਾ, ਅਨੁਸ਼ਾਸਨ ਅਤੇ ਆਪਸੀ ਸਦਭਾਵਨਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸ੍ਰੀ ਗੁਰੂ ਤੇਗ ਬਹਾਦਰ ਯੂਥ ਕਲੱਬ, ਚੱਕ ਢੇਰਾ ਵੱਲੋਂ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਖੇਡ ਸਮਾਗਮ ਵਿੱਚ ਵਿਧਾਨ ਸਭਾ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਸ੍ਰੀ ਦਿਨੇਸ਼ ਚੱਢਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਵਿਧਾਇਕ ਦਿਨੇਸ਼ ਚੱਢਾ ਨੇ ਮੈਦਾਨ ਵਿੱਚ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਰਹੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਖੇਡਾਂ ਦੇ ਖੇਤਰ ਵਿੱਚ ਹੋਰ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਨੌਜਵਾਨਾਂ ਵਿੱਚ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਟੀਮ ਭਾਵਨਾ, ਆਪਸੀ ਸਹਿਯੋਗ ਅਤੇ ਚੁਣੌਤੀਆਂ ਦਾ ਸਾਹਮਣਾ ਕਰਨ ਦਾ ਜਜ਼ਬਾ ਵੀ ਪੈਦਾ ਹੁੰਦਾ ਹੈ।

ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਪੇਂਡੂ ਖੇਤਰਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ। ਉਨ੍ਹਾਂ ਯੂਥ ਕਲੱਬ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਕਲੱਬ ਦੇ ਨੁਮਾਇੰਦਿਆਂ ਅਤੇ ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਟੂਰਨਾਮੈਂਟ ਵਿੱਚ ਖਿਡਾਰੀਆਂ ਨੇ ਪੂਰੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।

ਜ਼ਿਲ੍ਹਾ ਪੱਤਰਕਾਰ ਯੂਨੀਅਨ ਵੱਲੋਂ ਦਿਵਾਲੀ ਮਨਾਈ ਗਈ



ਸ੍ਰੀ ਫਤਿਹਗੜ੍ਹ ਸਾਹਿਬ,11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਪੱਤਰਕਾਰ ਯੂਨੀਅਨ ਫਤਿਹਗੜ੍ਹ ਸਾਹਿਬ ਵੱਲੋਂ ਜ਼ਿਲ੍ਹਾ ਪ੍ਰਧਾਨ ਰਣਬੀਰ ਕੁਮਾਰ ਜੱਜੀ ਅਤੇ ਜਰਨਲ ਸਕੱਤਰ ਬਿਕਰਮਜੀਤ ਸਿੰਘ ਸਹੋਤਾ ਦੀ ਅਗਵਾਈ ਦੇ ਵਿੱਚ ਦਿਵਾਲੀ ਦਾ ਤਿਉਹਾਰ ਬਹੁਤ ਹੀ ਧੂਮ ਧਾਮ ਦੇ ਨਾਲ ਮਨਾਇਆ ਗਿਆ।

ਇਸ ਮੌਕੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਅਤੇ ਜ਼ਿਲ੍ਹਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਮੁੱਖ ਮਹਿਮਾਨ ਵਜੋਂ, ਜਦ ਕਿ ਐਸਪੀ (ਡੀ) ਅਮਨਦੀਪ ਸਿੰਘ, ਡੀਐਸਪੀ ਕੁਲਬੀਰ ਸਿੰਘ ਸੰਧੂ, ਐਸਡੀਐਮ ਕਰਨ ਗੁਪਤਾ, ਤਹਿਸੀਲਦਾਰ ਵਿਸ਼ਾਲ ਵਰਮਾ, ਨਾਇਬ ਤਹਿਸੀਲਦਾਰ ਬਾਂਸਲ ਅਤੇ ਜਿਲਾ ਲੋਕ ਸੰਪਰਕ ਅਫਸਰ ਰਾਜ ਕੁਮਾਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਅਤੇ ਜਿਲਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੱਤਰਕਾਰ ਲੋਕਤੰਤਰ ਦਾ ਚੌਥਾ ਥੰਮ ਮੰਨੇ ਜਾਂਦੇ ਹਨ, ਜਿਹੜੇ ਸੱਚ ਨੂੰ ਸੱਚ ਅਤੇ ਝੂਠ ਨੂੰ ਝੂਠ ਕਹਿਣ ਦੀ ਹਿੰਮਤ ਰੱਖਦੇ ਹਨ। ਅਜਿਹੇ ਨਿਧੜਕ ਪੱਤਰਕਾਰਾਂ ਦਾ ਹੋਣਾ ਵੀ ਅਤੀ ਜ਼ਰੂਰੀ ਹੈ, ਤਾਂ ਹੀ ਪ੍ਰਸ਼ਾਸਨ ਅਤੇ ਆਮ ਲੋਕਾਂ ਦੇ ਵਿੱਚ ਤਾਲਮੇਲ ਬਣਿਆ ਰਹਿੰਦਾ ਹੈ। ਉਹਨਾਂ ਫਤਿਹਗੜ੍ਹ ਸਾਹਿਬ ਦੇ ਪੱਤਰਕਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹੀ ਪੋਜੀਟਿਵ ਪੱਤਰਕਾਰੀ ਕਰਦੇ ਰਹੇ ਹਨ ਅਤੇ ਲੋਕ ਹਿੱਤ ਦੇ ਵਿੱਚ ਹੋਣ ਵਾਲੇ ਕੰਮ ਅੱਗੇ ਹੋ ਕੇ ਕਰਵਾਉਂਦੇ ਹਨ। ਉਹਨਾਂ ਦੀਵਾਲੀ ਦੇ ਇਸ ਤਿਉਹਾਰ ਦੀ ਸਾਰਿਆਂ ਨੂੰ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਪੱਤਰਕਾਰ ਭੂਸ਼ਣ ਸੂਦ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਜਿਲ੍ਹਾ ਪ੍ਰਧਾਨ ਰਣਵੀਰ ਕੁਮਾਰ ਜੱਜੀ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ, ਜਦ ਕਿ ਬਿਕਰਮਜੀਤ ਸਿੰਘ ਸਹੋਤਾ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ।

ਇਸ ਮੌਕੇ ਸ਼੍ਰੋਮਣੀ ਪੱਤਰਕਾਰ ਭੂਸ਼ਣ ਸੂਦ, ਗੁਰਪ੍ਰੀਤ ਸਿੰਘ ਮਹਿਕ, ਬਲਜਿੰਦਰ ਸਿੰਘ, ਜਤਿੰਦਰ ਸਿੰਘ ਰਾਠੌਰ, ਬਹਾਦਰ ਸਿੰਘ ਟਿਵਾਣਾ ਪ੍ਰਧਾਨ ਇਲੈਕਟਰੋਨਿਕ ਵਿੰਗ, ਬਲਾਕ ਬਸੀ ਪਠਾਣਾ ਦੇ ਪ੍ਰਧਾਨ ਰਾਜ ਕਮਲ ਸ਼ਰਮਾਂ , ਬਲਾਕ ਅਮਲੋਹ ਦੇ ਪ੍ਰਧਾਨ ਰਜਨੀਸ਼ ਡੱਲਾ, ਬਲਾਕ ਚਨਾਰਥਲ ਦੇ ਪ੍ਰਧਾਨ ਕਪਿਲ ਅਰੋੜਾ, ਬਲਾਕ ਖੇੜਾ ਦੇ ਪ੍ਰਧਾਨ ਰੂਪ ਨਰੇਸ਼, ਜੀ ਐਸ ਰੁਪਾਲ, ਇਕਬਾਲਦੀਪ ਸੰਧੂ, ਰੁਪਿੰਦਰ ਸ਼ਰਮਾ ਪ੍ਰਧਾਨ ਬਲਾਕ ਸਰਹਿੰਦ, ਦੀਪਕ ਸੂਦ, ਕਰਨ ਸ਼ਰਮਾ, ਨਿਰਭੈ ਸਿੰਘ ਜਖਵਾਲੀ, ਐਚ ਐਸ ਗੌਤਮ, ਬਲਜਿੰਦਰ ਕਾਕਾ, ਸਵਰਨਜੀਤ ਸੇਠੀ, ਸਵਰਨ ਸਿੰਘ ਨਿਰਦੋਸ਼ੀ, ਰਜਿੰਦਰ ਸ਼ਰਮਾ, ਅਮਰਵੀਰ ਚੀਮਾ, ਸਤਨਾਮ ਸਿੰਘ ਮਾਜਰੀ, ਜਗਜੀਤ ਜਟਾਣਾ, ਖੁਸ਼ਵੰਤ ਰਾਏ ਥਾਪਰ, ਅਸ਼ੋਕ ਝੰਜੀ, ਜਸਵੰਤ ਸਿੰਘ ਗੋਲਡ, ਅਨਿਲ ਲੁਟਾਵਾ, ਰਣਧੀਰ ਸਿੰਘ ਬਾਗੜੀਆਂ, ਮੁਕੇਸ਼ ਘਈ, ਬਲਜਿੰਦਰ ਪਨਾਗ, ਰਾਹੁਲ ਗੁਪਤਾ, ਨਾਹਰ ਸਿੰਘ ਰੰਗੀਲਾ, ਹਰਪ੍ਰੀਤ ਸਿੰਘ ਗੁੱਜਰਵਾਲ, ਜਗਦੀਪ ਸਿੰਘ ਮਾਨਗੜ੍ਹ , ਕੁਸਮ ਲਤਾ, ਰੰਜਨਾ ਸ਼ਾਹੀ, ਰਵਿੰਦਰ ਕੌਰ, ਪਾਰਸ ਗੌਤਮ, ਮਨੋਜ ਸ਼ਰਮਾ, ਮਨੀਸ਼ ਸ਼ਰਮਾ, ਰਾਜਨ ਭੱਲਾ, ਸਾਹਿਬ ਮੜਕਨ, ਸ਼ਮਸ਼ੇਰ ਸਿੰਘ, ਸੁਨੀਲ ਵਰਮਾ, ਹਰਵਿੰਦਰ ਸਿੰਘ ਪੰਡਰਾਲੀ, ਦਰਸ਼ਨ ਸਿੰਘ ਬੌਂਦਲੀ, ਸੰਜੀਵ ਸ਼ਰਮਾ, ਸੰਦੀਪ ਸਿੰਘ ਖਮਾਣੋ, ਰਵਿੰਦਰ ਮੌਦਗਿੱਲ, ਉਦੇ ਧੀਮਾਨ,ਚੰਨਪ੍ਰੀਤ ਪਨੇਸਰ, ਰਾਜੀਵ ਕੁਮਾਰ, ਅਨਿਲ ਲੁਟਾਵਾ, ਰਾਹੁਲ ਗੁਪਤਾ, ਮੋਹਨ ਸਿੰਘ ਅਤਾਪੁਰ, ਅਭਿਸ਼ੇਕ ਬਿੱਥਰ, ਗੁਰਦੀਪ ਹੈਪੀ, ਇੰਦਰਜੀਤ ਸਿੰਘ, ਅਮਿਤ ਸ਼ਰਮਾ, ਆਦਿ ਵੀ ਹਾਜ਼ਰ ਸਨ।

ਜੈਤੋ ਵਿਖੇ ਘਟੀਆ ਮਿਆਰ ਦੀ ਕਰੀਬ 50 ਕਿੱਲੋ ਮਠਿਆਈ ਮੌਕੇ ਤੇ ਕਰਵਾਈ ਨਸ਼ਟ

ਜੈਤੋਂ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਤਿਉਹਾਰਾਂ ਦੇ ਸੀਜ਼ਨ ਦੌਰਾਨ ਲੋਕਾਂ ਨੂੰ ਸਾਫ਼-ਸੁਥਰੀਆਂ, ਸੁਰੱਖਿਅਤ ਅਤੇ ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਅਤੇ ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੇ ਫੂਡ ਸੇਫ਼ਟੀ ਵਿੰਗ ਵੱਲੋਂ ਜੈਤੋ ਅਤੇ ਬਾਜਾਖਾਨਾ ਵਿਖੇ ਹਲਵਾਈ ਦੀਆਂ ਵੱਖ-ਵੱਖ ਦੁਕਾਨਾਂ ਦੀ ਚੈਕਿੰਗ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਫੂਡ ਸੇਫ਼ਟੀ ਅਫ਼ਸਰ ਸ੍ਰੀ ਨਵਦੀਪ ਚਾਹਲ ਨੇ ਦੱਸਿਆ ਕਿ ਚੈਕਿੰਗ ਦੌਰਾਨ ਵੱਖ-ਵੱਖ ਦੁਕਾਨਾਂ ਦਾ ਬਾਰੀਕੀ ਨਾਲ ਨਿਰੀਖਣ ਕੀਤਾ ਗਿਆ ਅਤੇ ਖਾਣ-ਪੀਣ ਵਾਲੀਆਂ ਵਸਤਾਂ ਦੇ ਸੈਂਪਲ ਭਰ ਕੇ ਜਾਂਚ ਲਈ ਭੇਜੇ ਗਏ।

ਉਨ੍ਹਾਂ ਦੱਸਿਆ ਕਿ ਜੈਤੋ ਵਿਖੇ ਜਾਂਚ ਦੌਰਾਨ ਘਟੀਆ ਮਿਆਰ ਦੀ ਕਰੀਬ 50 ਕਿਲੋ ਮਠਿਆਈ ਮੌਕੇ 'ਤੇ ਹੀ ਨਸ਼ਟ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਦੁਕਾਨਦਾਰਾਂ ਨੂੰ ਖਾਣ-ਪੀਣ ਦੀਆਂ ਵਸਤਾਂ ਤਿਆਰ ਕਰਨ, ਸਟੋਰ ਕਰਨ ਅਤੇ ਵੇਚਣ ਸਮੇਂ ਸਫ਼ਾਈ ਦੇ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਗਈ। ਇਸ ਦੇ ਨਾਲ ਹੀ ਦੁਕਾਨਾਂ ਅਤੇ ਰਸੋਈ ਵਾਲੀਆਂ ਥਾਵਾਂ ਦੀ ਸਫ਼ਾਈ ਰੱਖਣ, ਮਠਿਆਈਆਂ ਅਤੇ ਹੋਰ ਖਾਣ-ਪੀਣ ਵਾਲੀਆਂ ਵਸਤਾਂ ਨੂੰ ਢੱਕ ਕੇ ਰੱਖਣ ਅਤੇ ਖੁਰਾਕੀ ਵਸਤਾਂ ਦੀ ਗੁਣਵੱਤਾ ਬਰਕਰਾਰ ਰੱਖਣ ਲਈ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਗਿਆ।

ਫੂਡ ਸੇਫ਼ਟੀ ਅਫ਼ਸਰ ਨੇ ਸਪੱਸ਼ਟ ਕੀਤਾ ਕਿ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਅਤੇ ਮਿਲਾਵਟੀ ਜਾਂ ਗੈਰ-ਮਿਆਰੀ ਖਾਣ-ਪੀਣ ਵਾਲੀਆਂ ਵਸਤਾਂ ਵੇਚਣ ਵਾਲੇ ਦੁਕਾਨਦਾਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸੁਰੱਖਿਅਤ ਅਤੇ ਮਿਆਰੀ ਖੁਰਾਕੀ ਵਸਤਾਂ ਮੁਹੱਈਆ ਕਰਵਾਉਣ ਲਈ ਇਹ ਚੈਕਿੰਗ ਮੁਹਿੰਮ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਟੀਮ ਸਹਾਇਕ ਸ੍ਰੀ ਤਿਰਲੋਕ ਸਿੰਘ ਵੀ ਹਾਜ਼ਰ ਸਨ।

ਸੰਗਰੂਰ ਵਿਖੇ ਕਣਕ ਦੀ ਫ਼ਸਲ ਵਿੱਚ ਗ੍ਰੀਨ ਅਮੋਨੀਆ ਤਕਨੀਕ ਦਾ ਪ੍ਰਦਰਸ਼ਨ ਸ਼ੁਰੂ



ਸੰਗਰੂਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਖੇਤੀ ਖੋਜ ਪ੍ਰੀਸ਼ਦ - ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ, ਜ਼ੋਨ 1, ਲੁਧਿਆਣਾ ਅਤੇ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਸਾਂਝੇ ਯਤਨਾਂ ਸਦਕਾ ਲਗਭਗ 300 ਏਕੜ ਕਣਕ ਦੀ ਫ਼ਸਲ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਦਾ ਪ੍ਰਦਰਸ਼ਨ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਜੈਕਟ ਤਹਿਤ ਸੰਗਰੂਰ ਜ਼ਿਲ੍ਹੇ ਵਿੱਚ 4 ਨਵੰਬਰ, 2026 ਤੱਕ 94 ਏਕੜ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਕੀਤੀ ਜਾ ਚੁੱਕੀ ਹੈ। ਇਸ ਪਹਿਲ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਨਾਈਟ੍ਰੋਜਨ ਖਾਦਾਂ ਦੀ ਸੰਤੁਲਿਤ ਅਤੇ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦੇਣਾ, ਮਿੱਟੀ ਦੀ ਸਿਹਤ ਦੀ ਸੰਭਾਲ ਕਰਨਾ ਅਤੇ ਖਾਦਾਂ ਦੀ ਸੰਤੁਲਿਤ ਵਰਤੋਂ ਨੂੰ ਉਤਸ਼ਾਹਿਤ ਕਰਨਾ ਹੈ।

ਇਸ ਪ੍ਰੋਜੈਕਟ ਤਹਿਤ ਸੰਗਰੂਰ ਜ਼ਿਲ੍ਹੇ ਵਿੱਚ ਲਗਭਗ 300 ਏਕੜ ਰਕਬੇ ਵਿੱਚ ਗ੍ਰੀਨ ਅਮੋਨੀਆ ਦੀ ਵਰਤੋਂ ਦਾ ਵਿਗਿਆਨਕ ਮੁਲਾਂਕਣ ਅਤੇ ਪ੍ਰਦਰਸ਼ਨ ਕੀਤਾ ਜਾਵੇਗਾ।

ਇਸ ਪ੍ਰੋਗਰਾਮ ਦੀ ਸ਼ੁਰੂਆਤ 24 ਅਕਤੂਬਰ 2026 ਨੂੰ ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ, ਜ਼ੋਨ 1, ਲੁਧਿਆਣਾ ਅਤੇ ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਸਾਂਝੇ ਤੌਰ 'ਤੇ ਪਿੰਡ ਬਿਜਲਪੁਰ ਤੋਂ ਕੀਤੀ ਗਈ ਸੀ। ਇਸ ਤਕਨੀਕ ਅਧੀਨ ਵਿਸ਼ੇਸ਼ ਮਸ਼ੀਨ ਰਾਹੀਂ ਗ੍ਰੀਨ ਅਮੋਨੀਆ ਨੂੰ ਜ਼ਮੀਨ ਦੀ ਸਤ੍ਹਾ ਤੋਂ ਲਗਭਗ 15 ਸੈਂਟੀਮੀਟਰ ਹੇਠਾਂ ਮਿੱਟੀ ਵਿੱਚ ਪਹੁੰਚਾਇਆ ਜਾਂਦਾ ਹੈ, ਤਾਂ ਜੋ ਨਾਈਟ੍ਰੋਜਨ ਦੀ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾਈ ਜਾ ਸਕੇ। ਇਸ ਤਕਨੀਕ ਦੀ ਉਪਯੋਗਤਾ, ਨਾਈਟ੍ਰੋਜਨ ਉਪਲੱਬਧ ਕਰਵਾਉਣ ਦੀ ਸਮਰੱਥਾ ਅਤੇ ਫ਼ਸਲ ਦੇ ਵਾਧੇ ਅਤੇ ਝਾੜ ਉੱਤੇ ਇਸ ਦੇ ਪ੍ਰਭਾਵ ਦਾ ਵਿਗਿਆਨਕ ਮੁਲਾਂਕਣ ਕੀਤਾ ਜਾ ਰਿਹਾ ਹੈ।

ਇਸ ਪ੍ਰਦਰਸ਼ਨ ਮੌਕੇ ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ, ਜ਼ੋਨ 1, ਲੁਧਿਆਣਾ ਦੇ ਨਿਰਦੇਸ਼ਕ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਵਿਗਿਆਨੀ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਖੇਤੀਬਾੜੀ ਤਕਨਾਲੋਜੀ ਅਨੁਪ੍ਰਯੋਗ ਖੋਜ ਸੰਸਥਾਨ, ਜ਼ੋਨ 1, ਲੁਧਿਆਣਾ ਦੇ ਨਿਰਦੇਸ਼ਕ ਡਾ. ਪਰਵਿੰਦਰ ਸ਼ਿਓਰਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਖੇਤੀਬਾੜੀ ਖੇਤਰ ਵਿੱਚ ਨਾਈਟ੍ਰੋਜਨ ਦੀ ਵੱਧਦੀ ਲੋੜ ਨੂੰ ਦੇਖਦੇ ਹੋਏ ਵਿਕਲਪਿਕ ਅਤੇ ਨਵੀਨਤਮ ਤਕਨੀਕਾਂ ਆਧਾਰਿਤ ਖਾਦ ਪ੍ਰਬੰਧਨ ਤਰੀਕਿਆਂ ਦਾ ਵਿਕਾਸ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਵੱਲੋਂ ਗ੍ਰੀਨ ਅਮੋਨੀਆ ਰਾਹੀਂ ਫ਼ਸਲਾਂ ਨੂੰ ਨਾਈਟ੍ਰੋਜਨ ਉਪਲਬਧ ਕਰਵਾਉਣ ਦੀਆਂ ਸੰਭਾਵਨਾਵਾਂ ਸਬੰਧੀ ਖੋਜ ਅਤੇ ਤਕਨੀਕੀ ਪ੍ਰਦਰਸ਼ਨ ਕੀਤੇ ਜਾ ਰਹੇ ਹਨ ਅਤੇ ਵਿਗਿਆਨਕ ਪ੍ਰਯੋਗਾਂ ਦੇ ਸਕਾਰਾਤਮਕ ਨਤੀਜੇ ਮਿਲਣ 'ਤੇ ਇਹ ਤਕਨੀਕ ਭਵਿੱਖ ਵਿੱਚ ਯੂਰੀਆ ਉੱਤੇ ਨਿਰਭਰਤਾ ਘਟਾਉਣ ਅਤੇ ਨਾਈਟ੍ਰੋਜਨ ਪ੍ਰਬੰਧਨ ਦਾ ਪ੍ਰਭਾਵਸ਼ਾਲੀ ਵਿਕਲਪ ਮੁਹੱਈਆ ਕਰਵਾਉਣ ਵਿੱਚ ਸਹਾਇਕ ਹੋ ਸਕਦੀ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ

ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਦੇ ਇੰਚਾਰਜ ਡਾ. ਮਨਦੀਪ ਸਿੰਘ ਨੇ ਕਿਸਾਨਾਂ ਨੂੰ ਮੁਖਾਤਿਬ ਹੁੰਦਿਆਂ ਕਿਹਾ ਕਿ ਟਿਕਾਊ ਖੇਤੀ ਲਈ ਫ਼ਸਲ ਉਤਪਾਦਨ ਵਧਾਉਣ ਦੇ ਨਾਲ-ਨਾਲ ਮਿੱਟੀ ਦੀ ਸਿਹਤ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਗ੍ਰੀਨ ਅਮੋਨੀਆ ਵਰਗੀਆਂ ਨਵੀਆਂ ਤਕਨੀਕਾਂ ਦਾ ਵਿਗਿਆਨਕ ਮੁਲਾਂਕਣ ਕਿਸਾਨਾਂ ਨੂੰ ਭਵਿੱਖ ਵਿੱਚ ਨਾਈਟ੍ਰੋਜਨ ਪ੍ਰਬੰਧਨ ਦੇ ਨਵੇਂ ਵਿਕਲਪ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

ਇਸ ਮੌਕੇ ਹਾਜ਼ਰ ਵਿਗਿਆਨੀ ਡਾ. ਰੁਕਿੰਦਰਪ੍ਰੀਤ ਸਿੰਘ ਧਾਲੀਵਾਲ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਅਤੇ ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ (ਖੇਤੀ ਇੰਜੀ.) ਨੇ ਕਿਸਾਨਾਂ ਨੂੰ 'ਖੇਤ ਬਚਾਓ ਮੁਹਿੰਮ' ਦੇ ਉਦੇਸ਼ਾਂ ਅਤੇ ਮਹੱਤਵ ਬਾਰੇ ਜਾਣੂ ਕਰਵਾਇਆ।

ਉਨ੍ਹਾਂ ਨੇ ਮਿੱਟੀ ਦੀ ਸਿਹਤ ਦੀ ਸੰਭਾਲ, ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਅਤੇ ਖਾਦਾਂ ਦੀ ਸੰਤੁਲਿਤ ਤੇ ਸੁਚੱਜੀ ਵਰਤੋਂ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਗ੍ਰੀਨ ਅਮੋਨੀਆ ਦੀ ਵਿਗਿਆਨਕ ਵਿਧੀ ਨਾਲ ਵਰਤੋਂ ਨਾਈਟ੍ਰੋਜਨ ਪ੍ਰਬੰਧਨ ਦੇ ਇੱਕ ਸੰਭਾਵੀ ਵਿਕਲਪ ਵਜੋਂ ਵਿਕਸਿਤ ਹੋ ਸਕਦੀ ਹੈ ਅਤੇ ਖਾਦਾਂ ਦੀ ਪ੍ਰਭਾਵਸ਼ਾਲੀ ਵਰਤੋਂ ਰਾਹੀਂ 'ਖੇਤ ਬਚਾਓ ਮੁਹਿੰਮ' ਦੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਵਿੱਚ ਵੀ ਸਹਾਇਕ ਸਿੱਧ ਹੋ ਸਕਦੀ ਹੈ।

ਇਹ ਪਹਿਲਕਦਮੀ ਖੇਤੀਬਾੜੀ ਵਿੱਚ ਗ੍ਰੀਨ ਅਮੋਨੀਆ ਦੀ ਯੂਰੀਆ ਦੇ ਸੰਭਾਵੀ ਬਦਲ ਵਜੋਂ ਵਰਤੋਂ, ਨਾਈਟ੍ਰੋਜਨ ਖਾਦਾਂ ਦੀ ਸੁਚੱਜੀ ਵਰਤੋਂ ਅਤੇ ਮਿੱਟੀ ਦੀ ਸਿਹਤ ਨੂੰ ਬਰਕਰਾਰ ਰੱਖਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋ ਸਕਦੀ ਹੈ।

ਵਾਹਨਾਂ ਦੇ ਪ੍ਰਦੂਸ਼ਣ ਕਾਰਨ ਦਿੱਲੀ-ਐੱਨਸੀਆਰ ਦੀ ਆਬੋ-ਹਵਾ ਖਰਾਬ: ਸੁਪਰੀਮ ਕੋਰਟ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੁਪਰੀਮ ਕੋਰਟ ਨੇ ਦਿੱਲੀ-ਕੌਮੀ ਰਾਜਧਾਨੀ ਖੇਤਰ (ਐੱਨਸੀਆਰ) ਵਿੱਚ ਵਾਹਨਾਂ ਤੋਂ ਨਿਕਲਣ ਵਾਲੇ ਧੂੰਏਂ ਕਾਰਨ ਵਧ ਰਹੇ ਪ੍ਰਦੂਸ਼ਣ ’ਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਅਦਾਲਤ ਨੇ ਕਿਹਾ ਕਿ ਵਾਹਨਾਂ ਦੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਹੋ ਰਿਹਾ ਵਾਧਾ ਤੁਰੰਤ ਦਖ਼ਲ ਦੀ ਮੰਗ ਕਰਦਾ ਹੈ। ਇਸ ਸਬੰਧੀ ਦਿੱਲੀ, ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਦੀਆਂ ਸਰਕਾਰਾਂ ਤੋਂ ਪੁਰਾਣੇ ਅਤੇ ਪ੍ਰਦੂਸ਼ਣ ਮਾਪਦੰਡਾਂ ’ਤੇ ਖਰੇ ਨਾ ਉਤਰਨ ਵਾਲੇ ਵਾਹਨਾਂ ਦੀ ਆਵਾਜਾਈ ਰੋਕਣ ਲਈ ਚੁੱਕੇ ਕਦਮਾਂ ਬਾਰੇ ਜਵਾਬ ਮੰਗਿਆ ਗਿਆ ਹੈ।

ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਤੇ ਵੀ. ਮੋਹਨਾ ਦੇ ਬੈਂਚ ਨੇ ਦਿੱਲੀ ਨਗਰ ਨਿਗਮ ਅਤੇ ਦਿੱਲੀ ਪੁਲੀਸ ਨੂੰ ਵੀ ਵਿਸਥਾਰਤ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਅਧਿਕਾਰੀਆਂ ਨੂੰ ਦੱਸਣਾ ਪਵੇਗਾ ਕਿ ਵਾਹਨਾਂ ਦੇ ਪ੍ਰਦੂਸ਼ਣ ਨੂੰ ਘਟਾਉਣ ਲਈ ਕਿਹੜੇ ਥੋੜ੍ਹੇ ਅਤੇ ਲੰਮੇ ਸਮੇਂ ਦੇ ਉਪਰਾਲੇ ਕੀਤੇ ਜਾ ਰਹੇ ਹਨ।

ਬੈਂਚ ਨੇ ਕਿਹਾ ਕਿ ਦਿੱਲੀ ਅਤੇ ਗੁਆਂਢੀ ਸੂਬਿਆਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕਾਫ਼ੀ ਕਮੀ ਆਈ ਹੈ, ਜੋ ਸ਼ਲਾਘਾਯੋਗ ਹੈ। ਪਰ ਇਸ ਦੇ ਨਾਲ ਹੀ ਵਾਹਨਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਦਿੱਲੀ ਵਿੱਚ ਸਿਰਫ਼ ਸਥਾਨਕ ਵਾਹਨ ਹੀ ਨਹੀਂ, ਸਗੋਂ ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਤੋਂ ਆਉਣ ਵਾਲੇ ਵਾਹਨ ਵੀ ਪ੍ਰਦੂਸ਼ਣ ਵਧਾ ਰਹੇ ਹਨ।

ਪੀਯੂਸੀ ਸਰਟੀਫਿਕੇਟ ਅਤੇ ਵਾਹਨਾਂ ਦੀ ਜਾਂਚ ਬਾਰੇ ਵੀ ਜਵਾਬ ਮੰਗਿਆ

ਅਦਾਲਤ ਨੇ ਪੁੱਛਿਆ ਹੈ ਕਿ



ਪ੍ਰਦੂਸ਼ਣ ਮਾਪਦੰਡਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੀ ਪਛਾਣ ਅਤੇ ਨਿਗਰਾਨੀ ਕਿਵੇਂ ਕੀਤੀ ਜਾ ਰਹੀ ਹੈ। ਪ੍ਰਦੂਸ਼ਣ ਜਾਂਚ ਸਰਟੀਫਿਕੇਟ (ਪੀਯੂਸੀ) ਦੀ ਸ਼ਰਤ ਲਾਗੂ ਕਰਨ ਅਤੇ ਪੁਰਾਣੇ ਵਾਹਨਾਂ ਨੂੰ ਐੱਨਸੀਆਰ ਵਿੱਚ ਦਾਖ਼ਲ ਹੋਣ ਤੋਂ ਰੋਕਣ ਲਈ ਕੀ ਪ੍ਰਬੰਧ ਕੀਤੇ ਗਏ ਹਨ। ਅਧਿਕਾਰੀਆਂ ਨੂੰ ਇਹ ਵੀ ਦੱਸਣਾ ਪਵੇਗਾ ਕਿ ਕਿੰਨੇ ਵਾਹਨਾਂ ਦੀ ਜਾਂਚ ਕੀਤੀ ਗਈ, ਕਿੰਨਿਆਂ ਦੇ ਚਲਾਨ ਕੱਟੇ ਗਏ ਅਤੇ ਕਿੰਨਿਆਂ ਨੂੰ ਦਾਖ਼ਲ ਹੋਣ ਤੋਂ ਰੋਕਿਆ ਗਿਆ।

ਬੈਂਚ ਨੇ ਦਿੱਲੀ ਅਤੇ ਗੁਆਂਢੀ ਸੂਬਿਆਂ ਵਿਚਾਲੇ ਵਾਹਨਾਂ ਦੀ ਆਵਾਜਾਈ ਨੂੰ ਨਿਯਮਤ ਕਰਨ ਲਈ ਤਾਲਮੇਲ ਦੇ ਪ੍ਰਬੰਧਾਂ ਬਾਰੇ ਵੀ ਜਾਣਕਾਰੀ ਮੰਗੀ ਹੈ।

ਸੂਬਿਆਂ ਨੂੰ ਦੋ ਹਫ਼ਤਿਆਂ ਅੰਦਰ ਆਪਣੇ ਜਵਾਬ ਦਾਖ਼ਲ ਕਰਨ ਅਤੇ ਹਵਾ ਦੀ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀਏਕਿਊਐੱਮ) ਵੱਲੋਂ ਦਿੱਤੇ ਸੁਝਾਵਾਂ ’ਤੇ ਕੀਤੀ ਕਾਰਵਾਈ ਬਾਰੇ ਦੱਸਣ ਲਈ ਕਿਹਾ ਗਿਆ ਹੈ।

23 ਨਵੰਬਰ ਨੂੰ ਹੋਵੇਗੀ ਅਗਲੀ ਸੁਣਵਾਈ

ਇਹ ਹੁਕਮ 6 ਨਵੰਬਰ ਨੂੰ ਹਵਾ ਪ੍ਰਦੂਸ਼ਣ ਸਬੰਧੀ ਆਪਣੇ ਆਪ ਨੋਟਿਸ ਲੈ ਕੇ ਸ਼ੁਰੂ ਕੀਤੇ ਕੇਸ ਦੀ ਸੁਣਵਾਈ ਦੌਰਾਨ ਦਿੱਤੇ ਗਏ। ਅਦਾਲਤ ਨੇ ਵਾਹਨਾਂ ਦੇ ਪ੍ਰਦੂਸ਼ਣ ਨਾਲ ਸਬੰਧਤ ਮਾਮਲੇ ਦੀ ਅਗਲੀ ਸੁਣਵਾਈ 23 ਨਵੰਬਰ ਨੂੰ ਰੱਖੀ ਹੈ। ਠੋਸ ਰਹਿੰਦ-ਖੂੰਹਦ ਅਤੇ ਪਰਾਲੀ ਤੇ ਪਟਾਕੇ ਸਾੜਨ ਦੇ ਮਾਮਲੇ 25 ਨਵੰਬਰ ਨੂੰ, ਜਦਕਿ ਉਸਾਰੀ ਕਾਰਜਾਂ, ਬਿਜਲੀ ਘਰਾਂ ਅਤੇ ਉਦਯੋਗਾਂ ਤੋਂ ਹੋਣ ਵਾਲੇ ਪ੍ਰਦੂਸ਼ਣ ਦੇ ਮਾਮਲੇ 26 ਨਵੰਬਰ ਨੂੰ ਸੁਣੇ ਜਾਣਗੇ।

ਪਿਛਲੀ ਸੁਣਵਾਈ ਦੌਰਾਨ ਅਦਾਲਤ ਨੇ ਦਿੱਲੀ-ਐੱਨਸੀਆਰ ਵਿੱਚ ਵਾਹਨਾਂ ਦੀ ਵੱਡੀ ਗਿਣਤੀ ਅਤੇ ਗਾਜ਼ੀਆਬਾਦ, ਗ੍ਰੇਟਰ ਨੋਇਡਾ, ਗੁਰੂਗ੍ਰਾਮ ਤੇ ਫਰੀਦਾਬਾਦ ਨੂੰ ਜੋੜਨ ਵਾਲੀਆਂ ਸੜਕਾਂ ’ਤੇ ਲੱਗਦੇ ਜਾਮ ’ਤੇ ਵੀ ਚਿੰਤਾ ਪ੍ਰਗਟਾਈ ਸੀ। ਕੇਂਦਰ ਸਰਕਾਰ ਨੇ ਦੱਸਿਆ ਸੀ ਕਿ ਬੀਐੱਸ-6 ਮਾਪਦੰਡਾਂ ਤੋਂ ਹੇਠਲੇ ਵਾਹਨਾਂ ਦੇ ਦਾਖ਼ਲੇ ’ਤੇ ਪਾਬੰਦੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਪੀਯੂਸੀ ਸਰਟੀਫਿਕੇਟਾਂ ਨੂੰ ਵਾਹਨਾਂ ਦੀ ਜਾਂਚ ਨਾਲ ਜੋੜਿਆ ਜਾ ਰਿਹਾ ਹੈ।

ਚੋਣ ਕਮਿਸ਼ਨ ਵੱਲੋਂ ਪੰਜਾਬ ਸਣੇ ਪੰਜ ਸੂਬਿਆਂ ’ਚ ਸੇਵਾਮੁਕਤ ਮੁਲਾਜ਼ਮਾਂ ’ਤੇ ਚੋਣ ਜ਼ਾਬਤੇ ਦੀਆਂ ਪਾਬੰਦੀਆਂ ਲਾਗੂ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਚੋਣ ਕਮਿਸ਼ਨ ਨੇ ਅੱਜ ਪੰਜਾਬ ਸਮੇਤ ਪੰਜ ਚੋਣਾਂ ਵਾਲੇ ਸੂਬਿਆਂ ਵਿੱਚ ਸੇਵਾਮੁਕਤ ਸਰਕਾਰੀ ਅਧਿਕਾਰੀਆਂ ਅਤੇ ਮੁਲਾਜ਼ਮਾਂ ’ਤੇ ਵੀ ਚੋਣ ਜ਼ਾਬਤੇ ਦੀਆਂ ਪਾਬੰਦੀਆਂ ਲਾਗੂ ਕਰ ਦਿੱਤੀਆਂ ਹਨ। ਇਨ੍ਹਾਂ ਸੂਬਿਆਂ ਵਿੱਚ ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖੰਡ, ਗੋਆ ਅਤੇ ਮਨੀਪੁਰ ਸ਼ਾਮਲ ਹਨ। ਇਹ ਪਾਬੰਦੀਆਂ ਉਨ੍ਹਾਂ ਸੇਵਾਮੁਕਤ ਅਧਿਕਾਰੀਆਂ ਅਤੇ ਮੁਲਾਜ਼ਮਾਂ ’ਤੇ ਲਾਗੂ ਹੋਣਗੀਆਂ, ਜਿਨ੍ਹਾਂ ਨੂੰ ਸੂਬਾ ਸਰਕਾਰਾਂ ਨੇ ਵੱਖ-ਵੱਖ ਅਹੁਦਿਆਂ ’ਤੇ ਤਾਇਨਾਤ ਕੀਤਾ ਹੋਇਆ ਹੈ।

ਚੋਣ ਕਮਿਸ਼ਨ ਨੇ ਇਸ ਸਬੰਧੀ ਪੰਜਾਂ ਸੂਬਿਆਂ ਦੇ ਮੁੱਖ ਸਕੱਤਰਾਂ ਅਤੇ ਮੁੱਖ ਚੋਣ ਅਧਿਕਾਰੀਆਂ ਨੂੰ ਪੱਤਰ ਭੇਜ ਕੇ ਹਦਾਇਤਾਂ ਜਾਰੀ ਕੀਤੀਆਂ ਹਨ। ਕਮਿਸ਼ਨ ਨੇ ਕਿਹਾ ਹੈ ਕਿ ਸਰਕਾਰੀ ਮੁਲਾਜ਼ਮਾਂ ਤੋਂ ਪਹਿਲਾਂ ਹੀ ਉਮੀਦ ਕੀਤੀ ਜਾਂਦੀ ਹੈ ਕਿ ਉਹ ਕਿਸੇ ਵੀ ਚੋਣ ਪ੍ਰਚਾਰ ਜਾਂ ਸਿਆਸੀ ਮੁਹਿੰਮ ਵਿੱਚ ਹਿੱਸਾ ਨਾ ਲੈਣ। ਉਨ੍ਹਾਂ ਨੂੰ ਆਪਣੇ ਨਾਂ, ਅਹੁਦੇ ਜਾਂ ਅਧਿਕਾਰ ਦੀ ਵਰਤੋਂ ਕਿਸੇ ਇੱਕ ਸਿਆਸੀ ਪਾਰਟੀ ਜਾਂ ਉਮੀਦਵਾਰ ਦੇ ਹੱਕ ਵਿੱਚ ਨਹੀਂ ਕਰਨ ਦੇਣੀ ਚਾਹੀਦੀ।

ਸੇਵਾਮੁਕਤ ਅਧਿਕਾਰੀਆਂ ’ਤੇ ਵੀ ਲਾਗੂ ਹੋਣਗੀਆਂ ਪਾਬੰਦੀਆਂ



ਕਮਿਸ਼ਨ ਨੇ ਕਿਹਾ ਕਿ ਚੋਣ ਜ਼ਾਬਤੇ ਦੀਆਂ ਵਿਵਸਥਾਵਾਂ ਸਰਕਾਰ ਤੋਂ ਪੂਰੀ ਜਾਂ ਅੰਸ਼ਕ ਤੌਰ ’ਤੇ ਵਿੱਤੀ ਸਹਾਇਤਾ ਪ੍ਰਾਪਤ ਕਰਨ ਵਾਲੀਆਂ ਸੰਸਥਾਵਾਂ, ਕਮੇਟੀਆਂ, ਨਿਗਮਾਂ ਅਤੇ ਕਮਿਸ਼ਨਾਂ ਦੇ ਮੁਲਾਜ਼ਮਾਂ ’ਤੇ ਵੀ ਲਾਗੂ ਹੁੰਦੀਆਂ ਹਨ। ਸੂਬਿਆਂ ਦੇ ਸੇਵਾ ਨਿਯਮ ਵੀ ਸਰਕਾਰੀ ਮੁਲਾਜ਼ਮਾਂ ਨੂੰ ਸਿਆਸੀ ਸਰਗਰਮੀਆਂ ਅਤੇ ਚੋਣਾਂ ਵਿੱਚ ਹਿੱਸਾ ਲੈਣ ਤੋਂ ਰੋਕਦੇ ਹਨ। ਚੋਣ ਕਮਿਸ਼ਨ ਨੇ ਕਿਹਾ ਕਿ ਸੇਵਾਮੁਕਤ ਸਰਕਾਰੀ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸੂਬਾ ਜਾਂ ਕੇਂਦਰ ਸ਼ਾਸਿਤ ਪ੍ਰਦੇਸ਼ ਸਰਕਾਰਾਂ ਵੱਲੋਂ ਵੱਖ-ਵੱਖ ਹੈਸੀਅਤਾਂ ਵਿੱਚ ਨਿਯੁਕਤ ਜਾਂ ਮੁੜ ਨਿਯੁਕਤ ਕੀਤਾ ਜਾਂਦਾ ਹੈ। ਇਨ੍ਹਾਂ ਲਈ ਚੋਣ ਜ਼ਾਬਤੇ ਦੌਰਾਨ ਸਿਆਸੀ ਨਿਰਪੱਖਤਾ ਅਤੇ ਵਿਹਾਰ ਸਬੰਧੀ ਕੋਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਂ ਨਿਯਮ ਨਹੀਂ ਹਨ। ਇਸ ਲਈ ਕਮਿਸ਼ਨ ਨੇ ਹਦਾਇਤ ਕੀਤੀ ਹੈ ਕਿ ਸਰਕਾਰੀ ਮੁਲਾਜ਼ਮਾਂ ’ਤੇ ਲਾਗੂ ਪਾਬੰਦੀਆਂ ਇਨ੍ਹਾਂ ਸੇਵਾਮੁਕਤ ਵਿਅਕਤੀਆਂ ’ਤੇ ਵੀ ਉਸੇ ਤਰ੍ਹਾਂ ਲਾਗੂ ਹੋਣਗੀਆਂ।

ਚੋਣ ਅਧਿਕਾਰੀਆਂ ਨੂੰ ਮੀਟਿੰਗਾਂ ’ਚ ਨਹੀਂ ਸੱਦ ਸਕਣਗੀਆਂ ਸਰਕਾਰਾਂ

ਕਮਿਸ਼ਨ ਨੇ ਸੂਬਾ ਸਰਕਾਰਾਂ ਨੂੰ ਇਹ ਵੀ ਹਦਾਇਤ ਕੀਤੀ ਹੈ ਕਿ ਜਿਨ੍ਹਾਂ ਹਲਕਿਆਂ ਜਾਂ ਜ਼ਿਲ੍ਹਿਆਂ ਵਿੱਚ ਚੋਣਾਂ ਦਾ ਐਲਾਨ ਹੋ ਚੁੱਕਾ ਹੈ, ਉੱਥੋਂ ਦੇ ਕਿਸੇ ਵੀ ਚੋਣ ਅਧਿਕਾਰੀ ਨੂੰ ਸਰਕਾਰੀ ਵਿਚਾਰ-ਵਟਾਂਦਰੇ ਜਾਂ ਮੀਟਿੰਗਾਂ ਲਈ ਨਾ ਬੁਲਾਇਆ ਜਾਵੇ। ਅਜਿਹੇ ਅਧਿਕਾਰੀਆਂ ਨਾਲ ਵੀਡੀਓ ਕਾਨਫਰੰਸ ਰਾਹੀਂ ਮੀਟਿੰਗਾਂ ਕਰਨ ’ਤੇ ਵੀ ਰੋਕ ਲਾਈ ਗਈ ਹੈ।

ਕਮਿਸ਼ਨ ਨੇ ਚਿਤਾਵਨੀ ਦਿੱਤੀ ਹੈ ਕਿ ਉਸ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੀ ਕਿਸੇ ਵੀ ਕਾਰਵਾਈ ਜਾਂ ਅਣਗਹਿਲੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਪੱਤਰ ਵਿੱਚ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਹਦਾਇਤਾਂ ਬਾਰੇ ਜਾਣੂ ਕਰਵਾਉਣ ਅਤੇ ਇਨ੍ਹਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ।

ਸੀ.ਆਈ.ਐੱਸ.ਸੀ.ਈ. ਵਲੋਂ ਆਈ.ਸੀ.ਐੱਸ..ਈ.- 10ਵੀਂ ਅਤੇ ਆਈ.ਐੱਸ. ਸੀ.-12ਵੀਂ ਸਾਲ 2027 ਦੀਆਂ ਪ੍ਰੀਖਿਆਵਾਂ ਲਈ ਸਮਾਂ-ਸਾਰਣੀ ਜਾਰੀ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੌਂਸਲ ਫਾਰ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ (ਸੀ.ਆਈ.ਐੱਸ. ਸੀ.ਈ.) ਨੇ ਸਾਲ 2027 ਦੀਆਂ ਇੰਡੀਅਨ ਸਰਟੀਫਿਕੇਟ ਆਫ਼ ਸੈਕੰਡਰੀ ਐਜੂਕੇਸ਼ਨ (ਆਈ.ਸੀ.ਐੱਸ..ਈ.-10ਵੀਂ ਜਮਾਤ) ਅਤੇ ਇੰਡੀਅਨ ਸਕੂਲ ਸਰਟੀਫਿਕੇਟ (ਆਈ.ਐੱਸ.ਸੀ.-12ਵੀਂ ਜਮਾਤ) ਪ੍ਰੀਖਿਆਵਾਂ ਲਈ ਸਮਾਂ-ਸਾਰਣੀ (ਸ਼ਡਿਊਲ) ਜਾਰੀ ਕਰ ਦਿੱਤੀ ਹੈ।

ਇਨ੍ਹਾਂ ਦੋਵਾਂ ਪ੍ਰੀਖਿਆਵਾਂ ਵਿਚ ਕੁੱਲ 3,79,980 ਉਮੀਦਵਾਰ ਸ਼ਾਮਿਲ ਹੋਣਗੇ, ਜੋ ਸੀ.ਆਈ.ਐੱਸ. ਸੀ.ਈ. ਦੀ ਵਿਆਪਕ ਪਹੁੰਚ ਅਤੇ ਸਕੂਲ ਪੱਧਰ ’ਤੇ ਭਰੋਸੇਯੋਗ, ਨਿਰਪੱਖ ਅਤੇ ਉੱਚ-ਗੁਣਵੱਤਾ ਵਾਲੇ ਮੁਲਾਂਕਣ ਪ੍ਰਦਾਨ ਕਰਨ ਪ੍ਰਤੀ ਇਸ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੇ ਹਨ।

ਆਈ.ਸੀ.ਐੱਸ.ਈ. ਸਾਲ 2027 ਦੀ ਪ੍ਰੀਖਿਆ ਵਿਚ 3,106 ਮਾਨਤਾ ਪ੍ਰਾਪਤ ਸਕੂਲਾਂ ਦੇ 2.70 ਲੱਖ ਉਮੀਦਵਾਰ ਹਿੱਸ ਲੈਣਗੇ, ਜਦੋਂ ਕਿ ਆਈ.ਐੱਸ.ਸੀ ਪ੍ਰੀਖਿਆ ਵਿਚ 1,651 ਸਕੂਲਾਂ ਦੇ 1.1 ਲੱਖ ਤੋਂ ਵੱਧ ਉਮੀਦਵਾਰ ਸ਼ਾਮਿਲ ਹੋਣਗੇ। ਆਈ.ਸੀ.ਐੱਸ..ਈ. ਪ੍ਰੀਖਿਆ ਵਿਚ 76 ਵਿਸ਼ੇ/ਪੇਪਰ ਸ਼ਾਮਿਲ ਹੋਣਗੇ, ਜਦੋਂ ਕਿ ਆਈ.ਐੱਸ.ਸੀ. ਪ੍ਰੀਖਿਆ ਵਿਚ 60 ਵਿਸ਼ੇ ਹੋਣਗੇ; ਇਹ ਸੀ.ਆਈ.ਐੱਸ. ਸੀ.ਈ. ਦੁਆਰਾ ਪੇਸ਼ ਕੀਤੇ ਗਏ ਅਕਾਦਮਿਕ ਵਿਸ਼ਿਆਂ ਦੇ ਵਿਸਤਾਰ ਅਤੇ ਵਿਭਿੰਨਤਾ ਨੂੰ ਦਰਸਾਉਂਦਾ ਹੈ।ਆਈ.ਸੀ.ਐੱਸ..ਈ. ਸਾਲ 2027 ਦੀ ਪ੍ਰੀਖਿਆ ਸੋਮਵਾਰ, 15 ਫਰਵਰੀ 2027 ਨੂੰ ਸ਼ੁਰੂ ਹੋਵੇਗੀ ਅਤੇ ਬੁੱਧਵਾਰ, 31 ਮਾਰਚ 2027 ਨੂੰ ਸਮਾਪਤ ਹੋਵੇਗੀ। ਇਹ ਪ੍ਰੀਖਿਆ ਭਾਰਤ ਅਤੇ ਵਿਦੇਸ਼ਾਂ ਵਿਚ ਸਥਿਤ 2,835 ਪ੍ਰੀਖਿਆ ਕੇਂਦਰਾਂ ’ਤੇ ਕਰਵਾਈ ਜਾਵੇਗੀ।

ਸਿੱਖ ਕਤਲੇਆਮ ਦੇ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਿਆ: ਸੋਨੀਆ ਗਾਂਧੀ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕਾਂਗਰਸ ਸੰਸਦੀ ਦਲ ਦੀ ਪ੍ਰਧਾਨ ਸੋਨੀਆ ਗਾਂਧੀ ਨੇ 1984 ਦੇ ਸਿੱਖ ਕਤਲੇਆਮ ਦੇ ਚਾਰ ਦਹਾਕਿਆਂ ਤੋਂ ਵੱਧ ਸਮਾਂ ਬੀਤਣ ਦੇ ਬਾਵਜੂਦ ਪੀੜਤਾਂ ਨੂੰ ਇਨਸਾਫ਼ ਨਾ ਮਿਲਣ ਦੀ ਗੱਲ ਸਵੀਕਾਰ ਕੀਤੀ ਹੈ ਉਨ੍ਹਾਂ ਆਪਣੀ ਨਵੀਂ ਸਵੈ-ਜੀਵਨੀ ‘ਬਿਲੌਂਗਿੰਗ: ਏ ਜਰਨੀ ਆਫ਼ ਲਵ’ ਵਿੱਚ ਮੰਨਿਆ ਹੈ ਕਿ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਹੋਈ ਹਿੰਸਾ ਭੜਕਾਉਣ ਅਤੇ ਇਸ ਦੀ ਅਗਵਾਈ ਕਰਨ ਦੇ ਦੋਸ਼ਾਂ ਹੇਠ ਕਾਂਗਰਸ ਦੇ ਕਈ ਵਰਕਰਾਂ ਵਿਰੁੱਧ ਵੀ ਅਪਰਾਧਿਕ ਮਾਮਲੇ ਦਰਜ ਹੋਏ ਸਨ। ਉਨ੍ਹਾਂ ਮੁਤਾਬਕ ਚਾਰ ਕਮਿਸ਼ਨਾਂ, ਨੌਂ ਕਮੇਟੀਆਂ ਅਤੇ ਦੋ ਵਿਸ਼ੇਸ਼ ਜਾਂਚ ਟੀਮਾਂ ਬਣਨ ਦੇ ਬਾਵਜੂਦ ਪੀੜਤਾਂ ਨੂੰ ਇਨਸਾਫ਼ ਮਿਲਣ ਵਿਚ ਅੜਿੱਕੇ ਆਏ। ਸੋਨੀਆ ਨੇ ਅੱਜ ਜਾਰੀ ਹੋਈ 544 ਸਫ਼ਿਆਂ ਦੀ ਇਸ ਪੁਸਤਕ ਵਿੱਚ ਦਿੱਲੀ ਵਿੱਚ 2,000 ਤੋਂ ਵੱਧ ਸਿੱਖਾਂ ਦੇ ਕਤਲ, ਪ੍ਰਸ਼ਾਸਨ ਦੀ ਨਾਕਾਮੀ ਅਤੇ ਫ਼ੌਜ ਤਾਇਨਾਤ ਕਰਨ ਵਿੱਚ ਹੋਈ ਦੇਰੀ ਦਾ ਵੀ ਜ਼ਿਕਰ ਕੀਤਾ ਹੈ। ਉਨ੍ਹਾਂ ਅਨੁਸਾਰ ਸੈਂਕੜੇ ਐੱਫਆਈਆਰ ਦਰਜ ਹੋਣ ਦੇ ਬਾਵਜੂਦ ਸਿਰਫ਼ ਚਾਰ-ਪੰਜ ਮਾਮਲਿਆਂ ਵਿੱਚ ਹੀ ਕਾਂਗਰਸੀ ਵਰਕਰਾਂ ਦੀ ਗ੍ਰਿਫ਼ਤਾਰੀ ਹੋਈ। ਉਨ੍ਹਾਂ ਕਿਹਾ ਕਿ ਕਤਲੇਆਮ ਵਿੱਚ ਸ਼ਾਮਲ ਆਰਐੱਸਐੱਸ ਮੈਂਬਰਾਂ ਵਿਰੁੱਧ ਵੀ ਮਾਮਲੇ ਦਰਜ ਕੀਤੇ ਗਏ ਸਨ। ਕਈ ਮਾਮਲੇ ਸਾਲਾਂ ਤੱਕ ਅਦਾਲਤਾਂ ਵਿੱਚ ਲਟਕਦੇ ਰਹੇ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਨਾ ਮਿਲਣਾ ਪ੍ਰਣਾਲੀ ਦੀ ਵੱਡੀ ਸਮੱਸਿਆ ਰਹੀ ਹੈ।

ਸੀ ਆਈ ਐੱਸ ਸੀ ਈ ਦੀਆਂ ਦਸਵੀਂ ਦੀਆਂ ਪ੍ਰੀਖਿਆਵਾਂ 15 ਫਰਵਰੀ ਤੋਂ

ਬਾਰ੍ਹਵੀਂ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਸ਼ੁਰੂ ਹੋਣਗੀਆਂ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ (ਸੀਆਈਐੱਸਸੀਈ) ਦੀਆਂ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ 15 ਫਰਵਰੀ 2027 ਤੋਂ ਸ਼ੁਰੂ ਹੋਣਗੀਆਂ, ਜਦਕਿ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਸ਼ੁਰੂ ਹੋਣਗੀਆਂ। ਇਹ ਜਾਣਕਾਰੀ ਕੌਂਸਲ ਦੇ ਮੁੱਖ ਕਾਰਜਕਾਰੀ ਅਧਿਕਾਰੀ ਜੋਸਫ਼ ਇਮੈਨੁਅਲ ਨੇ ਦਿੱਤੀ। ਜਾਣਕਾਰੀ ਅਨੁਸਾਰ ਦਸਵੀਂ ਦੀਆਂ ਪ੍ਰੀਖਿਆਵਾਂ 31 ਮਾਰਚ ਤੱਕ ਅਤੇ ਬਾਰ੍ਹਵੀਂ ਦੀਆਂ ਪ੍ਰੀਖਿਆਵਾਂ 8 ਅਪਰੈਲ 2027 ਤੱਕ ਚੱਲਣਗੀਆਂ। ਵਿਦਿਆਰਥੀ ਵਿਸ਼ੇ ਅਨੁਸਾਰ ਪ੍ਰੀਖਿਆਵਾਂ ਦੀਆਂ ਤਰੀਕਾਂ ਅਤੇ ਸਮਾਂ-ਸਾਰਣੀ ਕੌਂਸਲ ਦੀ ਅਧਿਕਾਰਤ ਵੈੱਬਸਾਈਟ ’ਤੇ ਦੇਖ ਸਕਦੇ ਹਨ।

ਦਸਵੀ ਦੀ ਪ੍ਰੀਖਿਆ ਦੇਣਗੇ ਪੌਣੇ ਤਿੰਨ ਲੱਖ ਵਿਦਿਆਰਥੀ

ਸੀਆਈਐੱਸਸੀਈ ਦੀਆਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ ਕੁੱਲ 3,79,980 ਵਿਦਿਆਰਥੀ ਬੈਠਣਗੇ। ਸਾਲ 2027 ਦੀ ਦਸਵੀਂ ਜਮਾਤ ਦੀ ਆਈਸੀਐੱਸਈ ਪ੍ਰੀਖਿਆ ਵਿੱਚ 3,106 ਮਾਨਤਾ ਪ੍ਰਾਪਤ ਸਕੂਲਾਂ ਦੇ ਕਰੀਬ 2.70 ਲੱਖ ਵਿਦਿਆਰਥੀ ਬੈਠਣਗੇ, ਜਦਕਿ ਬਾਰ੍ਹਵੀਂ ਜਮਾਤ ਦੀ ਆਈਐੱਸਸੀ ਪ੍ਰੀਖਿਆ ਵਿੱਚ 1,651 ਸਕੂਲਾਂ ਦੇ 1.1 ਲੱਖ ਤੋਂ ਵੱਧ ਵਿਦਿਆਰਥੀ ਸ਼ਾਮਲ ਹੋਣਗੇ।

ਦਸਵੀਂ ਦੀ ਪ੍ਰੀਖਿਆ ਵਿੱਚ 76 ਵਿਸ਼ਿਆਂ ਜਾਂ ਪ੍ਰਸ਼ਨ ਪੱਤਰਾਂ ਦੀ ਪ੍ਰੀਖਿਆ ਹੋਵੇਗੀ, ਜਦਕਿ ਬਾਰ੍ਹਵੀਂ ਦੀ ਪ੍ਰੀਖਿਆ ਵਿੱਚ 60 ਵਿਸ਼ੇ ਸ਼ਾਮਲ ਹੋਣਗੇ।

ਸਾਲ 2027 ਦੀ ਦਸਵੀਂ ਜਮਾਤ ਦੀ ਆਈਸੀਐੱਸਈ ਪ੍ਰੀਖਿਆ ਸੋਮਵਾਰ, 15 ਫਰਵਰੀ ਤੋਂ ਸ਼ੁਰੂ ਹੋਵੇਗੀ ਅਤੇ ਬੁੱਧਵਾਰ, 31 ਮਾਰਚ ਨੂੰ ਸਮਾਪਤ ਹੋਵੇਗੀ। ਇਹ ਪ੍ਰੀਖਿਆ ਭਾਰਤ ਅਤੇ ਵਿਦੇਸ਼ਾਂ ਵਿੱਚ ਕੁੱਲ 2,835 ਪ੍ਰੀਖਿਆ ਕੇਂਦਰਾਂ ’ਤੇ ਕਰਵਾਈ ਜਾਵੇਗੀ।

ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਮੈਡੀਕਲ ਕਾਲਜ ਅਤੇ ਟੀਚਿੰਗ ਹਸਪਤਾਲ ਦੇ ਸੰਚਾਲਨ ਨੂੰ ਲੈ ਕੇ ਹੋਈ ਮੀਟਿੰਗ



ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਿਹਤ ਸੇਵਾਵਾਂ ਨੂੰ ਆਮ ਲੋਕਾਂ ਲਈ ਸੁਖਾਲਾ ਅਤੇ ਕਿਫ਼ਾਇਤੀ ਬਣਾਉਣਾ ਰਾਜ ਸਰਕਾਰ ਦੀ ਪਹਿਲੀ ਤਰਜੀਹ ਹੈ। ਇਸੇ ਮਕਸਦ ਨੂੰ ਧਿਆਨ ਵਿੱਚ ਰੱਖਦਿਆਂ ਗੁਰੂਗ੍ਰਾਮ ਦੇ ਸੈਕਟਰ-102 ਸਥਿਤ ਸ਼੍ਰੀ ਸ਼ੀਤਲਾ ਮਾਤਾ ਦੇਵੀ ਮੈਡੀਕਲ ਕਾਲਜ ਅਤੇ 883 ਬੈੱਡਾਂ ਦੇ ਟੀਚਿੰਗ ਹਸਪਤਾਲ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਅਤੇ ਪੰਜ ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੇ ਯੋਗ ਮਰੀਜ਼ਾਂ ਲਈ ਇਲਾਜ ਸੰਬੰਧੀ ਵਿਸ਼ੇਸ਼ ਉਪਬੰਧ ਕੀਤੇ ਗਏ ਹਨ। ਇਹਨਾਂ ਉਪਬੰਧਾਂ ਰਾਹੀਂ ਲੋੜਵੰਦ ਪਰਿਵਾਰਾਂ ਨੂੰ ਇਲਾਜ ਵਿੱਚ ਸਬਸਿਡੀ ਦਾ ਲਾਭ ਮਿਲੇਗਾ ਅਤੇ ਉਹ ਕਿਫ਼ਾਇਤੀ ਦਰਾਂ ’ਤੇ ਬਿਹਤਰ ਸਿਹਤ ਸਹੂਲਤਾਂ ਪ੍ਰਾਪਤ ਕਰ ਸਕਣਗੇ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਆਯੋਜਿਤ ਮੀਟਿੰਗ ਵਿੱਚ ਮੈਡੀਕਲ ਕਾਲਜ ਅਤੇ ਟੀਚਿੰਗ ਹਸਪਤਾਲ ਦੇ ਸੰਚਾਲਨ ਅਤੇ ਦੇਖਭਾਲ (Operation and Maintenance) ਨਾਲ ਜੁੜੇ ਵੱਖ-ਵੱਖ ਪਹਿਲੂਆਂ ’ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਉਦਯੋਗ ਅਤੇ ਵਪਾਰ ਮੰਤਰੀ ਸ਼੍ਰੀ ਰਾਓ ਨਰਬੀਰ ਸਿੰਘ ਅਤੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਵੀ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਵਿੱਚ ਸ਼ਾਮਲ ਹੋਏ।

ਮੀਟਿੰਗ ਵਿੱਚ ਆਯੁਸ਼ਮਾਨ ਭਾਰਤ ਯੋਜਨਾ ਦੇ ਲਾਭਪਾਤਰੀਆਂ ਅਤੇ ਪੰਜ ਲੱਖ ਰੁਪਏ ਤੋਂ ਘੱਟ ਸਾਲਾਨਾ ਆਮਦਨ ਵਾਲੇ ਪਰਿਵਾਰਾਂ ਦੇ ਯੋਗ ਮਰੀਜ਼ਾਂ ਲਈ ਇਲਾਜ ਵਿੱਚ ਸਬਸਿਡੀ ਅਤੇ ਹਸਪਤਾਲ ਵਿੱਚ ਵਿਸ਼ੇਸ਼ ਸਹੂਲਤਾਂ ਨਾਲ ਸੰਬੰਧਿਤ ਉਪਬੰਧਾਂ ’ਤੇ ਨਿਰਦੇਸ਼ ਵੀ ਦਿੱਤੇ।

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਾਜਾਇਜ਼ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਨੈੱਟਵਰਕਾਂ ਦਾ ਕੀਤਾ ਪਰਦਾਫਾਸ਼

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਡੀ.ਜੀ.ਪੀ. ਪੰਜਾਬ ਵਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਇਕ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਾਜਾਇਜ਼ ਹਥਿਆਰਾਂ ਦੀ ਸਪਲਾਈ ਕਰਨ ਵਾਲੇ ਦੋ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ ਤੇ 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਉਨ੍ਹਾਂ ਪਾਸੋਂ 14 ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ।

ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਵਿਦੇਸ਼ਾਂ ਵਿਚ ਬੈਠੇ ਆਪਣੇ ਸੰਚਾਲਕਾਂ (handlers) ਦੇ ਸੰਪਰਕ ਵਿਚ ਸਨ, ਜੋ ਡਰੋਨ ਰਾਹੀਂ ਨਾਜਾਇਜ਼ ਹਥਿਆਰਾਂ ਦੀ ਖੇਪ ਭੇਜਣ ਵਿਚ ਮਦਦ ਕਰਦੇ ਸਨ। ਮੁਲਜ਼ਮ ਕਥਿਤ ਤੌਰ ’ਤੇ ਇਨ੍ਹਾਂ ਖੇਪਾਂ ਨੂੰ ਪ੍ਰਾਪਤ ਕਰਦੇ ਸਨ ਅਤੇ ਅੱਗੇ ਅਪਰਾਧਿਕ ਗਤੀਵਿਧੀਆਂ ਵਿਚ ਸ਼ਾਮਿਲ ਲੋਕਾਂ ਨੂੰ ਹਥਿਆਰ ਸਪਲਾਈ ਕਰਦੇ ਸਨ।



ਅੰਮ੍ਰਿਤਸਰ ਦੇ ਥਾਣਾ ਛੇਹਰਟਾ ਅਤੇ ਥਾਣਾ ਸਿਵਲ ਲਾਈਨਜ਼ ਵਿਖੇ ਦੋ ਵੱਖ-ਵੱਖ ਮਾਮਲੇ (FIRs) ਦਰਜ ਕੀਤੇ ਗਏ ਹਨ। ਹੋਰ ਸਾਥੀਆਂ ਦੀ ਪਛਾਣ ਕਰਨ, ਹਥਿਆਰਾਂ ਦੀ ਸਪਲਾਈ ਦੇ ਪੂਰੇ ਪਿਛੋਕੜ ਅਤੇ ਅਗਲੇਰੇ ਸੰਪਰਕਾਂ ਦਾ ਪਤਾ ਲਗਾਉਣ, ਅਤੇ ਨਾਜਾਇਜ਼ ਹਥਿਆਰਾਂ ਦੇ ਵੱਡੇ ਨੈੱਟਵਰਕਾਂ ਨੂੰ ਪੂਰੀ ਤਰ੍ਹਾਂ ਤੋੜਨ ਲਈ ਅਗਲੇਰੀ ਜਾਂਚ ਜਾਰੀ ਹੈ।

ਪੰਜਾਬ ਪੁਲਿਸ ਸੰਗਠਿਤ ਅਪਰਾਧਿਕ ਨੈੱਟਵਰਕਾਂ ਨੂੰ ਖਤਮ ਕਰਨ, ਨਾਜਾਇਜ਼ ਹਥਿਆਰਾਂ ਦੀ ਤਸਕਰੀ ਨੂੰ ਰੋਕਣ ਅਤੇ ਪੂਰੇ #ਪੰਜਾਬ ਵਿੱਚ ਸ਼ਾਂਤੀ ਅਤੇ ਸੁਰੱਖਿਆ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਪਾਕਿਸਤਾਨੀ ਹੈਂਡਲਰਾਂ ਨਾਲ ਜੁੜੇ ਨਸ਼ਾ ਤੇ ਹਥਿਆਰ ਤਸਕਰੀ ਗਰੋਹ ਦੇ 4 ਮੁਲਜ਼ਮ ਗ੍ਰਿਫ਼ਤਾਰ

ਮੁਹਾਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਮੁਹਾਲੀ ਪੁਲਿਸ ਨੇ ਪਾਕਿਸਤਾਨ ਅਧਾਰਿਤ ਹੈਂਡਲਰਾਂ ਦੇ ਇਸ਼ਾਰੇ ’ਤੇ ਡਰੋਨ ਰਾਹੀਂ ਸਰਹੱਦ ਪਾਰੋਂ ਹੈਰੋਇਨ ਮੰਗਵਾਉਣ ਅਤੇ ਨਾਜਾਇਜ਼ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਗਰੋਹ ਦੇ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਐੱਸ.ਐੱਸ.ਪੀ. ਮੁਹਾਲੀ ਵਰੁਣ ਸ਼ਰਮਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਮੁਲਜ਼ਮਾਂ ਕੋਲੋਂ 5 ਪਿਸਤੌਲ (3 ਆਧੁਨਿਕ ਪਿਸਤੌਲ ਅਤੇ 2 ਦੇਸੀ ਕੱਟੇ), 100 ਗ੍ਰਾਮ ਹੈਰੋਇਨ, ਇਕ ਲੱਖ



ਰੁਪਏ ਦੀ ਡਰੱਗ ਮਨੀ ਅਤੇ ਤਸਕਰੀ ਲਈ ਵਰਤੀ ਜਾਂਦੀ ਕ੍ਰੇਟਾ ਕਾਰ ਬਰਾਮਦ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸੀ.ਆਈ.ਏ. ਸਟਾਫ਼ ਖਰੜ ਦੀ ਟੀਮ ਨੇ 7 ਨਵੰਬਰ ਨੂੰ ਗੁਪਤ ਸੂਚਨਾ ਦੇ ਆਧਾਰ ’ਤੇ ਚਾਰਾਂ ਮੁਲਜ਼ਮਾਂ ਨੂੰ ਕਾਬੂ ਕੀਤਾ। ਮੁਲਜ਼ਮਾਂ ਦੀ ਪਛਾਣ ਮਨਪ੍ਰੀਤ ਸਿੰਘ (23), ਸੁਨੀਲ ਉਰਫ਼ ਸੰਨੀ (26), ਗੁਰਪ੍ਰੀਤ ਸਿੰਘ ਉਰਫ਼ ਗੁਰੀ (24) ਅਤੇ ਸੁਖਚੈਨ ਸਿੰਘ ਉਰਫ਼ ਸੁੱਖਾ (23), ਸਾਰੇ ਵਾਸੀ ਜ਼ਿਲ੍ਹਾ ਫ਼ਿਰੋਜ਼ਪੁਰ ਵਜੋਂ ਹੋਈ ਹੈ। ਮੁੱਢਲੀ ਜਾਂਚ ਵਿਚ ਸਾਹਮਣੇ ਆਇਆ ਕਿ ਮੁਲਜ਼ਮ ਪਾਕਿਸਤਾਨ ਅਧਾਰਿਤ ਹੈਂਡਲਰਾਂ ਦੇ ਸੰਪਰਕ ਵਿਚ ਸਨ ਅਤੇ ਡਰੋਨ ਰਾਹੀਂ ਭੇਜੀ ਗਈ ਹੈਰੋਇਨ ਨਿਰਧਾਰਤ ਥਾਵਾਂ ਤੋਂ ਪ੍ਰਾਪਤ ਕਰਕੇ ਮੁਹਾਲੀ, ਚੰਡੀਗੜ੍ਹ ਸਮੇਤ ਟ੍ਰਾਈਸਿਟੀ ਵਿਚ ਸਪਲਾਈ ਕਰਦੇ ਸਨ। ਚਾਰਾਂ ਮੁਲਜ਼ਮਾਂ ਦਾ ਕੋਈ ਪੁਰਾਣਾ ਅਪਰਾਧਿਕ ਰਿਕਾਰਡ ਸਾਹਮਣੇ ਨਹੀਂ ਆਇਆ। ਪੁਲਿਸ ਨੇ ਮੁਲਜ਼ਮਾਂ ਦਾ ਚਾਰ ਦਿਨ ਦਾ ਰਿਮਾਂਡ ਹਾਸਲ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਪ੍ਰਦੂਸ਼ਣ ਤੇ ਹੋਰ ਹਰ ਤਰ੍ਹਾਂ ਦੀ ਮਾੜੀ ਚੀਜ਼ ਲਈ ਪੰਜਾਬ ਨੂੰ ਨਿਸ਼ਾਨਾ ਬਣਾਉਣਾ ਸਹੀ ਨਹੀਂ: ਪਰਗਟ ਸਿੰਘ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਚ ਪਰਾਲੀ ਸਾੜਨ ਦੇ ਮੁੱਦੇ ’ਤੇ ਦਿੱਲੀ ਦੇ ਮੰਤਰੀ ਕਪਿਲ ਮਿਸ਼ਰਾ ਦੀਆਂ ਟਿੱਪਣੀਆਂ ’ਤੇ ਪ੍ਰਤੀਕਿਰਿਆ ਦਿੰਦਿਆਂ, ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਨਾ ਤਾਂ ਭਾਜਪਾ ਅਤੇ ਨਾ ਹੀ ਆਮ ਆਦਮੀ ਪਾਰਟੀ ਨੇ ਪੰਜਾਬ ਨੂੰ ਬਦਨਾਮ ਕਰਨ ਦਾ ਕੋਈ ਮੌਕਾ ਗੁਆਇਆ ਹੈ। ਜਦੋਂ ਆਮ ਆਦਮੀ ਪਾਰਟੀ ਸੱਤਾ ਵਿਚ ਸੀ, ਤਾਂ ਉਹ



ਕਹਿੰਦੇ ਸਨ ਕਿ ਧੂੰਆਂ ਪੰਜਾਬ ਤੋਂ ਆ ਰਿਹਾ ਹੈ। ਹੁਣ ਜਦੋਂ ਭਾਜਪਾ ਸੱਤਾ ਵਿਚ ਹੈ, ਤਾਂ ਉਹ ਵੀ ਇਹ ਹੀ ਗੱਲ ਕਹਿ ਰਹੇ ਹਨ। ਹਾਲਾਂਕਿ ਹਵਾ ਦਾ ਅਜਿਹਾ ਕੋਈ ਤਕਨੀਕੀ ਪੈਟਰਨ ਨਹੀਂ ਹੈ, ਜੋ ਧੂੰਏਂ ਨੂੰ ਦਿੱਲੀ ਵੱਲ ਲੈ ਜਾਵੇ ਅਤੇ ਉੱਥੇ ਪ੍ਰਦੂਸ਼ਣ ਪੈਦਾ ਕਰੇ। ਦਿੱਲੀ ਖੁਦ ਵੱਡੇ ਪੱਧਰ ’ਤੇ ਪ੍ਰਦੂਸ਼ਣ ਦਾ ਸਾਹਮਣਾ ਕਰ ਰਹੀ ਹੈ। ਉੱਥੇ ਮਨੁੱਖੀ ਪ੍ਰਦੂਸ਼ਣ, ਸਿਆਸੀ ਪ੍ਰਦੂਸ਼ਣ ਅਤੇ ਹੋਰ ਕਈ ਤਰ੍ਹਾਂ ਦੇ ਪ੍ਰਦੂਸ਼ਣ ਮੌਜੂਦ ਹਨ। ਸਿਰਫ਼ ਪੰਜਾਬ ਨੂੰ ਨਿਸ਼ਾਨਾ ਬਣਾਉਣਾ ਅਤੇ ਸਾਰੀ ਗਲਤ ਚੀਜ਼ਾਂ ਲਈ ਇਸ ਨੂੰ ਜ਼ਿੰਮੇਵਾਰ ਠਹਿਰਾਉਣਾ ਬਿਲਕੁਲ ਵੀ ਸਹੀ ਨਹੀਂ ਹੈ।

ਸੰਘਣੀ ਧੁੰਦ ਕਾਰਨ ਸੱਤ ਵਾਹਨ ਆਪਸ ’ਚ ਟਕਰਾਏ; ਇਕ ਹਲਾਕ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜਲੰਧਰ-ਮੋਗਾ ਕੌਮੀ ਮਾਰਗ ’ਤੇ ਸ਼ਾਹਕੋਟ ਨੇੜੇ ਅੱਜ ਸਵੇਰੇ ਸੰਘਣੀ ਧੁੰਦ ਕਾਰਨ ਵਾਪਰੇ ਸੜਕ ਹਾਦਸੇ ਵਿੱਚ ਇਕ ਵਿਅਕਤੀ ਦੀ ਮੌਤ ਹੋ ਗਈ, ਜਦਕਿ ਕਰੀਬ 10 ਹੋਰ ਜ਼ਖ਼ਮੀ ਹੋ ਗਏ। ਹਾਦਸੇ ਦੌਰਾਨ ਅੱਧੀ ਦਰਜਨ ਤੋਂ ਵੱਧ ਵਾਹਨ ਇਕ-ਦੂਜੇ ਨਾਲ ਟਕਰਾ ਗਏ। ਮ੍ਰਿਤਕ ਦੀ ਪਛਾਣ ਡੱਬਵਾਲੀ ਵਾਸੀ ਪ੍ਰਗਟ ਸਿੰਘ ਵਜੋਂ ਹੋਈ ਹੈ।

ਜਾਣਕਾਰੀ ਅਨੁਸਾਰ ਸਵੇਰੇ ਮੋਗਾ ਤੋਂ ਜਲੰਧਰ ਵੱਲ ਜਾ ਰਿਹਾ ਇਕ ਟਿੱਪਰ ਸ਼ਾਹਕੋਟ ਦੇ ਪਹਿਲੇ ਫਲਾਈਓਵਰ ਤੋਂ ਉਤਰਦਿਆਂ ਕਿਸੇ ਵੱਡੇ ਵਾਹਨ ਨਾਲ ਟਕਰਾ ਗਿਆ ਅਤੇ ਸੜਕ ਵਿਚਕਾਰ ਖੜ੍ਹਾ ਹੋ ਗਿਆ। ਇਸੇ ਦੌਰਾਨ ਇਕ ਕਾਰ ਧੁੰਦ ਕਾਰਨ ਟਿੱਪਰ ਦੇ ਪਿਛਲੇ ਹਿੱਸੇ ਨਾਲ ਜਾ ਟਕਰਾਈ। ਇਸ ਕਾਰ ਨੂੰ ਪ੍ਰਗਟ ਸਿੰਘ ਚਲਾ ਰਿਹਾ ਸੀ। ਇਸ ਕਾਰ ਵਿੱਚ ਚਾਰ ਜਣੇ ਹੋਰ ਵੀ ਸਵਾਰ ਸਨ। ਇਹ ਸਾਰੇ ਮੁਲਾਜ਼ਮ ਦੱਸੇ ਜਾਂਦੇ ਹਨ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਚਾਲਕ ਅੰਦਰ ਫਸ ਗਿਆ। ਉਸ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਸਵਾਰ ਗੰਭੀਰ ਜ਼ਖ਼ਮੀ ਹੋ ਗਏ।

ਕਾਰ ਵੀ ਟਿੱਪਰ ਨਾਲ ਟਕਰਾਈ

ਇਸੇ ਦੌਰਾਨ ਇਕ ਹੋਰ ਆਲਟੋ ਕਾਰ ਵੀ ਟਿੱਪਰ ਨਾਲ ਟਕਰਾ ਗਈ। ਇਸ ਹਾਦਸੇ ਵਿੱਚ ਪਰਿਵਾਰ ਦੇ ਸਾਰੇ ਪੰਜ ਮੈਂਬਰ ਜ਼ਖ਼ਮੀ ਹੋ ਗਏ। ਇਕ ਹੋਰ ਆਲਟੋ ਕਾਰ ਵੀ ਹਾਦਸਾਗ੍ਰਸਤ ਵਾਹਨਾਂ ਨਾਲ ਟਕਰਾ ਕੇ ਪਲਟ ਗਈ। ਇਸ ਵਿਚ ਸਵਾਰ ਦੋ ਜਣੇ ਜ਼ਖ਼ਮੀ ਹੋ ਗਏ। ਇਸ ਤੋਂ ਇਲਾਵਾ ਹੋਰ ਵਾਹਨ ਵੀ ਨੁਕਸਾਨੇ ਗਏ।

ਸੂਚਨਾ ਮਿਲਣ ’ਤੇ 108 ਐਂਬੂਲੈਂਸ ਦੇ ਚਾਲਕ ਨੇ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਸ਼ਾਹਕੋਟ ਪਹੁੰਚਾਇਆ। ਹਸਪਤਾਲ ਦੇ ਮੁਲਾਜ਼ਮਾਂ ਨੇ ਮੁੱਢਲੀ ਸਹਾਇਤਾ ਦਿੱਤੀ। ਗੰਭੀਰ ਜ਼ਖ਼ਮੀਆਂ ਵਿੱਚੋਂ ਕੁਝ ਨੂੰ ਹੋਰ ਹਸਪਤਾਲਾਂ ਵਿੱਚ ਰੈਫਰ ਕਰ ਦਿੱਤਾ ਗਿਆ।

ਮੌਕੇ ’ਤੇ ਪੁੱਜੀ ਪੁਲੀਸ ਅਤੇ ਸੜਕ ਸੁਰੱਖਿਆ ਫੋਰਸ ਨੇ ਕਾਰਵਾਈ ਸ਼ੁਰੂ ਕੀਤੀ। ਮ੍ਰਿਤਕ ਦੀ ਦੇਹ ਪੋਸਟਮਾਰਟਮ ਲਈ ਸਿਵਲ ਹਸਪਤਾਲ ਨਕੋਦਰ ਭੇਜ ਦਿੱਤੀ ਗਈ। ਪੁਲੀਸ ਵੱਲੋਂ ਹਾਦਸੇ ਦੀ ਜਾਂਚ ਕੀਤੀ ਜਾ ਰਹੀ ਹੈ। ਟਿੱਪਰ ਚਾਲਕ ਦੀ ਭਾਲ ਵੀ ਕੀਤੀ ਜਾ ਰਹੀ ਹੈ।

14 ਨਵੰਬਰ ਨੂੰ ਜਲੰਧਰ ਵਿੱਚ ਲੜਕੀਆਂ ਲਈ ਫੌਜੀ ਭਰਤੀ ਰੈਲੀ

ਜਲੰਧਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਲੜਕੀਆਂ ਲਈ ਫੌਜੀ ਭਰਤੀ ਰੈਲੀ 14 ਨਵੰਬਰ, 2026 ਨੂੰ ਸਰਕਾਰੀ ਕਲਾ ਅਤੇ ਖੇਡ ਕਾਲਜ, (Govt Arts and Sports College, Jalandhar)ਜਲੰਧਰ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਦੇਸ਼ ਦੀ ਸੇਵਾ ਕਰਨ ਦੇ ਸੁਪਨੇ ਤੋਂ ਪ੍ਰੇਰਿਤ ਪੰਜਾਬ, ਜੰਮੂ ਅਤੇ ਕਸ਼ਮੀਰ ਅਤੇ ਲੱਦਾਖ ਤੋਂ 300 ਲੜਕੀਆਂ ਇਸ ਭਰਤੀ ਰੈਲੀ ਵਿੱਚ ਹਿੱਸਾ ਲੈ ਰਹੀਆਂ ਹਨ।

ਵਰਦੀ ਪਹਿਨਣ ਦੀ ਯਾਤਰਾ ਹਿੰਮਤ, ਅਨੁਸ਼ਾਸਨ ਅਤੇ ਸਮਰਪਣ ਨਾਲ ਭਰੀ ਹੋਈ ਹੈ।

ਆਪਣਾ ਸਭ ਤੋਂ ਵਧੀਆ ਦਿਓ। ਆਪਣੀ ਛਾਪ ਛੱਡੋ। ਮਾਣ ਨਾਲ ਦੇਸ਼ ਦੀ ਸੇਵਾ ਕਰੋ।

‘ਆਪ’ ਆਗੂ ਵੱਲੋਂ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ

ਅੰਮ੍ਰਿਤਸਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਅੰਮ੍ਰਿਤਸਰ ਦੇ ਅਟਾਰੀ ਹਲਕੇ ਅਧੀਨ ਆਉਂਦੇ ਪਿੰਡ ਪੰਡੋਰੀ ਵੜੈਚ ਵਿੱਚ ਅੱਜ ਜ਼ਮੀਨੀ ਵਿਵਾਦ ਕਾਰਨ ਵੱਡੇ ਭਰਾ ਨੇ ਆਪਣੇ ਛੋਟੇ ਭਰਾ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਸਿਮਰਦੀਪ ਸਿੰਘ ਵਜੋਂ ਹੋਈ ਹੈ, ਜਦਕਿ ਇਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਬਲਾਕ ਸਮਿਤੀ ਮੈਂਬਰ ਦਾ ਨਾਮ ਸਾਹਮਣੇ ਆਇਆ ਹੈ। ਉਸ ’ਤੇ ਆਪਣੇ ਛੋਟੇ ਭਰਾ ਦਾ ਕਤਲ ਕਰਨ ਦਾ ਦੋਸ਼ ਹੈ ਪਰ ਪੁਲੀਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਮਗਰੋਂ ‘ਆਪ’ ਆਗੂ ਫਰਾਰ ਹੋ ਗਿਆ।

ਜਾਣਕਾਰੀ ਅਨੁਸਾਰ ਦੋਵਾਂ ਭਰਾਵਾਂ ਵਿਚਕਾਰ ਪਰਿਵਾਰਕ ਜ਼ਮੀਨ ਦੀ ਵੰਡ ਨੂੰ ਲੈ ਕੇ ਲੰਮੇ ਸਮੇਂ ਤੋਂ ਵਿਵਾਦ ਚੱਲ ਰਿਹਾ ਸੀ। ਅੱਜ ਸਵੇਰੇ ਕਰੀਬ 11.30 ਵਜੇ ਇਸੇ ਮਾਮਲੇ ਨੂੰ ਲੈ ਕੇ ਦੋਵਾਂ ਵਿਚਕਾਰ ਤਕਰਾਰ ਹੋ ਗਈ। ਇਸ ਦੌਰਾਨ ਆਪ ਆਗੂ ਨੇ ਆਪਣੇ ਛੋਟੇ ਭਰਾ ’ਤੇ ਗੋਲੀਆਂ ਚਲਾ ਦਿੱਤੀਆਂ। ਦੋ ਗੋਲੀਆਂ ਵਿੱਚੋਂ ਇਕ ਸਿਮਰਦੀਪ ਦੇ ਸਿਰ ਵਿੱਚ ਅਤੇ ਦੂਜੀ ਛਾਤੀ ਦੇ ਸੱਜੇ ਪਾਸੇ ਲੱਗੀ। ਗੰਭੀਰ ਜ਼ਖ਼ਮੀ ਹੋਣ ਕਾਰਨ ਉਸ ਨੇ ਮੌਕੇ ’ਤੇ ਹੀ ਦਮ ਤੋੜ ਦਿੱਤਾ। ਉਸ ਨੂੰ ਹਸਪਤਾਲ ਲਿਜਾਣ ਦਾ ਮੌਕਾ ਵੀ ਨਹੀਂ ਮਿਲ ਸਕਿਆ।

ਘਟਨਾ ਦੀ ਸੂਚਨਾ ਮਿਲਣ ਮਗਰੋਂ ਪੁਲੀਸ ਅਧਿਕਾਰੀ ਮੌਕੇ ’ਤੇ ਪੁੱਜੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲੀਸ ਅਨੁਸਾਰ ਦੋਵਾਂ ਭਰਾਵਾਂ ਵਿਚਕਾਰ ਜ਼ਮੀਨ ਦੀ ਵੰਡ ਨੂੰ ਲੈ ਕੇ ਵਿਵਾਦ ਚਲ ਰਿਹਾ ਸੀ। ਉਨ੍ਹਾਂ ਇਹ ਵੀ ਦੱਸਿਆ ਕਿ ਪਰਿਵਾਰ ਵਿੱਚ ਨਸ਼ੇ ਦੇ ਸੇਵਨ ਅਤੇ ਨਸ਼ਾ ਵੇਚਣ ਨੂੰ ਲੈ ਕੇ ਵੀ ਤਣਾਅ ਹੋਣ ਦੀ ਗੱਲ ਸਾਹਮਣੇ ਆਈ ਹੈ। ਪੁਲੀਸ ਇਨ੍ਹਾਂ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ।

ਘਟਨਾ ਵਾਲੀ ਥਾਂ ’ਤੇ ਫੋਰੈਂਸਿਕ ਟੀਮ ਨੂੰ ਬੁਲਾ ਕੇ ਵਿਗਿਆਨਕ ਸਬੂਤ ਇਕੱਠੇ ਕੀਤੇ ਗਏ ਹਨ। ਪੁਲੀਸ ਵੱਲੋਂ ਪਰਿਵਾਰ ਦੇ ਹੋਰਨਾਂ ਮੈਂਬਰਾਂ ਦੇ ਬਿਆਨ ਵੀ ਦਰਜ ਕੀਤੇ ਜਾ ਰਹੇ ਹਨ। ਮ੍ਰਿਤਕ ਦੀ ਦੇਹ ਪੋਸਟਮਾਰਟਮ ਲਈ ਹਸਪਤਾਲ ਭੇਜ ਦਿੱਤੀ ਗਈ ਹੈ।

ਡੀਐੱਸਪੀ ਨੇ ਦੱਸਿਆ ਕਿ ਮੁਲਜ਼ਮ ਵਾਰਦਾਤ ਮਗਰੋਂ ਫਰਾਰ ਹੈ ਅਤੇ ਉਸ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਥਾਵਾਂ ’ਤੇ ਛਾਪੇ ਮਾਰੇ ਜਾ ਰਹੇ ਹਨ। ਜਾਂਚ ਦੇ ਆਧਾਰ ’ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਅਮਰੀਕਾ ਦੀ ਅਦਾਲਤ ਵੱਲੋਂ ਅਜੀਤ ਡੋਵਾਲ ਤੇ ਸਾਮੰਤ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ

ਨਵੀਂ ਦਿੱਲੀ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਅਮਰੀਕੀ ਅਦਾਲਤ ਨੇ ਖਾਲਿਸਤਾਨ ਪੱਖੀ ਗੁਰਪਤਵੰਤ ਸਿੰਘ ਪੰਨੂ ਵੱਲੋਂ ਦਾਇਰ ਸਿਵਲ ਕੇਸ ਦੇ ਮਾਮਲੇ ਵਿੱਚ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਖੋਜ ਤੇ ਵਿਸ਼ਲੇਸ਼ਣ ਵਿੰਗ (ਰਾਅ) ਦੇ ਸਾਬਕਾ ਮੁਖੀ ਸਾਮੰਤ ਗੋਇਲ ਨੂੰ ਸੰਮਨ ਭੇਜਣ ਦੀ ਮਨਜ਼ੂਰੀ ਦੇ ਦਿੱਤੀ ਹੈ। ਅਦਾਲਤ ਨੇ ਇਨ੍ਹਾਂ ਭਾਰਤੀ ਅਧਿਕਾਰੀਆਂ ਨੂੰ ਦਿੱਲੀ ਵਿੱਚ ਨਿਆਂਇਕ ਚੈਨਲਾਂ ਰਾਹੀਂ ਸੰਮਨ ਭੇਜਣ ਦੀ ਇਜਾਜ਼ਤ ਦਿੱਤੀ ਹੈ।

ਇਸ ਤੋਂ ਪਹਿਲਾਂ ਅਮਰੀਕੀ ਵਿਦੇਸ਼ ਵਿਭਾਗ ਨੇ ਕੂਟਨੀਤਕ ਰਸਤੇ ਰਾਹੀਂ ਭਾਰਤ ਸਰਕਾਰ ਨੂੰ ਪੰਨੂ ਦੇ ਸਿਵਲ ਮੁਕੱਦਮੇ ਦੇ ਦਸਤਾਵੇਜ਼ ਰਸਮੀ ਤੌਰ ’ਤੇ ਸੌਂਪ ਦਿੱਤੇ ਸਨ।

ਇਹ ਕਾਰਵਾਈ ਅਮਰੀਕੀ ਅਦਾਲਤ ਵੱਲੋਂ ਸੰਮਨ ਭੇਜਣ ਦੇ ਹੁਕਮਾਂ ਤੋਂ ਬਾਅਦ ਕੀਤੀ ਗਈ। ਹਾਲਾਂਕਿ ਅਮਰੀਕੀ ਵਿਦੇਸ਼ ਵਿਭਾਗ ਨੇ ਇਸ ਮੁਕੱਦਮੇ ਬਾਰੇ ਕੋਈ ਪੱਖ ਨਹੀਂ ਲਿਆ ਅਤੇ ਸਿਰਫ਼ ਇਹ ਕਿਹਾ ਕਿ ਉਸ ਨੇ ਕਾਨੂੰਨ ਅਨੁਸਾਰ ਲੋੜੀਂਦੀ ਕਾਰਵਾਈ ਮੁਕੰਮਲ ਕਰ ਦਿੱਤੀ ਹੈ।

ਵਾਸ਼ਿੰਗਟਨ ਸਥਿਤ ਭਾਰਤੀ ਦੂਤਾਵਾਸ ਨੂੰ ਸੌਂਪੇ ਦਸਤਾਵੇਜ਼

ਅਮਰੀਕੀ ਵਿਦੇਸ਼ ਵਿਭਾਗ ਦੇ ਕਾਨੂੰਨੀ ਸਲਾਹਕਾਰ ਦਫ਼ਤਰ ਨੇ ਨਿਊਯਾਰਕ ਦੀ ਦੱਖਣੀ ਜ਼ਿਲ੍ਹਾ ਅਦਾਲਤ ਨੂੰ ਦਿੱਤੀ ਜਾਣਕਾਰੀ ਵਿੱਚ ਕਿਹਾ ਕਿ ਮੁਕੱਦਮੇ ਦੇ ਦਸਤਾਵੇਜ਼ ਵਾਸ਼ਿੰਗਟਨ ਡੀ ਸੀ ਸਥਿਤ ਭਾਰਤੀ ਦੂਤਾਵਾਸ ਨੂੰ ਵਿਦੇਸ਼ ਵਿਭਾਗ ਦੇ ਕੂਟਨੀਤਕ ਨੋਟ ਰਾਹੀਂ ਸੌਂਪੇ ਗਏ ਹਨ। ਸਲਾਹਕਾਰ ਮੁਤਾਬਕ ਇਸ ਨੋਟ ’ਤੇ 30 ਸਤੰਬਰ, 2020 ਦੀ ਤਰੀਕ ਦਰਜ ਸੀ ਅਤੇ ਇਹ 9 ਅਕਤੂਬਰ 2026 ਨੂੰ ਭਾਰਤੀ ਦੂਤਾਵਾਸ ਨੂੰ ਸੌਂਪਿਆ ਗਿਆ।

ਪੰਨੂ ਨੇ ਆਪਣੇ ਮੁਕੱਦਮੇ ਵਿੱਚ ਗੰਭੀਰ ਮਾਨਸਿਕ ਪੀੜਾ ਪਹੁੰਚਾਉਣ ਦੇ ਬਦਲੇ ਵਿੱਤੀ ਮੁਆਵਜ਼ੇ ਦੀ ਮੰਗ ਕੀਤੀ ਹੈ। ਉਸ ਨੇ ਦੋਸ਼ ਲਾਇਆ ਹੈ ਕਿ ਰਾਅ ਦੇ ਸੀਨੀਅਰ ਅਧਿਕਾਰੀ ਵਿਕਰਮ ਯਾਦਵ ਨੇ ਨਿਖਿਲ ਗੁਪਤਾ ਨੂੰ ਸਿੱਖਸ ਫਾਰ ਜਸਟਿਸ (ਐੱਸਐੱਫਜੇ) ਦੇ ਜਨਰਲ ਕੌਂਸਲ ਦੀ ਹੱਤਿਆ ਕਰਵਾਉਣ ਲਈ ਕਿਰਾਏ ਦੇ ਕਾਤਲਾਂ ਦਾ ਪ੍ਰਬੰਧ ਕਰਨ ਵਾਸਤੇ ਭਰਤੀ ਕੀਤਾ ਸੀ।

ਭਾਰਤੀ ਸੁਰੱਖਿਆ ਅਧਿਕਾਰੀਆਂ ਦੀ ਸ਼ਮੂਲੀਅਤ ਦੇ ਲਾਏ ਦੋਸ਼

ਪੰਨੂ ਨੇ ਦਾਅਵਾ ਕੀਤਾ ਹੈ ਕਿ ਕਥਿਤ ਹੱਤਿਆ ਦੀ ਸਾਜ਼ਿਸ਼ ਨੂੰ ਭਾਰਤ ਦੇ ਉੱਚ ਸੁਰੱਖਿਆ ਅਧਿਕਾਰੀਆਂ ਦੀ ਮਨਜ਼ੂਰੀ ਹਾਸਲ ਸੀ। ਉਸ ਮੁਤਾਬਕ ਇਹ ਸਾਜ਼ਿਸ਼ ਇਸ ਕਰਕੇ ਨਾਕਾਮ ਹੋਈ ਕਿਉਂਕਿ ਕਤਲ ਲਈ ਸੰਪਰਕ ਕੀਤੇ ਗਏ ਵਿਅਕਤੀ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀ ਏਜੰਸੀ ਦੇ ਗੁਪਤ ਏਜੰਟ ਸਨ।

ਭਾਰਤ ਨੇ ਪੰਨੂ ਨੂੰ ਅਤਿਵਾਦੀ ਅਤੇ ਉਸ ਦੀ ਜਥੇਬੰਦੀ ਸਿੱਖਸ ਫਾਰ ਜਸਟਿਸ ਨੂੰ ਗੈਰਕਾਨੂੰਨੀ ਸੰਗਠਨ ਐਲਾਨਿਆ ਹੋਇਆ ਹੈ। ਪੰਨੂ ਕੈਨੇਡਾ ਵਿੱਚ ਭਾਰਤੀ ਡਿਪਲੋਮੈਟਾਂ ਨੂੰ ਨੁਕਸਾਨ ਪਹੁੰਚਾਉਣ ਦੀਆਂ ਅਪੀਲਾਂ ਕਰਨ ਤੋਂ ਇਲਾਵਾ ਭਾਰਤ ’ਤੇ ਹਮਲਿਆਂ ਦੀਆਂ ਕਈ ਧਮਕੀਆਂ ਵੀ ਦੇ ਚੁੱਕਾ ਹੈ। ਉਹ ਖਾਲਿਸਤਾਨ ਦੀ ਮੰਗ ਦਾ ਖੁੱਲ੍ਹ ਕੇ ਸਮਰਥਨ ਕਰਦਾ ਹੈ।

ਭਾਰਤ ਸਰਕਾਰ ਨੇ ਇਸ ਮਾਮਲੇ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਬਣਾਈ ਸੀ। ਕਮੇਟੀ ਨੇ ਆਪਣੀ ਜਾਂਚ ਵਿੱਚ ਕਿਸੇ ਵੀ ਉੱਚ ਅਧਿਕਾਰੀ ਦੀ ਸੰਸਥਾਗਤ ਪੱਧਰ ’ਤੇ ਸ਼ਮੂਲੀਅਤ ਹੋਣ ਦੇ ਦੋਸ਼ਾਂ ਨੂੰ ਸਹੀ ਨਹੀਂ ਪਾਇਆ ਅਤੇ ਅਧਿਕਾਰੀਆਂ ਨੂੰ ਇਸ ਮਾਮਲੇ ਵਿੱਚ ਸੰਸਥਾਗਤ ਸ਼ਮੂਲੀਅਤ ਤੋਂ ਮੁਕਤ ਕਰ ਦਿੱਤਾ ਸੀ।

ਵਿਧਾਨ ਸਭਾ ਚੋਣਾਂ-2027: ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ 12 ਨਵੰਬਰ ਤੋਂ ਈਵੀਐਮਜ਼ ਅਤੇ ਵੀਵੀਪੀਏਟੀ ਮਸ਼ੀਨਾਂ ਦੀ ਕੀਤੀ ਜਾਵੇਗੀ ਫਸਟ ਲੈਵਲ ਚੈਕਿੰਗ

ਸੰਗਰੂਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫਐਲਸੀ) 12 ਨਵੰਬਰ, 2026 ਤੋਂ ਸ਼ੁਰੂ ਹੋਵੇਗੀ।

ਪੰਜਾਬ ਦੇ ਮੁੱਖ ਚੋਣ ਅਫ਼ਸਰ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਦੱਸਿਆਈ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ। ਸੀਈਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿੱਚ ਦਰੁਸਤ ਪਾਈਆਂ ਜਾਣ ਵਾਲੀਆਂ ਈਵੀਐਮ ਅਤੇ ਵੀਵੀਪੀਏਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵਰਤਿਆ ਜਾਵੇਗਾ। ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ।

ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐਫਐਲਸੀ ਪ੍ਰਕਿਰਿਆ ਸੰਬੰਧਿਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ ’ਤੇ ਕੀਤੀ ਜਾਵੇਗੀ। ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ ’ਤੇ ਪੂਰੀ ਐਫਐਲਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ ’ਤੇ ਦੋ ਡਿਸਪਲੇਅ ਸਕ੍ਰੀਨਾਂ (ਇੱਕ ਐਫਐਲਸੀ ਸਾਈਟ ’ਤੇ ਅਤੇ ਦੂਜੀ ਸਬੰਧਿਤ ਡੀ.ਸੀ. ਦਫ਼ਤਰਾਂ ’ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ। ਮੁੱਖ ਚੋਣ ਅਫ਼ਸਰ (ਸੀਈਓ) ਹੈੱਡਕੁਆਰਟਰ ’ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਨੇ ਇਹਨਾਂ ਕਾਰਜਾਂ ਦੀ ਦੇਖ-ਰੇਖ ਲਈ ਓਬਜ਼ਰਵਰ ਲਗਾਏ ਗਏ ਹਨ।

ਪੀਪੀਐਸਸੀ ਨੇ ਪੀਸੀਐਸ (ਮੇਨਜ਼) 2025 ਦੇ ਨਤੀਜਿਆਂ ਬਾਰੇ ਲਗਾਏ ਗਏ ਦੋਸ਼ਾਂ ਦਾ ਖੰਡਨ ਕੀਤਾ

ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਲੋਕ ਸੇਵਾ ਕਮਿਸ਼ਨ ਨੇ ਪੀਸੀਐਸ (ਮੇਨਜ਼) 2025 ਦੇ ਨਤੀਜਿਆਂ ਬਾਰੇ ਲਗਾਏ ਗਏ ਦੋਸ਼ਾਂ ਦਾ ਖੰਡਨ ਕੀਤਾ ਹੈ। ਪੀਪੀਐਸਸੀ ਦੇ ਚੇਅਰਮੈਨ ਮੇਜਰ ਜਨਰਲ (ਰਿਟਾਇਰਡ) ਵਿਨਾਇਕ ਸੈਣੀ ਨੇ ਦੱਸਿਆ ਕਿ ਪੀਪੀਐਸਸੀ ਵੱਲੋਂ ਮੇਨਜ਼ ਪ੍ਰੀਖਿਆ ਦੇ ਨਤੀਜਿਆਂ ਬਾਰੇ ਹਾਲ ਹੀ ਵਿੱਚ ਲਗਾਏ ਗਏ ਦੋਸ਼, ਅੰਕੜਿਆਂ ਦੇ ਪੈਟਰਨਾਂ ਨੂੰ ਗਲਤ ਢੰਗ ਨਾਲ ਸਮਝਣ ਕਾਰਨ ਪੈਦਾ ਹੋਏ ਜਾਪਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰ-ਵਾਰ ਅੰਕੜਿਆਂ ਦੇ ਵਿਸਤ੍ਰਿਤ ਵਿਸ਼ਲੇਸ਼ਣ ਤੋਂ ਉਠਾਏ ਗਏ ਖਦਸ਼ਿਆਂ ਦਾ ਜਵਾਬ ਮਿਲ ਜਾਂਦਾ ਹੈ।

ਉਨ੍ਹਾਂ ਅੱਜ ਸ਼ਾਮ ਇੱਥੇ ਦੱਸਿਆ ਕਿ ਅੰਕੜਿਆਂ ਦੀ ਗਲਤ ਵਿਆਖਿਆ ਕੀਤੀ ਗਈ ਹੈ ਕਿਉਂਕਿ ਹਵਾਲੇ ਵਜੋਂ ਦਿੱਤੇ ਗਏ ਅੰਕੜੇ ਸ਼ਾਇਦ ਗਿਣਤੀ ਦੇ ਲਿਹਾਜ਼ ਨਾਲ ਸਹੀ ਹੋਣ, ਪਰ ਇਨ੍ਹਾਂ ਨੂੰ ਬੇਨਿਯਮੀ ਦੇ ਸਬੂਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ, ਜਦਕਿ ਅਸਲ ਵਿੱਚ ਇਹ ਆਮ ਅੰਕੜਾ-ਵਿਗਿਆਨਕ ਨਤੀਜੇ ਹਨ।

ਵੰਡ ਅਤੇ ਦਾਇਰਾ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪ੍ਰੀਖਿਆ ਪਟਿਆਲਾ ਦੇ 12 ਕੇਂਦਰਾਂ ਵਿੱਚ ਕਰਵਾਈ ਗਈ ਸੀ। ਵੱਖ-ਵੱਖ ਕੇਂਦਰਾਂ ਵਿੱਚ ਉਮੀਦਵਾਰਾਂ ਦੀ ਗਿਣਤੀ 118 ਤੋਂ 553 ਦੇ ਵਿਚਕਾਰ ਸੀ, ਅਤੇ ਕੁੱਲ 3959 ਉਮੀਦਵਾਰ ਪ੍ਰੀਖਿਆ ਵਿੱਚ ਸ਼ਾਮਲ ਹੋਏ। ਇੰਟਰਵਿਊ ਲਈ 751 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ, ਜੋ ਕਿ ਲਗਭਗ 19% ਦੀ ਕੁੱਲ ਸਫਲਤਾ ਦਰ ਬਣਦੀ ਹੈ (ਗੈਰ-ਹਾਜ਼ਰ ਉਮੀਦਵਾਰਾਂ ਨੂੰ ਛੱਡ ਕੇ)।

ਸਫਲਤਾ ਦਰ ਦਾ ਸੰਦਰਭ ਦੇ ਅਨੁਸਾਰ ਚੇਅਰਮੈਨ ਨੇ ਕਿਹਾ ਕਿ ਇਹ ਦਾਅਵਾ ਗਲਤ ਹੈ ਕਿ ਸਫਲ ਉਮੀਦਵਾਰਾਂ ਵਿੱਚੋਂ 24 ਫੀਸਦੀ ਇੱਕ ਹੀ ਕੇਂਦਰ ਤੋਂ ਸਨ। ਕਿਸੇ ਇੱਕ ਕੇਂਦਰ ਤੋਂ ਸ਼ਾਰਟਲਿਸਟ ਕੀਤੇ ਗਏ ਉਮੀਦਵਾਰਾਂ ਦੀ ਵੱਧ ਤੋਂ ਵੱਧ ਗਿਣਤੀ 751 ਵਿੱਚੋਂ 106 ਹੈ, ਜੋ ਕਿ ਕੁੱਲ ਗਿਣਤੀ ਦਾ 14.1 ਪ੍ਰਤੀਸ਼ਤ ਬਣਦੀ ਹੈ। ਉਸ ਕੇਂਦਰ ਵਿੱਚ ਉਮੀਦਵਾਰਾਂ ਦੀ ਗਿਣਤੀ ਵੀ ਸਭ ਤੋਂ ਵੱਧ ਸੀ (496 ਉਮੀਦਵਾਰ, ਜੋ ਕਿ 12 ਕੇਂਦਰਾਂ ਵਿੱਚੋਂ ਦੂਜੇ ਨੰਬਰ 'ਤੇ ਸਭ ਤੋਂ ਵੱਧ ਸੀ), ਇਸ ਲਈ ਉੱਥੋਂ ਸਫਲ ਹੋਣ ਵਾਲੇ ਉਮੀਦਵਾਰਾਂ



ਦੀ ਗਿਣਤੀ ਜ਼ਿਆਦਾ ਹੋਣੀ ਸੁਭਾਵਿਕ ਹੈ। ਕਲਾਸਰੂਮਾਂ ਵਿੱਚ ਭਿੰਨਤਾਵਾਂ ਬਾਰੇ ਜਾਣਕਾਰੀ ਦਿੰਦਿਆਂ ਚੇਅਰਮੈਨ ਸੈਣੀ ਨੇ ਕਿਹਾ ਕਿ ਕੁੱਲ 179 ਕਲਾਸਰੂਮਾਂ ਵਿੱਚੋਂ 751 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਹੈ। ਔਸਤਨ, ਪ੍ਰਤੀ ਕਲਾਸ 4.2 ਉਮੀਦਵਾਰਾਂ ਦੇ ਸਫਲ ਹੋਣ ਦੀ ਉਮੀਦ ਕੀਤੀ ਜਾ ਸਕਦੀ ਹੈ। ਕੁਝ ਰਿਪੋਰਟਾਂ ਅਨੁਸਾਰ, ਤਿੰਨ ਵੱਖ-ਵੱਖ ਕੇਂਦਰਾਂ ਵਿੱਚ ਇੱਕੋ ਕਲਾਸਰੂਮ ਤੋਂ 10 ਉਮੀਦਵਾਰਾਂ (ਕ੍ਰਮਵਾਰ 11, 10 ਅਤੇ 10 ਉਮੀਦਵਾਰ) ਨੇ ਪ੍ਰੀਖਿਆ ਪਾਸ ਕੀਤੀ ਹੈ; ਲਗਭਗ 19 ਫੀਸਦੀ ਦੀ ਸਮੁੱਚੀ ਸਫਲਤਾ ਦਰ ਨੂੰ ਦੇਖਦੇ ਹੋਏ, ਇਹ ਅੰਕੜੇ ਸੁਭਾਵਿਕ ਭਿੰਨਤਾ ਦੇ ਦਾਇਰੇ ਵਿੱਚ ਹੀ ਆਉਂਦੇ ਹਨ। 2020 ਦੀ ਮੇਨਜ਼ ਪ੍ਰੀਖਿਆ ਵਿੱਚ ਵੀ ਅਜਿਹੀ ਹੀ ਭਿੰਨਤਾ ਦੇਖੀ ਗਈ ਸੀ। ਹਾਲਾਂਕਿ ਉਦੋਂ ਦੋ ਕੇਂਦਰਾਂ ਵਿੱਚ ਸਿਰਫ਼ 960 ਉਮੀਦਵਾਰ ਹੀ ਨਿਰਧਾਰਤ ਕੀਤੇ ਗਏ ਸਨ, ਫਿਰ ਵੀ ਕੁਝ ਕਲਾਸਰੂਮਾਂ ਵਿੱਚੋਂ 9 ਉਮੀਦਵਾਰ ਸਫਲ ਹੋਏ ਸਨ।

ਲਗਾਤਾਰ ਰੋਲ ਨੰਬਰਾਂ ਵਾਲੇ ਉਮੀਦਵਾਰਾਂ ਦਾ ਸਫਲ ਹੋਣ ਦੇ ਮੁੱਦੇ 'ਤੇ ਚੇਅਰਮੈਨ ਨੇ ਅੱਗੇ ਕਿਹਾ ਕਿ 2018, 2020 ਅਤੇ 2025 ਦੀਆਂ ਪੰਜਾਬ PCS ਮੇਨਜ਼ ਸ਼ਾਰ 19 ਫੀਸਦੀ, ਇਸ ਲਈ ਇਸ ਗੱਲ ਦੀ ਕਾਫ਼ੀ ਸੰਭਾਵਨਾ ਹੈ ਕਿ ਲਗਾਤਾਰ ਰੋਲ ਨੰਬਰ ਇਕੱਠੇ ਆ ਸਕਦੇ ਹਨ। 2018 ਦੀ ਸੂਚੀ ਵਿੱਚ, ਸ਼ਾਰਟਲਿਸਟ ਕੀਤੇ ਗਏ 153 ਉਮੀਦਵਾਰਾਂ ਵਿੱਚ ਲਗਾਤਾਰ ਰੋਲ ਨੰਬਰਾਂ ਦੇ 26 ਸਮੂਹ (ਗਰੁੱਪ) ਸਾਹਮਣੇ ਆਏ ਸਨ। 2020 ਵਿੱਚ, 177 ਉਮੀਦਵਾਰਾਂ ਵਿੱਚ ਅਜਿਹੇ 28 ਸਮੂਹ ਸਨ। 2025 ਵਿੱਚ, 751 ਉਮੀਦਵਾਰਾਂ ਵਿੱਚ ਅਜਿਹੇ 118 ਸਮੂਹ ਹਨ।

ਚੇਅਰਮੈਨ ਨੇ ਕਿਹਾ ਕਿ ਕਿਸੇ ਵੀ ਗੈਰ-ਹਾਜ਼ਰ ਉਮੀਦਵਾਰ ਨੂੰ ਯੋਗ (ਕੁਆਲੀਫਾਈ) ਨਹੀਂ ਐਲਾਨਿਆ ਗਿਆ ਹੈ। ਇਸ ਤੋਂ ਇਲਾਵਾ, ਸਾਰੇ ਪ੍ਰੀਖਿਆ ਕੇਂਦਰਾਂ 'ਤੇ ਬਾਇਓਮੈਟ੍ਰਿਕ ਦੇ ਨਾਲ-ਨਾਲ ਦਸਤੀ (ਮੈਨੁਅਲ) ਹਾਜ਼ਰੀ ਵੀ ਲਈ ਗਈ ਸੀ। ਉਨ੍ਹਾਂ ਨੇ ਪ੍ਰੀਖਿਆ ਕੇਂਦਰਾਂ ਦੀ ਚੋਣ ਬਾਬਤ ਸਪੱਸ਼ਟ ਕੀਤਾ ਕਿ ਪ੍ਰਸ਼ਾਸਕੀ, ਪ੍ਰਬੰਧਕੀ ਅਤੇ ਸੁਰੱਖਿਆ ਕਾਰਨਾਂ ਕਰਕੇ ਪ੍ਰੀਖਿਆ ਕੇਂਦਰ ਪਟਿਆਲਾ ਅਤੇ ਇਸਦੇ ਆਸ-ਪਾਸ ਰੱਖੇ ਗਏ ਸਨ, ਤਾਂ ਜੋ ਪ੍ਰੀਖਿਆ ਨੂੰ ਸੁਰੱਖਿਅਤ ਅਤੇ ਇੱਕਸਾਰ ਪ੍ਰਬੰਧਾਂ ਅਧੀਨ ਕਰਵਾਇਆ ਅਤੇ ਨਿਗਰਾਨੀ ਹੇਠ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪੀਪੀਐਸਸੀ ਦੁਆਰਾ ਹੁਣ ਤੱਕ ਕਰਵਾਈਆਂ ਗਈਆਂ ਸਾਰੀਆਂ ਸਿਵਲ ਸੇਵਾਵਾਂ ਦੀਆਂ ਮੇਨ ਪ੍ਰੀਖਿਆਵਾਂ ਲਈ ਇਹ ਇੱਕ ਸਥਾਪਿਤ ਪੈਟਰਨ (ਰੁਝਾਨ) ਰਿਹਾ ਹੈ।

ਉਨ੍ਹਾਂ ਕਿਹਾ ਕਿ ਪ੍ਰੀਖਿਆ ਕੇਂਦਰ ਵਾਲੇ ਹਲਕੇ ਦੀ ਗੱਲ ਕਰੀਏ ਤਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਇਸ ਲਈ ਇਹ ਸੁਭਾਵਿਕ ਹੈ ਕਿ ਕਿਸੇ ਵੀ ਹਲਕੇ ਦਾ ਮੌਜੂਦਾ ਵਿਧਾਇਕ ਜਿਸ ਵਿੱਚ ਪ੍ਰੀਖਿਆ ਕੇਂਦਰ ਸਥਿਤ ਹੋ ਸਕਦਾ ਹੈ - ਸੱਤਾਧਾਰੀ ਪਾਰਟੀ ਨਾਲ ਸਬੰਧਤ ਹੋਵੇ। ਇਸ ਗੱਲ ਦਾ ਪ੍ਰੀਖਿਆ ਕਰਵਾਉਣ ਜਾਂ ਨਤੀਜੇ ਐਲਾਨਣ ਦੀ ਪ੍ਰਕਿਰਿਆ 'ਤੇ ਕੋਈ ਅਸਰ ਨਹੀਂ ਪੈਂਦਾ।

ਇੰਟਰਵਿਊ ਲਈ ਤਿੰਨ ਗੁਣਾ ਉਮੀਦਵਾਰਾਂ ਨੂੰ ਸ਼ਾਰਟਲਿਸਟ ਕਰਨਾ ਦੇ ਨਿਯਮਾਂ ਅਤੇ ਇਸ਼ਤਿਹਾਰ ਦੇ ਅਨੁਸਾਰ ਦੱਸਦਿਆਂ ਚੇਅਰਮੈਨ ਨੇ ਕਿਹਾ ਕਿ ਪੀਪੀਐਸਸੀ ਨੇ ਹਰੇਕ ਵਰਗ ਵਿੱਚ ਉਪਲਬਧ ਯੋਗ ਉਮੀਦਵਾਰਾਂ ਦੀ ਗਿਣਤੀ ਤੋਂ ਤਿੰਨ ਗੁਣਾ ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਹੈ।

ਪੀਪੀਐਸਸੀ ਦੇ ਚੇਅਰਮੈਨ ਮੇਜਰ ਜਨਰਲ (ਰਿਟਾਇਰਡ) ਵਿਨਾਇਕ ਸੈਣੀ ਨੇ ਦੱਸਿਆ ਕਿ ਸਫਲ ਉਮੀਦਵਾਰਾਂ ਦੇ ਇਕੱਠੇ ਹੋਣ ਬਾਰੇ ਜੋ ਦਾਅਵਾ ਕੀਤਾ ਗਿਆ ਹੈ, ਉਹ ਅਨੁਮਾਨਿਤ 'ਰੈਂਡਮ ਵੇਰੀਏਸ਼ਨ' ਜਾਂ ਸੁਭਾਵਿਕ ਉਤਰਾਅ-ਚੜ੍ਹਾਅ ਦੀ ਸੀਮਾ ਦੇ ਅੰਦਰ ਹੀ ਆਉਂਦਾ ਹੈ। ਇਸ ਤੋਂ ਇਲਾਵਾ, ਪੀਪੀਐਸਸੀ ਨੇ ਪੂਰੀ ਪ੍ਰੀਖਿਆ ਦੌਰਾਨ ਸੁਰੱਖਿਆ ਦੇ ਸਖ਼ਤ ਪ੍ਰੋਟੋਕੋਲ ਵੀ ਲਾਗੂ ਰੱਖੇ। ਇਸ ਵਿੱਚ ਕੇਂਦਰ ਦੇ ਪ੍ਰਵੇਸ਼ ਦੁਆਰਾਂ ਅਤੇ ਕੰਟਰੋਲ ਰੂਮਾਂ 'ਤੇ ਸੀਸੀਟੀਵੀ ਕੈਮਰੇ, ਬਾਇਓਮੈਟ੍ਰਿਕ ਹਾਜ਼ਰੀ, ਅਤੇ ਹਰੇਕ ਕਲਾਸਰੂਮ ਵਿੱਚ ਜੈਮਰ ਲਗਾਉਣਾ ਸ਼ਾਮਲ ਸੀ, ਤਾਂ ਜੋ ਪ੍ਰੀਖਿਆ ਦੀ ਪਵਿੱਤਰਤਾ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਇਆ ਜਾ ਸਕੇ।

ਹਰਿਆਣਾ ਵਿੱਚ ਪੰਜ ਐਚਸੀਐਸ ਅਧਿਕਾਰੀਆਂ ਦੇ ਤਬਾਦਲੇ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਨੇ ਤੁਰੰਤ ਪ੍ਰਭਾਵ ਨਾਲ ਪੰਜ ਐਚਸੀਐਸ ਅਧਿਕਾਰੀਆਂ ਦੇ ਤਬਾਦਲੇ ਅਤੇ ਨਿਯੁਕਤੀ ਦੇ ਹੁਕਮ ਜਾਰੀ ਕੀਤੇ ਹਨ।

ਮੌਜੂਦਾ ਸਮੇਂ ਵਿੱਚ ਨਿਯੁਕਤੀ ਦੇ ਹੁਕਮਾਂ ਦੀ ਉਡੀਕ ਕਰ ਰਹੇ ਸ੍ਰੀ ਧੀਰਜ ਚਾਹਲ ਨੂੰ ਹਰਿਆਣਾ ਸਕੂਲ ਸਿੱਖਿਆ ਪ੍ਰੋਜੈਕਟ ਪ੍ਰੀਸ਼ਦ ਦਾ ਸੰਯੁਕਤ ਰਾਜ ਪ੍ਰੋਜੈਕਟ ਡਾਇਰੈਕਟਰ ਨਿਯੁਕਤ ਕੀਤਾ ਗਿਆ ਹੈ।

ਸ੍ਰੀ ਸੰਜੇ ਬਿਸ਼ਨੋਈ, ਜੋ ਜ਼ਿਲ੍ਹਾ ਟਰਾਂਸਪੋਰਟ ਅਧਿਕਾਰੀ-ਕਮ-ਸਕੱਤਰ, ਖੇਤਰੀ ਟਰਾਂਸਪੋਰਟ ਅਥਾਰਟੀ, ਫਤਿਹਾਬਾਦ, ਸਿਰਸਾ ਅਤੇ ਹਿਸਾਰ ਦੇ ਅਹੁਦੇ 'ਤੇ ਕੰਮ ਕਰ ਰਹੇ ਸਨ, ਨੂੰ ਮਾਲ ਅਤੇ ਆਫ਼ਤ ਪ੍ਰਬੰਧਨ ਵਿਭਾਗ ਵਿੱਚ ਉਪ ਸਕੱਤਰ ਨਿਯੁਕਤ ਕੀਤਾ ਗਿਆ ਹੈ।

ਫਤਿਹਾਬਾਦ ਦੇ ਸਿਟੀ ਮੈਜਿਸਟ੍ਰੇਟ ਸ੍ਰੀ ਗੌਰਵ ਗੁਪਤਾ ਨੂੰ ਜ਼ਿਲ੍ਹਾ ਟਰਾਂਸਪੋਰਟ ਅਧਿਕਾਰੀ-ਕਮ-ਸਕੱਤਰ, ਖੇਤਰੀ ਟਰਾਂਸਪੋਰਟ ਅਥਾਰਟੀ, ਫਤਿਹਾਬਾਦ ਦਾ ਵਾਧੂ ਕਾਰਜਭਾਰ ਸੌਂਪਿਆ ਗਿਆ ਹੈ।

ਹਿਸਾਰ ਦੇ ਸਿਟੀ ਮੈਜਿਸਟ੍ਰੇਟ ਸ੍ਰੀ ਰੋਹਿਤ ਕੁਮਾਰ ਨੂੰ ਜ਼ਿਲ੍ਹਾ ਟਰਾਂਸਪੋਰਟ ਅਧਿਕਾਰੀ-ਕਮ-ਸਕੱਤਰ, ਖੇਤਰੀ ਟਰਾਂਸਪੋਰਟ ਅਥਾਰਟੀ, ਹਿਸਾਰ ਦਾ ਵਾਧੂ ਕਾਰਜਭਾਰ ਸੌਂਪਿਆ ਗਿਆ ਹੈ।

ਸਿਰਸਾ ਦੇ ਸਿਟੀ ਮੈਜਿਸਟ੍ਰੇਟ ਸ੍ਰੀ ਅਜੈ ਸਿੰਘ ਨੂੰ ਜ਼ਿਲ੍ਹਾ ਟਰਾਂਸਪੋਰਟ ਅਧਿਕਾਰੀ-ਕਮ-ਸਕੱਤਰ, ਖੇਤਰੀ ਟਰਾਂਸਪੋਰਟ ਅਥਾਰਟੀ, ਸਿਰਸਾ ਦਾ ਵਾਧੂ ਕਾਰਜਭਾਰ ਸੌਂਪਿਆ ਗਿਆ ਹੈ।

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਟੀਚਿੰਗ ਕੇਡਰ ਵਿੱਚ ਐੱਸ.ਸੀ./ਐੱਸ.ਟੀ. ਰਾਖਵਾਂਕਰਨ ਲਾਗੂ ਕਰਵਾਉਣ ਦਾ ਮੁੱਦਾ ਨੈਸ਼ਨਲ ਐੱਸ.ਸੀ. ਕਮਿਸ਼ਨ ਦੇ ਚੇਅਰਮੈਨ ਕੋਲ ਉਠਾਇਆ

ਮੋਰਿੰਡਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨਵੀਂ ਦਿੱਲੀ ਵਿਖੇ ਮਾਣਯੋਗ ਨੈਸ਼ਨਲ ਸ਼ੈਡਿਊਲਡ ਕਾਸਟ ਕਮਿਸ਼ਨ ਦੇ ਚੇਅਰਮੈਨ ਸ੍ਰੀ ਕਿਸ਼ੋਰ ਮਕਵਾਨਾ ਜੀ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਇੱਕ ਬੇਹੱਦ ਗੰਭੀਰ ਅਤੇ ਲੰਮੇ ਸਮੇਂ ਤੋਂ ਲਟਕ ਰਹੇ ਮੁੱਦੇ ਸਬੰਧੀ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ। ਇਸ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਟੀਚਿੰਗ ਕੇਡਰ ਦੀਆਂ ਅਸਾਮੀਆਂ ਵਿੱਚ ਐੱਸ.ਸੀ./ਐੱਸ.ਟੀ. ਵਰਗ ਲਈ ਸੰਵਿਧਾਨਕ ਰਾਖਵਾਂਕਰਨ ਲਾਗੂ ਕਰਨ ਅਤੇ ਉਨ੍ਹਾਂ ਨੂੰ ਬਣਦਾ ਹੱਕ ਦਿਵਾਉਣ ਦਾ ਮਾਮਲਾ ਪ੍ਰਮੁੱਖਤਾ ਨਾਲ ਉਠਾਇਆ ਗਿਆ।

ਇਸ ਸਬੰਧੀ ਮੈਡਮ ਅਮਨਪ੍ਰੀਤ ਕੌਰ ਰਾਏ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੀ ਸਥਾਪਨਾ ਸਾਲ 1962 ਵਿੱਚ ਹੋਈ ਸੀ। ਪਰ ਬੇਹੱਦ ਅਫ਼ਸੋਸ ਦੀ ਗੱਲ ਹੈ ਕਿ ਇੰਨੇ ਲੰਮੇ ਅਰਸੇ ਬੀਤ ਜਾਣ ਦੇ ਬਾਵਜੂਦ ਯੂਨੀਵਰਸਿਟੀ ਦੇ ਅਧਿਆਪਨ ਕੇਡਰ ਦੀਆਂ ਅਸਾਮੀਆਂ ਵਿੱਚ ਐੱਸ.ਸੀ./ਐੱਸ.ਟੀ. ਵਰਗ ਨੂੰ ਉਨ੍ਹਾਂ ਦਾ ਬਣਦਾ ਸੰਵਿਧਾਨਕ ਹੱਕ ਨਹੀਂ ਮਿਲ ਸਕਿਆ। ਇਹ ਸਥਿਤੀ ਨਾ ਸਿਰਫ਼ ਸਮਾਜਿਕ ਨਿਆਂ ਦੇ ਸਿਧਾਂਤਾਂ ਦੇ ਉਲਟ ਹੈ, ਸਗੋਂ ਸੰਵਿਧਾਨ ਵੱਲੋਂ ਦਿੱਤੇ ਗਏ ਬਰਾਬਰੀ ਅਤੇ ਪ੍ਰਤੀਨਿਧਤਾ ਦੇ ਅਧਿਕਾਰਾਂ ਦੀ ਭਾਵਨਾ ਨੂੰ ਵੀ ਠੇਸ ਪਹੁੰਚਾਉਂਦੀ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਵਰਗੇ ਮਹੱਤਵਪੂਰਨ ਖੇਤਰ ਵਿੱਚ ਜੇਕਰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝਾ ਰੱਖਿਆ ਜਾਵੇਗਾ ਤਾਂ ਸਮਾਜਿਕ ਬਰਾਬਰੀ ਅਤੇ ਨਿਆਂ ਦੀ ਗੱਲ ਕਰਨਾ ਅਰਥਹੀਣ ਹੋ ਜਾਂਦਾ ਹੈ। ਰਾਖਵਾਂਕਰਨ ਕਿਸੇ ਵਰਗ ਉੱਤੇ ਕੋਈ ਅਹਿਸਾਨ ਨਹੀਂ, ਬਲਕਿ ਭਾਰਤੀ ਸੰਵਿਧਾਨ ਵੱਲੋਂ ਦਿੱਤਾ



ਗਿਆ ਇੱਕ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰ ਹੈ।

ਇਸ ਲਈ ਲੋੜ ਹੈ ਕਿ ਇਸ ਮਾਮਲੇ ਨੂੰ ਹੋਰ ਲਟਕਾਉਣ ਦੀ ਬਜਾਏ ਗੰਭੀਰਤਾ ਨਾਲ ਵਿਚਾਰ ਕੇ ਯੋਗ ਕਾਰਵਾਈ ਕੀਤੀ ਜਾਵੇ ਅਤੇ ਪ੍ਰਭਾਵਿਤ ਵਰਗਾਂ ਨੂੰ ਉਨ੍ਹਾਂ ਦਾ ਬਣਦਾ ਹੱਕ ਦਿੱਤਾ ਜਾਵੇ।

ਮੁਲਾਕਾਤ ਦੌਰਾਨ ਨੈਸ਼ਨਲ ਸ਼ੈਡਿਊਲਡ ਕਾਸਟ ਕਮਿਸ਼ਨ ਦੇ ਚੇਅਰਮੈਨ ਸ੍ਰੀ ਕਿਸ਼ੋਰ ਮਕਵਾਨਾ ਜੀ ਨੇ ਇਸ ਮਾਮਲੇ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਦਿਆਂ ਭਰੋਸਾ ਦਿਵਾਇਆ ਕਿ ਕਮਿਸ਼ਨ ਵੱਲੋਂ ਇਸ ਮੁੱਦੇ ਦਾ ਗੰਭੀਰਤਾ ਨਾਲ ਨੋਟਿਸ ਲਿਆ ਜਾਵੇਗਾ ਅਤੇ ਐੱਸ.ਸੀ. ਵਰਗ ਦੇ ਬਣਦੇ ਹੱਕਾਂ ਦੀ ਬਹਾਲੀ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ। ਉਨ੍ਹਾਂ ਦੇ ਇਸ ਭਰੋਸੇ ਨਾਲ ਇਸ ਲੰਮੇ ਸਮੇਂ ਤੋਂ ਆਪਣੇ ਹੱਕਾਂ ਦੀ ਉਡੀਕ ਕਰ ਰਹੇ ਵਰਗ ਵਿੱਚ ਇਨਸਾਫ਼ ਦੀ ਇੱਕ ਨਵੀਂ ਉਮੀਦ ਜਾਗੀ ਹੈ।

ਮੈਡਮ ਅਮਨਪ੍ਰੀਤ ਕੌਰ ਰਾਏ ਨੇ ਕਿਹਾ ਕਿ ਇਹ ਲੜਾਈ ਕਿਸੇ ਇੱਕ ਵਿਅਕਤੀ ਜਾਂ ਸੰਸਥਾ ਦੀ ਨਹੀਂ, ਸਗੋਂ ਸੰਵਿਧਾਨਕ ਹੱਕਾਂ, ਸਮਾਜਿਕ ਨਿਆਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦੀ ਲੜਾਈ ਹੈ। ਜਦੋਂ ਤੱਕ ਯੋਗ ਅਤੇ ਹੱਕਦਾਰ ਵਰਗਾਂ ਨੂੰ ਉਨ੍ਹਾਂ ਦੀ ਬਣਦੀ ਪ੍ਰਤੀਨਿਧਤਾ ਨਹੀਂ ਮਿਲਦੀ, ਉਦੋਂ ਤੱਕ ਇਸ ਮੁੱਦੇ ਨੂੰ ਪੂਰੀ ਦ੍ਰਿੜ੍ਹਤਾ ਨਾਲ ਉੱਚ ਪੱਧਰ 'ਤੇ ਉਠਾਇਆ ਜਾਂਦਾ ਰਹੇਗਾ।

ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਵਿੱਚ ਪ੍ਰੋ. ਹਰਨੇਕ ਸਿੰਘ (ਰਿਟਾਇਰਡ), ਇਕਨਾਮਿਕਸ ਵਿਭਾਗ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਡਾ. ਰਾਮ ਸਿੰਘ, ਸਾਬਕਾ ਖੇਤੀਬਾੜੀ ਅਫ਼ਸਰ, ਸ੍ਰੀ ਸਵਰਨ ਸਿੰਘ, ਰਿਟਾਇਰਡ ਅਕਾਊਂਟਸ ਅਫ਼ਸਰ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ, ਸ੍ਰੀ ਰਾਮ ਸਿੰਘ, ਰਿਟਾਇਰਡ ਡਿਪਟੀ ਡਾਇਰੈਕਟਰ, ਖੇਤੀਬਾੜੀ ਵਿਭਾਗ ਅਤੇ ਸ੍ਰੀ ਅਮਰ ਸਿੰਘ, ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਨਵੀਂ ਦਿੱਲੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਪ੍ਰੋ ਹਰਨੇਕ ਸਿੰਘ ਜੀ ਨੇਂ ਮੈਡਮ ਅਮਨਪ੍ਰੀਤ ਕੌਰ ਰਾਏ ਜੀ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਮੈਡਮ ਰਾਏ ਵੱਲੋਂ ਐੱਸਸੀ ਐਸਟੀ ਸਮਾਜ ਦੇ ਬੜੇ ਗੰਭੀਰ ਮੁੱਦੇ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਵੱਖ ਵੱਖ ਪੱਧਰਾਂ ਤੇ ਬੜੀ ਸ਼ਿੱਦਤ ਨਾਲ ਪਿਛਲੇ ਲੰਮੇਂ ਸਮੇਂ ਤੋਂ ਚੁੱਕਿਆ ਜਾ ਰਿਹਾ ਹੈ

ਮੈਡਮ ਰਾਏ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਡਾ ਮਕਸਦ ਸਪੱਸ਼ਟ ਹੈ—ਸੰਵਿਧਾਨਕ ਹੱਕਾਂ ਦੀ ਰਾਖੀ, ਸਮਾਜਿਕ ਨਿਆਂ ਦੀ ਸਥਾਪਨਾ ਅਤੇ ਹਰ ਹੱਕਦਾਰ ਨੂੰ ਉਸਦਾ ਬਣਦਾ ਅਧਿਕਾਰ ਦਿਵਾਉਣਾ।

50 ਸਾਲ ਤੱਕ ਦੀ ਔਰਤ ਸੁਤੰਤਰ ਤੌਰ 'ਤੇ ਲੈ ਸਕਦੀ ਹੈ ਆਈਵੀਐੱਫ਼ ਸੇਵਾਵਾਂ; ਸੁਪਰੀਮ ਕੋਰਟ ਦਾ ਫੈਸਲਾ

ਚੰਡੀਗੜ੍ਹ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅਸਿਸਟਿਡ ਰੀਪ੍ਰੋਡਕਟਿਵ ਟੈਕਨਾਲੋਜੀ ਐਕਟ, 2021 ਦੀ ਵਿਆਖਿਆ ਕਰਦਿਆਂ ਫ਼ੈਸਲਾ ਸੁਣਾਇਆ ਹੈ ਕਿ 50 ਸਾਲ ਤੋਂ ਘੱਟ ਉਮਰ ਦੀ ਔਰਤ ਸੁਤੰਤਰ ਤੌਰ 'ਤੇ ਆਈਵੀਐੱਫ਼ ਸਮੇਤ ਏਆਰਟੀ ਸੇਵਾਵਾਂ ਲੈ ਸਕਦੀ ਹੈ, ਭਾਵੇਂ ਉਸ ਦੇ ਪਤੀ ਨੇ 55 ਸਾਲ ਦੀ ਨਿਰਧਾਰਿਤ ਵੱਧ ਤੋਂ ਵੱਧ ਉਮਰ ਪਾਰ ਕਰ ਲਈ ਹੋਵੇ।

ਛੇ ਜੁੜੀਆਂ ਪਟੀਸ਼ਨਾਂ ਦਾ ਨਿਪਟਾਰਾ ਕਰਦਿਆਂ ਜਸਟਿਸ ਤ੍ਰਿਭੁਵਨ ਦਹੀਆ ਨੇ ਸਪੱਸ਼ਟ ਕੀਤਾ ਕਿ ਏਆਰਟੀ ਸੇਵਾਵਾਂ ਕਿਸੇ ਜੋੜੇ ਵੱਲੋਂ ਜਾਂ ਔਰਤ ਵੱਲੋਂ ਆਪਣੇ ਤੌਰ 'ਤੇ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਔਰਤ ਦੀ ਯੋਗਤਾ ਉਸ ਦੇ ਪਤੀ ਦੀ ਉਮਰ 'ਤੇ ਨਿਰਭਰ ਨਹੀਂ ਹੈ ਅਤੇ ਅਜਿਹਾ ਕੋਈ ਨੇਮ ਨਹੀਂ ਕਿ ਸਿਰਫ਼ ਜੋੜਾ ਹੀ ਕਲੀਨਿਕ ਤੱਕ ਪਹੁੰਚ ਕਰੇ।

ਹਾਲਾਂਕਿ, ਅਦਾਲਤ ਨੇ ਸਪੱਸ਼ਟ ਕੀਤਾ ਕਿ ਔਰਤਾਂ ਲਈ 50 ਸਾਲ ਅਤੇ ਮਰਦਾਂ ਲਈ 55 ਸਾਲ ਦੀਆਂ ਕਾਨੂੰਨੀ ਉਮਰ ਸੀਮਾਵਾਂ ਵੱਖਰੇ ਤੌਰ 'ਤੇ ਲਾਗੂ ਹੁੰਦੀਆਂ ਹਨ। ਜੇਕਰ ਦੋਵਾਂ ਵਿੱਚੋਂ ਕੋਈ ਵੀ ਵੱਧ ਤੋਂ ਵੱਧ ਉਮਰ ਪਾਰ ਕਰ ਜਾਂਦਾ ਹੈ, ਤਾਂ ਜੋੜੇ ਵਜੋਂ ਸੇਵਾਵਾਂ ਲੈਣ ਦਾ ਅਧਿਕਾਰ ਖ਼ਤਮ ਹੋ ਜਾਂਦਾ ਹੈ। ਮੁੱਖ ਮਾਮਲੇ ਵਿੱਚ 47 ਸਾਲ ਦੀ ਉਮਰ 'ਚ ਜੋੜੇ ਦੇ ਨੌਂ ਭਰੂਣ (Embryos) ਫ੍ਰੀਜ਼ ਕੀਤੇ ਗਏ ਸਨ। ਦੋ ਯਤਨ ਅਸਫਲ ਰਹਿਣ ਤੋਂ ਬਾਅਦ ਔਰਤ 50 ਸਾਲ ਦੀ ਹੋ ਗਈ। ਜੋੜੇ ਨੇ ਬਚੇ ਭਰੂਣ ਦੀ ਵਰਤੋਂ ਦੀ ਇਜਾਜ਼ਤ ਮੰਗੀ। ਅਦਾਲਤ ਨੇ ਇਸ ਨੂੰ ਰੱਦ ਕਰਦਿਆਂ ਕਿਹਾ ਕਿ ਸਿਰਫ਼ ਪਹਿਲਾਂ ਭਰੂਣ ਫ੍ਰੀਜ਼ ਕਰਨ ਨਾਲ ਉਮਰ ਲੰਘਣ ਤੋਂ ਬਾਅਦ ਇਲਾਜ ਦਾ ਅਗਲਾ ਪੜਾਅ ਸ਼ੁਰੂ ਕਰਨ ਦਾ ਅਧਿਕਾਰ ਨਹੀਂ ਮਿਲ ਜਾਂਦਾ।

ਅਦਾਲਤ ਨੇ ਕਿਹਾ ਕਿ ਵਿਆਹੀ ਜਾਂ ਅਣਵਿਆਹੀ ਔਰਤ ਨੂੰ ਐਕਟ ਤਹਿਤ ਸੁਤੰਤਰ ਅਧਿਕਾਰ ਪ੍ਰਾਪਤ ਹੈ। ਇਸ ਲਈ 50 ਸਾਲ ਤੋਂ ਘੱਟ ਉਮਰ ਦੀਆਂ ਪਟੀਸ਼ਨਰ ਔਰਤਾਂ ਸੁਤੰਤਰ ਤੌਰ 'ਤੇ ਏਆਰਟੀ ਸੇਵਾਵਾਂ ਲੈ ਸਕਦੀਆਂ ਹਨ, ਭਾਵੇਂ ਪਤੀ 55 ਸਾਲ ਤੋਂ ਵੱਧ ਹੋਵੇ। ਪਰ ਇਹ ਛੋਟ ਉਸ ਔਰਤ 'ਤੇ ਲਾਗੂ ਨਹੀਂ ਹੋਵੇਗੀ ਜੋ ਆਪ 50 ਸਾਲ ਦੀ ਉਮਰ ਪਾਰ ਕਰ ਚੁੱਕੀ ਹੈ।

ਭਗਵਾਨ ਕ੍ਰਿਸ਼ਨ ਦੇ ਸਿਮਰਨ ਨੂੰ ਤੋੜ-ਮਰੋੜ ਕੇ ਪੇਸ਼ ਕਰਨ 'ਤੇ ਅਮਿਤਾਬ ਬੱਚਨ ਭੜਕੇ

ਮੁੰਬਈ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਤੌਰ 'ਤ ਸ਼ਾਂਤ ਰਹਿਣ ਵਾਲੇ ਅਦਾਕਾਰ ਅਮਿਤਾਬ ਬੱਚਨ ਨੇ ਸੋਮਵਾਰ ਨੂੰ ਭਗਵਾਨ ਕ੍ਰਿਸ਼ਨ ਦੀ ਮਹਿਮਾ 'ਚ ਆਪਣੇ ਸ਼ਬਦਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕਰਨ ਲਈ ਇੱਕ ਮੀਡੀਆ ਆਊਟਲੈੱਟ 'ਤੇ ਤਿੱਖਾ ਹਮਲਾ ਕੀਤਾ, ਅਤੇ ਇੱਕ ਗੁੱਸੇ ਭਰੀ ਪੋਸਟ 'ਚ ਕਿਹਾ ਕਿ ਉਨ੍ਹਾਂ ਦੇ ਪੰਜ ਕਰੋੜ (50 ਮਿਲੀਅਨ) ਫ਼ੌਲੋਅਰਜ਼ 'ਚੋਂ 10 ਫ਼ੀਸਦੀ ਹੀ ਪਲਟਵਾਰ ਕਰਨ ਲਈ ਕਾਫ਼ੀ ਹਨ, ਅਤੇ ਉਹ ਸਿਰਫ਼ ਉਨ੍ਹਾਂ ਦੇ ਇਸ਼ਾਰੇ ਦੀ ਉਡੀਕ ਕਰ ਰਹੇ ਹਨ।

ਬੱਚਨ ਨੇ ਸੋਸ਼ਲ ਮੀਡੀਆ ਪਲੈਟਫ਼ੌਰਮਾਂ 'ਤੇ ਲਿਖਿਆ ਕਿ 29 ਅਕਤੂਬਰ ਦੀ ਉਨ੍ਹਾਂ ਦੀ ਪੋਸਟ ਸਿਰਫ਼ ਭਗਵਾਨ ਕ੍ਰਿਸ਼ਨ ਦਾ ਸਿਮਰਨ ਸੀ। ਮੀਡੀਆ ਆਊਟਲੈੱਟ ਨੇ ਇਸ ਨੂੰ ਇਹ ਕਹਿੰਦੇ ਹੋਏ ਰਿਪੋਰਟ ਕੀਤਾ ਕਿ ਬੱਚਨ ਆਪਣੇ ਵਿਰੋਧੀਆਂ ਨੂੰ ਇਹ ਕਹਿ ਕੇ ਚੁਣੌਤੀ ਦੇ ਰਹੇ ਸਨ, "ਆਪਣੇ ਹਾਥੀ ਔਰ ਘੋੜੇ ਲਾਓ। : ਗੁੱਸੇ 'ਚ ਆਏ ਬੱਚਨ ਨੇ ਹਿੰਦੀ 'ਚ ਜਵਾਬ ਦਿੱਤਾ, "ਕ੍ਰਿਸ਼ਨ ਕਨ੍ਹੱਈਆ ਲਈ, ਪ੍ਰਾਰਥਨਾ ਦੇ ਰੂਪ 'ਚ, ਅਕਸਰ ਜੈਕਾਰਾ ਲਗਾਇਆ ਜਾਂਦਾ ਹੈ ਹਾਥੀ ਘੋੜਾ ਪਾਲਕੀ, ਜੈ ਕਨ੍ਹੱਈਆ ਲਾਲ ਕੀ ਅਤੇ ਮੀਡੀਆ, ਇਸ ਦਾ ਅਨਾਦਰ ਕਰ ਕੇ, ਆਪਣੀ ਮਸ਼ਹੂਰੀ (ਪਬਲੀਸਿਟੀ) ਲਈ ਇਸ ਨੂੰ ਛਾਪਦਾ ਹੈ।"

ਉਨ੍ਹਾਂ ਕਿਹਾ ਕਿ ਇਹ ਨਾ ਸਿਰਫ਼



ਜੈ ਸ਼੍ਰੀ ਕ੍ਰਿਸ਼ਨ ਦੇ ਜਾਪ ਦਾ ਗੰਭੀਰ ਅਪਮਾਨ ਸੀ ਸਗੋਂ ਉਨ੍ਹਾਂ ਦੇ ਸ਼ਬਦਾਂ ਨੂੰ ਤੋੜਨ-ਮਰੋੜਨ ਦੀ ਇੱਕ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਵੀ ਸੀ। ਕੰਨ ਖੋਲ੍ਹ ਕੇ ਸੁਣ ਲਓ ਮੀਡੀਆ ਵਾਲਿਓ ... ਪੰਜ ਕਰੋੜ (50 ਮਿਲੀਅਨ) ਦੀ ਫ਼ੌਲੋਅਰਜ਼ ਬੇਸ ਹੈ ਮੀਡੀਆ ਵਾਲਿਓ। ਜਿਸ ਦਿਨ ਅਸੀਂ ਇਸ਼ਾਰਾ ਕੀਤਾ ਤਾਂ ਉਸ 'ਚੋਂ ਕੇਵਲ 10 ਫ਼ੀਸਦੀ ਹੀ ਠੋਕਣ ਲਈ ਤਿਆਰ ਬੈਠੇ ਨੇ।"

84 ਸਾਲਾ ਸੁਪਰ ਸਟਾਰ, ਜੋ ਉਦਯੋਗ 'ਚ ਬਲੌਗਿੰਗ ਨੂੰ ਗੰਭੀਰਤਾ ਨਾਲ ਲੈਣ ਵਾਲੇ ਸਭ ਤੋਂ ਪਹਿਲੇ ਕਲਾਕਾਰਾਂ 'ਚੋਂ ਇੱਕ ਹਨ, ਬਿਨਾਂ ਨਾਗਾ ਹਰ ਰੋਜ਼ ਪੋਸਟ ਕਰਦੇ ਹਨ। ਉਨ੍ਹਾਂ ਦੀਆਂ ਪੋਸਟਾਂ, ਜੋ ਕਈ ਵਾਰ ਅਸਪਸ਼ਟ ਹੁੰਦੀਆਂ ਹਨ, ਅਕਸਰ ਸ਼ੁਭਕਾਮਨਾਵਾਂ, ਨਿੱਜੀ ਵੇਰਵੇ, ਫ਼ਿਲਮੀ ਯਾਦਾਂ ਜਾਂ ਉਨ੍ਹਾਂ ਦਾ ਦਿਨ ਕਿਵੇਂ ਬੀਤਿਆ ਇਸ ਦੀ ਇੱਕ ਡਾਇਰੀ ਹੁੰਦੀਆਂ ਹਨ। ਉਹ ਅਕਸਰ ਵੱਖ-ਵੱਖ ਪਲੈਟਫ਼ੌਰਮਾਂ 'ਤ ਆਪਣੇ ਪੰਜ ਕਰੋੜ ਤੋਂ ਵੱਧ ਫ਼ੌਲੋਅਰਜ਼ ਨੂੰ ਵਿਸਥਾਰਿਤ ਪਰਿਵਾਰ ਜਾਂ EF ਵਜੋਂ ਸੰਬੋਧਿਤ ਕਰਦੇ ਹਨ।

ਉਨ੍ਹਾਂ ਨੇ ਸੋਮਵਾਰ ਤੜਕੇ X 'ਤੇ ਆਪਣੀ ਪੋਸਟ 'ਚ ਅੱਗੇ ਲਿਖਿਆ, "ਤੁਸੀਂ ਜਿੰਨਾ ਮੇਰੇ ਸ਼ਬਦਾਂ ਨੂੰ ਤੋੜੋਗੇ-ਮਰੋੜੋਗੇ ਅਤੇ ਉਨ੍ਹਾਂ ਦੀ ਨਿੰਦਾ ਕਰੋਗੇ, EF ਕੋਲ ਉਹੀ ਕਰਨ ਦੀ 100 ਗੁਣਾ ਵੱਧ ਸਮਰੱਥਾ ਹੈ ਜੋ ਤਿਆਰ ਬੈਠੇ ਹਨ। ਇਹ ਸਿਰਫ਼ ਉਨ੍ਹਾਂ ਦੇ ਬੋਲਣ ਦੀ ਗੱਲ ਹੈ।" ਉਨ੍ਹਾਂ ਨੂੰ ਨਾਰਾਜ਼ ਕਰਨ ਵਾਲੀ ਸੁਰਖੀ (ਹੈੱਡਲਾਈਨ) ਸਾਂਝੀ ਕਰਦੇ ਹੋਏ ਉਨ੍ਹਾਂ ਨੇ ਕਿਹਾ, "ਦੇਖੋ ਮੀਡੀਆ ਕੀ ਛਾਪਦਾ ਹੈ। ਕੀ ਤੁਸੀਂ ਧਰਮ ਦਾ ਅਪਮਾਨ ਦੇਖਿਐ। ਇਸ ਤੋਂ ਵੱਧ ਹਾਸੋਹੀਣੀ ਗੱਲ ਹੋਰ ਕੋਈ ਨਹੀਂ ਹੋ ਸਕਦੀ। ਜੇ ਸਾਡੇ ਕੋਲੋਂ ਕੋਈ ਗ਼ਲਤੀ ਹੋ ਜਾਂਦੀ ਹੈ - ਗ਼ਲਤੀਆਂ ਹੋ ਜਾਂਦੀਆਂ ਹਨ - ਤਾਂ ਅਸੀਂ ਤੁਰੰਤ ਮੁਆਫ਼ੀ ਮੰਗਦੇ ਹਾਂ ਅਤੇ ਸੁਧਾਰ ਕਰਨ ਦੀ ਕੋਸ਼ਿਸ਼ ਕਰਦੇ ਹਾਂ ... ਪਰ ਇੱਥੇ ਇੰਝ ਲੱਗਦਾ ਹੈ ਜਿਵੇਂ ਇਹ ਉਨ੍ਹਾਂ ਦਾ ਜਨਮ ਸਿੱਧ ਅਧਿਕਾਰ ਹੈ," ਉਨ੍ਹਾਂ ਨੇ ਆਪਣੀ ਲੰਮੀ ਪੋਸਟ 'ਚ ਕਿਹਾ

ਬੱਚਨ ਆਪਣੇ ਅਧਿਕਾਰਤ ਬਲੌਗ ਦੇ ਨਾਲ-ਨਾਲ X 'ਤੇ ਵੀ ਆਪਣੇ ਅਣਗਿਣਤ ਫ਼ਾਲੋਅਰਜ਼ ਨਾਲ ਸਰਗਰਮੀ ਨਾਲ ਜੁੜੇ ਰਹੇ ਹਨ, ਜਿੱਥੇ ਉਨ੍ਹਾਂ ਦੇ 4.47 ਕਰੋੜ (44.7 ਮਿਲੀਅਨ) ਫ਼ੌਲੋਅਰਜ਼ ਹਨ ਅਤੇ ਇੰਸਟਾਗ੍ਰਾਮ 'ਤ ਉਨ੍ਹਾਂ ਦੇ ਫ਼ੌਲੋਅਰਜ਼ ਦੀ ਗਿਣਤੀ 3.62 ਕਰੋੜ (36.2 ਮਿਲੀਅਨ) ਹੈ।

70ਵੀਆਂ ਰਾਸ਼ਟਰੀ ਸਕੂਲ ਖੇਡਾਂ ਵਿੱਚ ਪੰਜਾਬ ਦੀਆਂ ਧੀਆਂ ਦਾ ਸ਼ਾਨਦਾਰ ਪ੍ਰਦਰਸ਼ਨ



ਮਲੇਰਕੋਟਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਐਂਡ ਸਪੋਰਟਸ (ਦਿੱਲੀ ਸਰਕਾਰ) ਵੱਲੋਂ ਤਿਆਗਰਾਜ ਸਪੋਰਟਸ ਕੰਪਲੈਕਸ, ਨਵੀਂ ਦਿੱਲੀ ਵਿਖੇ ਕਰਵਾਈਆਂ ਗਈਆਂ 70ਵੀਆਂ ਰਾਸ਼ਟਰੀ ਸਕੂਲ ਖੇਡਾਂ 2026-27 ਵਿੱਚ ਬਿਹਾਰ ਦੀ ਟੀਮ ਨਾਲ ਹੋਏ ਹਬਰਦਸਤ ਮੁਕਾਬਲੇ ਵਿੱਚ ਪੰਜਾਬ ਦੀ ਅੰਡਰ-14 ਲੜਕੀਆਂ ਦੀ ਰਗਬੀ ਟੀਮ ਨੇ ਇਤਿਹਾਸ ਰਚਦਿਆਂ ਦੇਸ਼ ਭਰ ਵਿੱਚੋਂ ਦੂਜਾ ਸਥਾਨ (ਰਨਰ-ਅੱਪ) ਹਾਸਲ ਕਰਕੇ ਚਾਂਦੀ ਦਾ ਤਗਮਾ (ਸਿਲਵਰ ਮੈਡਲ) ਆਪਣੇ ਨਾਮ ਕੀਤਾ ਹੈ। ਇਨ੍ਹਾਂ ਵੱਕਾਰੀ ਰਾਸ਼ਟਰੀ ਮੁਕਾਬਲਿਆਂ ਵਿੱਚ ਪੰਜਾਬ ਦੀਆਂ ਧੀਆਂ ਨੇ ਆਪਣੀ ਖੇਡ ਪ੍ਰਤਿਭਾ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਬਾਕਮਾਲ ਮੁਜ਼ਾਹਰਾ ਕਰਦਿਆਂ ਪੂਰੇ ਦੇਸ਼ ਵਿੱਚ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ। ਇਸ ਇਤਿਹਾਸਕ ਪ੍ਰਾਪਤੀ ਨਾਲ ਖਿਡਾਰਨਾਂ ਦੇ ਮਾਪਿਆਂ, ਅਧਿਆਪਕਾਂ ਅਤੇ ਸਮੁੱਚੇ ਇਲਾਕੇ ਦੇ ਖੇਡ ਪ੍ਰੇਮੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਸ਼ਾਨਦਾਰ ਕਾਮਯਾਬੀ ਵਿੱਚ ਬਾਕੀ ਟੀਮ ਤੋਂ ਇਲਾਵਾ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਬਰੜਵਾਲ (ਧੂਰੀ) ਦੀਆਂ ਪੰਜ ਹੋਣਹਾਰ ਖਿਡਾਰਨਾਂ ਤਨੀਸ਼ੀ ਕਪਿਲ, ਸਮਰੀਤ ਕੌਰ, ਰਸ਼ਨੀਤ ਕੌਰ, ਪਲਕਪ੍ਰੀਤ ਕੌਰ ਅਤੇ ਸ਼ਗੁਨਪ੍ਰੀਤ ਕੌਰ ਨੇ ਪੰਜਾਬ ਦੀ ਅੰਡਰ-14 ਰਗਬੀ ਟੀਮ ਦੀ ਨੁਮਾਇੰਦਗੀ ਕਰਦਿਆਂ ਅਹਿਮ ਯੋਗਦਾਨ ਪਾਇਆ। ਖਿਡਾਰਨ ਤਨੀਸ਼ੀ ਕਪਿਲ ਨੇ ਦੱਸਿਆ ਕਿ ਰਾਸ਼ਟਰੀ ਪੱਧਰ 'ਤੇ ਆਪਣੀ ਖੇਡ ਦਾ ਸ਼ਾਨਦਾਰ ਜੌਹਰ ਦਿਖਾਉਂਦਿਆਂ ਸਾਡੀ ਪੂਰੀ ਟੀਮ ਨੇ ਪੂਰੇ ਜੋਸ਼ ਤੇ ਜਜ਼ਬੇ ਨਾਲ ਖੇਡਦਿਆਂ ਪੰਜਾਬ ਦੀ ਟੀਮ ਨੂੰ ਰਨਰ-ਅੱਪ ਟਰਾਫ਼ੀ ਅਤੇ ਚਾਂਦੀ ਦਾ ਤਗਮਾ ਦਿਵਾਉਣ ਵਿੱਚ ਸ਼ਾਨਦਾਰ ਭੂਮਿਕਾ ਨਿਭਾਈ। ਇਹ ਮਾਣਮੱਤੀ ਪ੍ਰਾਪਤੀ ਸਾਰੀਆਂ ਖਿਡਾਰਨਾਂ ਦੀ ਖੇਡ ਪ੍ਰਤੀ ਸੱਚੀ ਲਗਨ ਅਤੇ ਦਿਨ-ਰਾਤ ਦੀ ਮਿਹਨਤ ਦਾ ਪ੍ਰਤੀਕ ਹੈ। ਉਕਤ ਪੰਜ ਖਿਡਾਰਨਾਂ ਨੇ ਦੱਸਿਆ ਕਿ ਇਸ ਇਤਿਹਾਸਕ ਸਫ਼ਲਤਾ ਪਿੱਛੇ ਉਨ੍ਹਾਂ ਦੇ ਦੋਵੇਂ ਕੋਚਾਂ ਮੈਡਮ ਕਮਲਜੀਤ ਕੌਰ ਪੂਨੀਆ ਅਤੇ ਸੁਖਬੀਰ ਸਿੰਘ ਪੂਨੀਆ ਦੀ ਅਣਥੱਕ ਮਿਹਨਤ, ਸੁਚੱਜੇ ਮਾਰਗਦਰਸ਼ਨ ਅਤੇ ਲਗਾਤਾਰ ਕਰਵਾਏ ਗਏ ਅਭਿਆਸ ਦੀ ਸਭ ਤੋਂ ਮਹੱਤਵਪੂਰਨ ਭੂਮਿਕਾ ਰਹੀ ਹੈ।

ਦੋਵੇਂ ਕੋਚਾਂ ਵੱਲੋਂ ਖਿਡਾਰਨਾਂ ਨੂੰ ਰਗਬੀ ਖੇਡ ਦੀਆਂ ਬਾਰੀਕੀਆਂ ਸਿਖਾਉਣ, ਟੀਮ ਵਿੱਚ ਬਿਹਤਰੀਨ ਤਾਲਮੇਲ ਪੈਦਾ ਕਰਨ ਅਤੇ ਰਾਸ਼ਟਰੀ ਮੁਕਾਬਲਿਆਂ ਲਈ ਮਾਨਸਿਕ ਤੇ ਸਰੀਰਕ ਤੌਰ 'ਤੇ ਤਿਆਰ ਕਰਨ ਲਈ ਕੀਤੇ ਗਏ ਵਿਸ਼ੇਸ਼ ਯਤਨਾਂ ਨੂੰ ਬੂਰ ਪਿਆ ਹੈ, ਜਿਸ ਦਾ ਨਤੀਜਾ ਰਾਸ਼ਟਰੀ ਪੱਧਰ 'ਤੇ ਮਿਲੀ ਇਸ ਵੱਡੀ ਜਿੱਤ ਦੇ ਰੂਪ ਵਿੱਚ ਸਾਹਮਣੇ ਆਇਆ ਹੈ। ਪੰਜਾਬ ਦੀ ਅੰਡਰ-14 ਲੜਕੀਆਂ ਦੀ ਰਗਬੀ ਟੀਮ ਵੱਲੋਂ ਚਾਂਦੀ ਦਾ ਤਗਮਾ ਜਿੱਤਣਾ ਪੰਜਾਬ ਦੀਆਂ ਧੀਆਂ ਦੀ ਖੇਡ ਪ੍ਰਤਿਭਾ ਅਤੇ ਰਗਬੀ ਵਰਗੀ ਖੇਡ ਪ੍ਰਤੀ ਵਧ ਰਹੇ ਉਤਸ਼ਾਹ ਦਾ ਪ੍ਰਤੱਖ ਸਬੂਤ ਹੈ।

ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲ ਡਾ. ਬਲਵਿੰਦਰ ਸਿੰਘ ਦੇ ਨਾਲ-ਨਾਲ ਇਲਾਕੇ ਦੀਆਂ ਸਮਾਜਿਕ ਤੇ ਵਿੱਦਿਅਕ ਸ਼ਖ਼ਸੀਅਤਾਂ ਵੱਲੋਂ ਪੰਜੋਂ ਜੇਤੂ ਖਿਡਾਰਨਾਂ, ਉਨ੍ਹਾਂ ਦੇ ਮਾਪਿਆਂ ਨੂੰ ਭਰਪੂਰ ਵਧਾਈਆਂ ਦਿੱਤੀਆਂ ਗਈਆਂ। ਸਕੂਲ ਪਹੁੰਚਣ 'ਤੇ ਇਨ੍ਹਾਂ ਖਿਡਾਰਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ।

AI ਰਾਹੀਂ ਗੁਰਬਾਣੀ ਨਾਲ ਸੰਬੰਧਤ ਚੁਣੌਤੀਆਂ ਗੰਭੀਰ, ਸਿੱਖਾਂ ਨੂੰ ਸੰਗਠਤ ਕਾਰਜਾਂ ਰਾਹੀਂ ਸਹੀ ਮਾਡਲ ਤਿਆਰ ਕਰਨ ਦੀ ਲੋੜ : ਗੜਗੱਜ

ਅੰਮ੍ਰਿਤਸਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲੰਡਨ ਸਥਿਤ ਇਤਿਹਾਸਕ ਖ਼ਾਲਸਾ ਜਥਾ ਬ੍ਰਿਟਿਸ਼ ਆਈਲਜ਼ ਗੁਰਦੁਆਰਾ ਸਾਹਿਬ ਵਿਖੇ ਪ੍ਰਬੰਧਕ ਕਮੇਟੀ ਵਲੋਂ ਕਰਵਾਏ ਗਏ ਗੁਰਮਤਿ ਸਮਾਗਮ 'ਚ ਸ਼ਮੂਲੀਅਤ ਕੀਤੀ। ਇਸ ਦੌਰਾਨ ਗੁਰਦੁਆਰਾ ਪ੍ਰਬੰਧਕਾਂ ਤੇ ਕੁੱਝ ਸਥਾਨਕ ਸਿੱਖਾਂ ਨੇ ਸਿੰਘ ਸਾਹਿਬ ਨਾਲ ਗੁਰੂ ਘਰ ਅੰਦਰ ਸਥਿਤ ਲਾਇਬ੍ਰੇਰੀ 'ਚ ਪੰਜਾਬ ਤੋਂ UK ਪੜ੍ਹਨ ਲਈ ਆਉਣ ਵਾਲੇ ਸਿੱਖਾਂ ਤੇ ਪੰਜਾਬੀਆਂ ਖ਼ਾਸ ਕਰ ਕੇ ਸਾਡੀਆਂ ਧੀਆਂ ਨਾਲ ਸਬੰਧਤ ਕੁੱਝ ਅਹਿਮ ਮਾਮਲਿਆਂ ਅਤੇ ਸਮੱਸਿਆਵਾਂ ਬਾਰੇ ਵਿਚਾਰ ਚਰਚਾ ਵੀ ਕੀਤੀ ਜਿਨ੍ਹਾਂ ਬਾਰੇ ਸੰਗਠਤ ਪਹੁੰਚ ਅਪਣਾ ਕੇ ਅਗਾਂਹ ਕਾਰਜ ਕਰਨ ਦੀ ਗੱਲ ਹੋਈ। ਸਿੰਘ ਸਾਹਿਬ ਨੇ ਭਰੋਸਾ ਦਿੱਤਾ ਕਿ ਸਿੱਖੀ ਦੇ ਪ੍ਰਚਾਰ ਪ੍ਰਸਾਰ ਅਤੇ ਕੌਮੀ ਮਾਮਲੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਿਸ ਵੀ ਸਹਿਯੋਗ ਅਤੇ ਸੇਧ ਦੀ ਲੋੜ ਹੋਵੇਗੀ ਉਹ ਦਿੱਤਾ ਜਾਵੇਗਾ। ਇਸ ਮੌਕੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ (AI) ਆਧਾਰਿਤ ਚੈਟਬੌਟਸ, ਜੋ ਆਮ ਲੋਕਾਂ ਲਈ ਜਾਣਕਾਰੀ ਹਾਸਿਲ ਕਰਨ ਦਾ ਇੱਕ ਪ੍ਰਮੁੱਖ ਸਾਧਨ ਬਣਦੇ ਜਾ ਰਹੇ ਹਨ, ਬਾਰੇ ਵਿਚਾਰ ਚਰਚਾ ਵੀ ਹੋਈ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਰਵਾਇਤਾਂ ਬਾਰੇ ਏਆਈ ਰਾਹੀਂ ਫ਼ੈਲ ਰਹੀ ਗੁੰਮਰਾਹਕੁਨ ਜਾਣਕਾਰੀ ਅਤੇ ਪਾਵਨ ਗੁਰਬਾਣੀ ਦੇ ਨਾਮ ਹੇਠ ਮਨਘੜ੍ਹਤ ਤੁੱਕਾਂ ਪੇਸ਼ ਕੀਤੇ ਜਾਣ ਦੀ ਗੰਭੀਰ ਸਮੱਸਿਆ ਨਾਲ ਨਜਿੱਠਣ ਲਈ ਦੇਸ਼ ਦੁਨੀਆਂ ਦੀਆਂ AI ਤਕਨੀਕ ਕੰਪਨੀਆਂ ਨਾਲ ਰਾਬਤਾ



ਕਰਨ ਤੇ ਸਹਿਯੋਗ ਕਰਨ ਦੀ ਵਿਚਾਰ ਅਗਾਂਹ ਵਧਾਉਣ ਦੀ ਗੱਲ ਕੀਤੀ।

ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਗੁਰਪ੍ਰੀਤ ਸਿੰਘ ਅਨੰਦ ਨੇ ਸੰਬੋਧਨ ਕਰਦਿਆਂ ਇਸ ਗੁਰੂ ਘਰ ਦੇ ਇਤਿਹਾਸ ਬਾਰੇ ਦੱਸਿਆ। ਇਸ ਮੌਕੇ ਸੰਬੋਧਨ ਕਰਦਿਆਂ ਯੂਨਾਈਟਡ ਸਿੱਖਸ ਸੰਸਥਾ ਦੇ ਸੰਚਾਰ ਅਤੇ ਪੈਰਵੀ ਡਾਇਰੈਕਟਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ AI ਸੱਤ-ਕਮੇਟੀ ਦੇ ਮੈਂਬਰ ਹਰਮੀਤ ਸ਼ਾਹ ਸਿੰਘ ਨੇ AI ਦੀਆਂ ਗੰਭੀਰ ਸਮੱਸਿਆਵਾਂ ਬਾਰੇ ਸਿੰਘ ਸਾਹਿਬ ਅਤੇ ਹਾਜ਼ਰ ਸੰਗਤ ਨੂੰ ਜਾਣੂ ਕਰਵਾਇਆ।

ਕੌਂਗੋ 'ਚ ਈਬੋਲਾ ਵਾਇਰਸ ਨਾਲ ਪੰਜ ਹਜ਼ਾਰ ਤੋਂ ਵੱਧ ਲੋਕਾਂ ਦੀ ਮੌਤ

ਬੁਨੀਆ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੌਂਗੋ 'ਚ ਈਬੋਲਾ ਵਾਇਰਸ ਦਾ ਕਹਿਰ ਲਗਾਤਾਰ ਵਧਦਾ ਜਾ ਰਿਹਾ ਹੈ। ਇਸ ਜਾਨਲੇਵਾ ਬੀਮਾਰੀ ਨਾਲ ਮਰਨ ਵਾਲਿਆਂ ਦੀ ਗਿਣਤੀ ਪੰਜ ਹਜ਼ਾਰ ਤੋਂ ਪਾਰ ਪਹੁੰਚ ਗਈ ਹੈ ਜਦ ਕਿ 10 ਹਜ਼ਾਰ ਤੋਂ ਵੱਧ ਲੋਕ ਇਨਫ਼ੈਕਟਿਡ ਹੋ ਚੁੱਕੇ ਹਨ। ਸਰਕਾਰ ਦੇ ਤਾਜ਼ਾ ਅੰਕੜਿਆਂ ਅਨੁਸਾਰ ਹੁਣ ਤਕ 10 ਹਜ਼ਾਰ 351 ਲੋਕ ਇਸ ਵਾਇਰਸ ਦੀ ਲਪੇਟ 'ਚ ਆ ਚੁੱਕੇ ਹਨ ਜਿਨ੍ਹਾਂ 'ਚੋਂ 5, 026 ਦੀ ਮੌਤ ਹੋ ਗਈ ਹੈ। ਸਿਹਤ ਮੰਤਰਾਲੇ ਦੇ ਅੰਕੜਿਆਂ ਮੁਤਾਬਿਕ ਵਾਇਰਸ ਨਾਲ ਹੋਣ ਵਾਲੀਆਂ ਮੌਤਾਂ ਦੀ ਦਰ ਲਗਭਗ 50 ਫ਼ੀਸਦੀ ਹੈ। ਬੀਮਾਰੀ ਦੇ ਤੇਜ਼ੀ ਨਾਲ ਫ਼ੈਲਣ ਨਾਲ ਸਿਹਤ ਮਾਹਿਰਾਂ ਦੀ ਚਿੰਤਾ ਵੱਧ ਗਈ ਹੈ। ਉਨ੍ਹਾਂ ਨੂੰ ਖ਼ਦਸ਼ਾ ਹੈ ਕਿ ਸਮਾਂ ਰਹਿੰਦੇ ਵਾਇਰਸ 'ਤੇ ਕਾਬੂ ਨਹੀਂ ਪਾਇਆ ਗਿਆ ਤਾਂ ਇਹ ਦੂਜੇ ਅਫ਼ਰੀਕੀ ਦੇਸ਼ਾਂ 'ਚ ਵੀ ਵੱਡੇ ਪੱਧਰ 'ਤੇ ਫ਼ੈਲ ਸਕਦਾ ਹੈ।

ਮੁਲਾਜ਼ਮਾਂ ਕੀਤਾ ਸੰਗਰੂਰ 'ਚ ਪੱਕਾ ਮੋਰਚਾ ਲਾਉਣ ਦਾ ਐਲਾਨ

ਸੰਗਰੂਰ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਾਂਝਾ ਮੁਲਾਜ਼ਮ ਮੰਚ ਅਤੇ ਮੁਲਾਜ਼ਮ ਤੇ ਪੈਨਸ਼ਨਰ ਦੀ ਸਾਂਝੀ ਤਾਲਮੇਲ ਕਮੇਟੀ ਵੱਲੋਂ ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਕਾਨਫਰੰਸ ਰਾਹੀਂ ਤਾਲਮੇਲ ਕਮੇਟੀ ਦੇ ਬੁਲਾਰਿਆਂ ਨੇ, ਪੰਜਾਬ ਸਰਕਾਰ ਵੱਲੋਂ, ਮੁਲਾਜ਼ਮ ਵਰਗ ਪ੍ਰਤੀ ਕੀਤੇ ਜਾ ਰਹੇ ਭੰਡੀ ਪ੍ਰਚਾਰ ਦਾ ਜਵਾਬ ਦਿੱਤਾ। ਪੰਜਾਬ ਸਰਕਾਰ ਵੱਲੋਂ ਲੰਮੇ ਸਮੇਂ ਤੋਂ ਕਿਹਾ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਦੇ ਮੁਲਾਜ਼ਮ ਬਾਕੀ ਰਾਜ ਦੇ ਮੁਲਾਜ਼ਮਾਂ ਤੋਂ ਵੱਧ ਤਨਖਾਹ ਲੈ ਰਹੇ ਹਨ। ਇਸ ਦੇ ਜਵਾਬ ਵਿੱਚ ਆਗੂਆਂ ਵੱਲੋਂ ਪ੍ਰੈਸ ਨੂੰ ਦੱਸਿਆ ਗਿਆ ਕਿ 17-07-2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਕੇਂਦਰੀ ਪੈਟਰਨ ਤੇ ਘੱਟ ਪੇ-ਸਕੇਲ ਦਿੱਤੇ ਜਾ ਰਹੇ ਹਨ, ਜਦੋ ਕਿ ਕੇਂਦਰ ਦੇ ਵੱਧ ਭੱਤੇ ਨਹੀਂ ਦਿੱਤੇ ਜਾ ਰਹੇ। ਇਸੇ ਤਰ੍ਹਾਂ ਹੀ ਇਹਨਾਂ ਮੁਲਾਜ਼ਮਾਂ ਨੂੰ 15-01-2015 ਨੂੰ ਜਾਰੀ ਨੋਟੀਫਿਕੇਸ਼ਨ ਰਾਹੀਂ ਪਰਖ-ਕਾਲ ਸਮੇਂ ਦੌਰਾਨ ਤਿੰਨ ਸਾਲਾਂ ਲਈ ਕੇਵਲ ਬੇਸਿਕ ਤਨਖਾਹ ਹੀ ਦਿੱਤੀ ਜਾਂਦੀ ਹੈ, ਜੋ ਕਿ ਬਾਕੀ ਰਾਜਾਂ ਦੇ ਮੁਕਾਬਲੇ ਬਹੁਤ



ਘੱਟ ਹੈ।

ਐਸੋਸੀਏਸ਼ਨ ਵੱਲੋਂ ਕੰਪਿਊਟਰਾਈਜ਼ਡ ਸਲਾਈਡਾਂ ਰਾਹੀਂ ਪੰਜਾਬ ਦੇ ਕਰਮਚਾਰੀਆਂ ਦੀ ਘੱਟ ਤਨਖਾਹ ਦੇ ਤੁਲਨਾਮਤਕ ਵੇਰਵੇ ਵੀ ਵਿਖਾਏ ਗਏ। ਬੁਲਾਰਿਆਂ ਨੇ ਇਹਨਾਂ ਸਲਾਈਡਾਂ ਰਾਹੀਂ ਸਿੱਧ ਕੀਤਾ ਕਿ ਪੰਜਾਬ ਸਰਕਾਰ ਦੇ ਮੁਲਾਜਮਾਂ ਨੂੰ ਪੈਨਸ਼ਨ ਤੋਂ ਵਿਰਵੇ ਰੱਖਿਆ ਜਾ ਰਿਹਾ ਹੈ, ਜਦੋਂ ਕਿ ਪੰਜਾਬ ਦੇ ਵਿਧਾਇਕਾਂ ਦੀਆਂ ਪੈਨਸ਼ਨਾਂ ਵਿੱਚ 5 ਗੁਣਾਂ ਤੋਂ ਵੀ ਜਿਆਦਾ ਦਾ ਵਾਧਾ ਕੀਤਾ ਗਿਆ ਹੈ। ਇਸੇ ਤਰ੍ਹਾਂ ਹੀ ਪੰਜਾਬ ਸਰਕਾਰ ਦੇ ਮੁਲਾਜਮਾਂ ਦੇ 37 ਭੱਤੇ ਕੱਟ ਲਏ ਗਏ ਹਨ, ਪਰੰਤੂ ਵਿਧਾਇਕਾਂ ਨੂੰ ਵਿਧਾਨ ਸਭਾ ਦੇ ਮੈਨੂਅਲ ਅਨੁਸਾਰ ਅਨੇਕਾਂ ਭੱਤੇ ਦਿੱਤੇ ਜਾ ਰਹੇ ਹਨ। ਉਹਨਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੇ ਕਾਰਜਕਾਲ ਦਾ 6 ਮਹੀਨੇ ਦਾ ਸਮਾਂ ਬਚਿਆ ਹੈ, ਪਰੰਤੂ ਉਹਨਾਂ ਵੱਲੋਂ ਅਜੇ ਤੱਕ ਪੇ-ਕਮਿਸ਼ਨ ਦੀ ਦੂਜੀ ਰਿਪੋਰਟ ਪੇਸ਼ ਨਹੀਂ ਕੀਤੀ ਗਈ ਹੈ, ਜਿਸ ਕਾਰਨ ਮੁਲਾਜ਼ਮਾਂ ਨੂੰ ਏ.ਸੀ.ਪੀ. ਸਕੀਮ ਦਾ ਲਾਭ ਵੀ ਨਹੀਂ ਮਿਲ ਰਿਹਾ ਹੈ। ਪੰਜਾਬ ਸਰਕਾਰ ਦੇ ਸੇਵਾ ਨਵਿਰਤ ਮੁਲਾਜ਼ਮਾਂ ਦੀਆਂ ਜੱਥੇਬੰਦੀਆਂ ਦੇ ਅਹੁਦੇਦਾਰਾਂ ਨੇ ਭਾਵੁਕ ਹੁੰਦੇ ਦੱਸਿਆ ਕਿ ਉਹਨਾਂ ਦੀਆਂ ਵਡੇਰੀਆਂ ਉਮਰਾਂ ਦੇ ਬਾਵਜੂਦ ਵੀ ਪੇ-ਕਮਿਸ਼ਨ ਦੀ ਰਿਪੋਰਟ ਅਨੁਸਾਰ ਉਹਨਾਂ ਨੂੰ 2.59 ਦੇ ਗੁਣਾਂਕ ਤਹਿਤ ਨਾ ਤਾਂ ਉਹਨਾਂ ਦੀ ਪੈਨਸ਼ਨ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਨਾ ਹੀ ਉਹਨਾਂ ਨੂੰ ਕੇਂਦਰ ਸਰਕਾਰ ਦੇ ਬਰਾਬਰ ਮਹਿੰਗਾਈ ਭੱਤਾ ਦਿੱਤਾ ਜਾ ਰਿਹਾ ਹੈ। ਮੁਲਾਜ਼ਮ ਆਗੂਆਂ ਨੇ ਮੰਗ ਕੀਤੀ ਕਿ ਸਰਕਾਰ ਉਪਰੋਕਤ ਮੰਗਾਂ ਦੇ ਨਾਲ ਨਾਲ ਕੱਚੇ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰੇ, ਆਂਗਣਵਾੜੀ ਵਰਕਰ, ਮੀਡ ਡੇ ਮੀਲ ਵਰਕਰ ਅਤੇ ਆਸ਼ਾ ਵਰਕਰਾਂ ਦੀਆਂ ਮੰਗਾਂ ਨੂੰ ਤੁਰੰਤ ਪੂਰਾ ਕਰੇ ਅਤੇ ਨੌਕਰੀ ਤੋਂ ਬਰਖਾਸਤ ਕੀਤੇ ਗਏ 253 ਕੰਪਿਊਟਰ ਅਧਿਆਪਕਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ। ਮੁਲਾਜ਼ਮ ਆਗੂਆਂ ਨੇ ਚਿੰਤਾ ਤੇ ਹੈਰਾਨੀ ਪ੍ਰਗਟ ਕਰਦੇ ਹੋਏ ਕਿਹਾ ਕਿ ਮੌਜੂਦਾ ਆਪ ਸਰਕਾਰ ਮਾਨਯੋਗ ਕੋਰਟਾਂ ਦੇ ਫੈਸਲਿਆਂ ਨੂੰ ਲਾਗੂ ਕਰਨ ਵਿੱਚ ਵੀ ਆਨਾ-ਕਾਨੀ ਕਰ ਰਹੀ ਹੈ। ਮੁਲਾਜ਼ਮ ਆਗੂਆਂ ਨੇ ਅੰਤ ਵਿੱਚ ਸਰਕਾਰ ਵਿਰੁੱਧ ਕੀਤੇ ਜਾਣ ਵਾਲੇ ਭਵਿੱਖੀ ਐਕਸ਼ਨਾਂ ਦਾ ਵੀ ਐਲਾਨ ਕੀਤਾ ਜਿਸ ਤਹਿਤ 01-12-2026 ਤੋਂ 05-12-2026 ਨੂੰ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਪੁਤਲੇ ਸਾੜੇ ਜਾਣਗੇ ਅਤੇ ਉਹਨਾਂ ਦੇ ਫੁੱਲ ਕੁੱਜਿਆਂ ਵਿੱਚ ਬੰਦ ਕਰਨ ਉਪਰੰਤ ਲੁਧਿਆਣੇ ਦੇ ਬੁੱਢੇ ਨਾਲੇ ਵਿੱਚ ਜਲ ਪ੍ਰਵਾਹ ਕੀਤੇ ਜਾਣਗੇ। ਇਸ ਉਪਰੰਤ 13-12-2026 ਤੋਂ 19-12- 2026 ਤੱਕ ਸੰਗਰੂਰ ਵਿਖੇ ਪੱਕਾ ਮੋਰਚਾ ਲਗਾਇਆ ਜਾਵੇਗਾ। ਪੱਕੇ ਮੋਰਚੇ ਦੌਰਾਨ ਸ਼ਹਿਰ ਵਿੱਚ ਜਾਗੋ ਕੱਢ ਕੇ ਲੋਕਾਂ ਨੂੰ ਜਗਾਇਆ ਜਾਵੇਗਾ ਅਤੇ ਸਮਾਜ ਦੇ ਸਾਰੇ ਵਰਗਾਂ ਦੇ ਨੁਮਾਇੰਦਿਆਂ ਨਾਲ ਮਹਾ-ਪੰਚਾਇਤ ਕਰਕੇ ਸਰਕਾਰ ਦੇ ਸਮਾਜ ਵਿਰੋਧੀ ਚਿਹਰੇ ਨੂੰ ਬੇ-ਨਕਾਬ ਕੀਤਾ ਜਾਵੇਗਾ। ਦਸੰਬਰ ਦੇ ਦੂਸਰੇ ਹਫ਼ਤੇ ਵਿੱਚ ਪੰਜਾਬ ਦੇ ਸਮੂਹ ਮੁਲਾਜ਼ਮ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਸ਼ੰਭੂ ਬਾਰਡਰ ਤੋਂ ਅੰਮ੍ਰਿਤਸਰ (ਅਟਾਰੀ ਬਾਰਡਰ) ਤੱਕ ਮਨੁੱਖੀ ਚੇਨ ਬਣਾ ਕੇ ਸਰਕਾਰ

ਵਿਰੁੱਧ ਲਾ-ਮਿਸਾਲ ਪ੍ਰਦਰਸ਼ਨ ਕਰਨਗੇ ਅਤੇ ਆਪ ਸਰਕਾਰ ਨੂੰ ਵੋਟਾਂ ਨਾ ਪਾਉਣ ਦੀ ਲੋਕਾਂ ਨੂੰ ਅਪੀਲ ਵੀ ਕਰਨਗੇ।

ਮੁਲਾਜ਼ਮ ਆਗੂਆਂ ਨੇ ਇਹ ਵੀ ਕਿਹਾ ਕਿ ਜੇਕਰ ਇਸ ਦੌਰਾਨ ਸਰਕਾਰ ਦਾ ਵਤੀਰਾ ਨਕਾਰਾਤਮਕ ਰਿਹਾ ਤਾਂ ਹੋਰ ਵੀ ਸਖ਼ਤ ਐਕਸ਼ਨ ਸ਼ਾਮਲ ਕਰ ਲਏ ਜਾਣਗੇ। ਇਸ ਪ੍ਰੈਸ ਕਾਨਫਰੰਸ ਵਿੱਚ ਗੁਰਨਾਮ ਸਿੰਘ ਵਿਰਕ, ਸਤੀਸ਼ ਰਾਣਾ, ਸੁਖਚੈਨ ਸਿੰਘ ਖਹਿਰਾ, ਸੁਸ਼ੀਲ ਕੁਮਾਰ ਫੌਜੀ, ਮਨਦੀਪ ਸਿੰਘ ਸਿੱਧੂ, ਸਾਹਿਲ ਸ਼ਰਮਾ ਅਮਿਤ ਕਟੋਜ, ਕਰਮ ਸਿੰਘ ਧਨੋਆ, ਧਨਵੰਤ ਸਿੰਘ ਭੱਟਲ, ਹਰਜਿੰਦਰਪਾਲ ਸਿੰਘ ਪੰਨੂੰ, ਗਗਨਦੀਪ ਸਿੰਘ ਭੁੱਲਰ, ਜਸਬੀਰ ਤਲਵਾੜਾ, ਸੰਦੀਪ ਗਿੱਲ, ਸ਼ਲਿੰਦਰ ਕੰਬੋਜ, ਐਨ. ਕੇ. ਕਲਸੀ, ਗੁਰਿੰਦਰ ਸਿੰਘ ਘੁਕੇਵਾਲੀ, ਦਵਿੰਦਰ ਸਿੰਘ ਬੈਨੀਪਾਲ, ਮਨਪ੍ਰੀਤ ਸਿੰਘ, ਹਰਚਰਨ ਸਿੰਘ, ਹਰਨੇਕ ਸਿੰਘ ਆਦਿ ਸ਼ਾਮਲ ਸਨ।

ਖੇਤੀਬਾੜੀ ਵਿਭਾਗ ਵੱਲੋਂ ਪਰਾਲੀ ਪ੍ਰਬੰਧ ਸਬੰਧੀ ਕੀਤਾ ਜਾ ਰਿਹਾ ਜਾਗਰੂਕਤਾ : ਮੁੱਖ ਖੇਤੀਬਾੜੀ ਅਫਸਰ


ਪਟਿਆਲਾ, 11 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾਂ—ਨਿਰਦੇਸ਼ਾਂ ਅਨੁਸਾਰ ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਦੀ ਯੋਗ ਅਗਵਾਈ ਹੇਠ ਜਿਲ੍ਹਾ ਪਟਿਆਲਾ ਦੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਦਾਰਾ ਸਿੰਘ ਨੇ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਅਤੇ ਜਿਲ੍ਹਾ ਪ੍ਰਸ਼ਾਸ਼ਨ ਵੱਲੋਂ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕਤਾ ਕੈਂਪ ਅਤੇ ਨੁੱਕੜ ਮੀਟਿੰਗਾਂ ਰਾਹੀਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਹਨਾਂ ਕੈਂਪਾਂ ਵਿਚ ਅਗਾਂਹਵਧੂ ਕਿਸਾਨ ਦੂਜੇ ਕਿਸਾਨਾਂ ਨੂੰ ਪਰਾਲੀ ਦੀ ਸਾਂਭ ਸੰਭਾਲ ਸਬੰਧੀ ਜਾਗਰੂਕ ਕਰ ਰਹੇ ਹਨ। ਉਹਨਾਂ ਦਸਿਆ ਕਿ ਇਹਨਾਂ ਕੈਂਪਾਂ ਤੋਂ ਇਲਾਵਾ ਜਿਲ੍ਹੇ ਵਿਚ ਸਕੂਲਾਂ ਦੇ ਬੱਚਿਆਂ ਨੂੰ ਪਰਾਲੀ ਨਾ ਸਾੜਣ ਸਬੰਧੀ ਪੋਸਟਰ, ਭਾਸ਼ਣ ਅਤੇ ਸਲੋਗਨ ਪ੍ਰਤੀਯੋਗਤਾਵਾਂ ਮੁਕਾਬਲੇ ਕਰਵਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਹਰੇਕ ਪਿੰਡ ਵਿਚ ਪਰਾਲੀ ਪ੍ਰਬੰਧਨ ਸਬੰਧੀ ਵਾਲ ਪੇਂਟਿੰਗਜ਼ ਕੀਤੀਆਂ ਗਈਆਂ ਹਨ ਅਤੇ ਕਿਸਾਨਾਂ ਨੂੰ ਜਿਲ੍ਹਾ ਪ੍ਰਸ਼ਾਸਨ ਵੱਲੋਂ ਲਿਟਰੇਚਰ ਵੰਡ ਕੇ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਮੁੱਖ ਖੇਤੀਬਾੜੀ ਅਫਸਰ ਪਟਿਆਲਾ ਵੱਲੋਂ ਜਿਲ੍ਹਾ ਪਟਿਆਲਾ ਦੇ ਲੰਗ, ਚਲੇਲਾ ਅਤੇ ਰੋਹੜ ਪਿੰਡਾਂ ਦਾ ਦੌਰਾ ਕੀਤਾ ਗਿਆ।

ਧਰਮ ਤੇ ਵਿਰਸਾ

ਭਗਤੀ ਤੋਂ ਸ਼ਕਤੀ ਵੱਲ




ਗੁਰਪ੍ਰੀਤ ਸਿੰਘ

ਸਿੱਖ ਧਰਮ ਦਾ ਵਿਕਾਸ ਤੇ ਵਿਗਾਸ ਗੁਰੂ ਨਾਨਕ ਦੇਵ ਜੀ ਤੋਂ ਆਰੰਭ ਹੋ ਕੇ ਦਸਾਂ ਜਾਮਿਆਂ ਵਿਚ ਨਿਰੰਤਰ ਇਕ ਰਸ 'ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ।' ਚਲਦਾ ਹੋਇਆ ਸਿੱਖ ਧਰਮ ਦੇ ਬੁਨਿਆਦੀ ਸਿਧਾਤਾਂ ਦਾ ਪ੍ਰਚਾਰ ਤੇ ਪਸਾਰ ਕਰਦੇ ਰਹੇ। ਪਹਿਲੇ ਪੰਜ ਗੁਰੂ ਸਾਹਿਬਾਨ ਦਾ ਸਮਾਂ ਸ਼ਾਂਤੀ ਵਾਲਾ ਸੀ ਪਰ ਬਾਵਜੂਦ ਇਸ ਦੇ ਗੁਰੂ ਨਾਨਕ ਦੇਵ ਜੀ ਨੇ ਬਾਬਰ ਨੂੰ ਜਾਬਰ ਕਹਿ ਕੇ ਫਿਟਕਾਰਿਆ ਹੀ ਨਹੀਂ, ਸਗੋਂ 'ਰਾਜੇ ਸੀਹ ਮੁਕਦਮ ਕੁਤੇ' ਅਤੇ 'ਪਾਪ ਕੀ ਜੰਞ ਲੈ ਕਾਬਲਹੁ ਧਾਇਆ' ਵਰਗੇ ਬੋਲਾਂ ਨੇ ਸਮੇਂ ਦੀ ਹਕੂਮਤ ਨੂੰ ਵੰਗਾਰਿਆ। ਬੇਸ਼ੱਕ ਸ਼ਸਤਰਧਾਰੀ ਗੁਰੂ ਦਾ ਸਰੂਪ ਸਿੱਖ ਧਰਮ ਨੇ ਛੇਵੇਂ ਜਾਮੇ ਵਿਚ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਰੂਪ ਵਿਚ ਵੇਖਿਆ ਪਰ ਇਸ ਸਿਧਾਂਤ ਦੀ ਸ਼ੁਰੂਆਤ ਤਾਂ ਗੁਰੂ ਨਾਨਕ ਦੇਵ ਜੀ ਅਤੇ ਦੂਸਰੇ ਗੁਰੂ ਸਾਹਿਬਾਨ ਕਰ ਗਏ ਸਨ। ਗੁਰੂ ਨਾਨਕ ਦੇਵ ਜੀ ਨੇ ਬਾਬਰ ਦੇ ਜ਼ੁਲਮ ਦੇ ਖਿਲਾਫ ਆਵਾਜ਼ ਬੁਲੰਦ ਕਰਦਿਆਂ ਸੱਚ ਦਾ ਹੋਕਾ ਵੀ ਦਿੱਤਾ। ਉਥੇ ਗੁਰੂ ਅੰਗਦ ਦੇਵ ਜੀ ਨੇ ਮੱਲ ਅਖਾੜਿਆਂ ਦੀ ਸ਼ੁਰੂਆਤ ਕਰਕੇ ਇਸ ਦਿਸ਼ਾ ਵੱਲ ਇਕ ਸੰਕੇਤ ਕਰ ਦਿੱਤਾ ਸੀ। ਪਰ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਤੋਂ ਬਾਅਦ ਸਮੇਂ ਦੀ ਨਜ਼ਾਕਤ ਨੂੰ ਸਮਝਦਿਆਂ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਪਹਿਲੇ ਗੁਰੂ ਸਾਹਿਬਾਨ ਦੇ ਦਿੱਤੇ ਸੰਤ ਅਤੇ ਸਿਪਾਹੀ, ਮੀਰੀ ਅਤੇ ਪੀਰੀ ਦੇ ਸਿਧਾਂਤ ਨੂੰ ਅਮਲੀ ਰੂਪ ਦਿੰਦਿਆਂ ਗੁਰਿਆਈ ਸਮੇਂ ਹੀ ਦੋ ਤਲਵਾਰਾਂ (ਮੀਰੀ ਅਤੇ ਪੀਰੀ) ਪਹਿਨ ਕੇ ਹਕੂਮਤ ਨੂੰ ਉਨ੍ਹਾਂ ਦੀ ਬੋਲੀ ਵਿਚ ਹੀ ਜਵਾਬ ਦੇਣ ਲਈ ਕਮਰਕੱਸੇ ਕਰਕੇ ਇਕ ਤਖ਼ਤ (ਥੜ੍ਹੇ) ਦੀ ਉਸਾਰੀ ਕਰਾ ਕੇ ਉਸ ਉੱਪਰ ਸੁਭਾਇਮਾਨ ਹੋਏ। ਇਸ ਥੜ੍ਹੇ ਦਾ ਨਾਂਅ ਰੱਖਿਆ ਗਿਆ ਸ੍ਰੀ ਅਕਾਲ ਤਖ਼ਤ ਸਾਹਿਬ। ਉਸ ਨੂੰ ਦੂਜੇ ਅਰਥਾਂ ਵਿਚ ਦੁਨਿਆਵੀ ਤਖ਼ਤਾਂ ਦੇ ਮੁਕਾਬਲੇ ਲੋਕ ਸ਼ਕਤੀ ਦਾ ਪ੍ਰਤੀਕ ਅਤੇ ਧਾਰਮਿਕ ਅਕੀਦਿਆਂ ਦੀ ਸੁਤੰਤਰਤਾ ਦਾ ਪ੍ਰਤੀਕ ਤਖ਼ਤ ਸਮਝਿਆ ਗਿਆ ਹੈ। ਬਾਬਾ ਬੁੱਢਾ ਜੀ ਨੇ ਗੁਰੂ ਜੀ ਨੂੰ ਗੁਰਿਆਈ ਦਾ ਤਿਲਕ ਲਗਾਇਆ। ਭਾਈ ਗੁਰਦਾਸ ਜੀ ਇਸ ਪ੍ਰਸੰਗ ਨੂੰ ਆਪਣੀਆਂ ਵਾਰਾਂ ਵਿਚ ਇਸ ਪ੍ਰਕਾਰ ਅੰਕਿਤ ਕਰਦੇ ਹਨ–

ਪੰਜ ਪਿਆਲੇ ਪੰਜ ਪੀਰ ਛਠਮੁ ਪੀਰੁ ਬੈਠਾ ਗੁਰੁ ਭਾਰੀ।
ਅਰਜਨ ਕਾਇਆ ਪਲਟਿਕੈ ਮੂਰਤਿ ਹਰਿਗੋਬਿੰਦ ਸਵਾਰੀ।
ਚਲੀ ਪੀੜੀ ਸੋਢੀਆ ਰੂਪੁ ਦਿਖਾਵਣਿ ਵਾਰੋ ਵਾਰੀ।
ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ।

ਗੁਰਿਆਈ ਰਸਮ ਤੋਂ ਬਾਅਦ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਤਖ਼ਤ ਉੱਪਰ ਬੈਠ ਕੇ ਸਭ ਤੋਂ ਪਹਿਲਾਂ ਇਹ ਐਲਾਨ ਕੀਤਾ ਕਿ ਜੋ ਵੀ ਸਾਡੇ ਦਰਸ਼ਨਾਂ ਨੂੰ ਆਵੇ, ਉਹ ਹਥਿਆਰਬੰਦ ਅਤੇ ਘੋੜ-ਸਵਾਰ ਹੋ ਕੇ ਆਵੇ। ਉਸ ਸਮੇਂ ਗੁਰੂ ਹਰਿਗੋਬਿੰਦ ਸਾਹਿਬ ਦਾ ਸ਼ਸਤਰਧਾਰੀ ਹੋਣਾ ਵੱਡੇ-ਵੱਡੇ ਪ੍ਰਸ਼ਨ ਖੜ੍ਹੇ ਕਰਦਾ ਹੈ ਕਿ ਐਸੀ ਕੀ ਲੋੜ ਪੈ ਗਈ ਕਿ ਗੁਰੂ ਜੀ ਨੂੰ ਸ਼ਸਤਰ ਧਾਰਨ ਕਰਨੇ ਪਏ ? ਇਸ ਦਾ ਅਸਲ ਕਾਰਨ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਅਤੇ ਹਕੂਮਤ ਵੱਲੋਂ ਕੀਤੀਆਂ ਬਦਸਲੂਕੀਆਂ ਹੀ ਸਨ। ਜ਼ੁਲਮ ਦੇ ਖ਼ਿਲਾਫ ਸ਼ਸਤਰ ਚੁੱਕਣਾ ਸਿੱਖ ਧਰਮ ਦਾ ਸਿਧਾਂਤ ਹੈ, ਜਿਸ ਬਾਰੇ ਦਸਮ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਦੇ ਬਚਨ ਹਨ–

ਚੁ ਕਾਰ ਅਜ਼ ਹਮਾ
ਹੀਲਤੇ ਦਰਿ ਗੁਜਸ਼ਤ ॥
ਹਲਾਲ ਅਸਤੁ ਬੁਰਦਨ
ਬ ਸ਼ਮਸ਼ੀਰ ਦਸਤ ॥

ਜਦੋਂ ਸਾਰੇ ਹੀਲੇ-ਵਸੀਲੇ ਮੁੱਕ ਜਾਣ ਤਾਂ ਹਥਿਆਰ ਚੁੱਕ ਲੈਣਾ ਚਾਹੀਦਾ ਹੈ। ਇਸ ਦੇ ਨਾਲ ਹੀ ਸਿੱਖ ਨੂੰ ਹਦਾਇਤ ਵੀ ਹੈ ਕਿ ਉਸ ਨੇ ਹਥਿਆਰ ਚੁੱਕ ਕੇ ਕਿਸੇ ਗਰੀਬ ਅਤੇ ਕਮਜ਼ੋਰ ਉੱਤੇ ਜ਼ੁਲਮ ਨਹੀਂ ਕਰਨਾ, ਸਗੋਂ ਜ਼ੁਲਮ ਦੇ ਖਿਲਾਫ ਲੜਦੇ ਹੋਏ ਜੂਝ ਕੇ ਮਰਨਾ ਹੈ। ਸਿੱਖ ਧਰਮ ਦੇ ਇਸ ਸਿਧਾਂਤ ਨੇ ਜਿਥੇ ਸਮਾਜ ਦੀ ਗਿਰ ਚੁੱਕੀ ਮਾਨਸਿਕਤਾ ਨੂੰ ਬਲਵਾਨ ਕੀਤਾ, ਉਥੇ ਉਨ੍ਹਾਂ ਨੂੰ ਆਪਣੀ ਰੱਖਿਆ ਦੇ ਨਾਲ-ਨਾਲ ਆਪਣੇ ਪਰਿਵਾਰ ਅਤੇ ਕੌਮ ਦੀ ਰੱਖਿਆ ਕਰਨ ਲਈ ਵੀ ਆਸ਼ਵਸਤ ਕਰ ਦਿੱਤਾ। ਛੇਵੇਂ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੁਗਲਾਂ ਦੇ ਵਧ ਰਹੇ ਅੱਤਿਆਚਾਰ ਵਿਰੁੱਧ ਸਮਾਜ ਦੀ ਆਵਾਜ਼ ਨੂੰ ਬੁਲੰਦ ਕਰਨ ਲਈ ਸ਼ਸਤਰ ਧਾਰਨ ਕਰਕੇ ਸਮਾਜ ਨੂੰ ਆਤਮ-ਰੱਖਿਆ ਲਈ ਤਿਆਰ ਕੀਤਾ, ਉਥੇ ਉਨ੍ਹਾਂ ਅੰਦਰ ਰਾਜਸੀ ਬਿਰਤੀ ਦਾ ਨਿਰੂਪਣ ਕਰਦਿਆਂ ਇਹ ਅਹਿਸਾਸ ਕਰਾ ਦਿੱਤਾ ਕਿ ਸਮਾਜ ਅੰਦਰ ਆਪਣੀ ਪ੍ਰਭੂਸੱਤਾ ਮੰਨਵਾ ਕੇ ਉਸ ਨੂੰ ਕਾਇਮ ਰੱਖਣ ਖ਼ਾਤਰ ਸ਼ਸਤਰ ਜ਼ਰੂਰੀ ਹਨ। ਭਾਈ ਸੰਤੋਖ ਸਿੰਘ ਨੇ ਸ੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ ਅੰਦਰ ਸ਼ਸਤਰਾਂ ਦੀ ਮਹੱਤਤਾ ਇਸ ਤਰ੍ਹਾਂ ਦੱਸੀ ਹੈ–

ਸ਼ਸਤ੍ਰਨਿ ਕੇ ਅਧੀਨ ਹੈ ਰਾਜ।
ਜੋ ਨ ਧਰਹਿ ਤਿਸ ਬਿਗਰਹਿ ਕਾਜ।
ਯਾਂ ਤੇ ਸਰਬ ਖਾਲਸਾ ਸੁਨੀਅਹਿ।
ਆਯੁਧ ਧਰਿਬੇ ਉੱਤਮ ਗੁਨੀਅਹਿ।
ਜਬਿ ਹਮਰੇ ਦਰਸ਼ਨ ਕੋ ਆਵਹੁ।
ਬਨਿ ਸੁਚੇਤ ਤਨ ਸ਼ਸਤ੍ਰ ਸਜਾਵਹੁ।
ਕਮਰ ਕਸਾ ਕਰਿ ਦੇਹੁ ਦਿਖਾਈ।
ਹਮਰੀ ਖੁਸ਼ੀ ਹੋਇ ਅਧਿਕਾਈ।
ਕੇਸ ਸ਼ਸਤ੍ਰ ਜਬਿ ਦੋਨਹੁ ਧਾਰੇ।
ਤਬਿ ਨਰੁ ਰੂਪ ਹੋਤਿ ਹੈ ਸਾਰੇ।
ਸਿੰਘ ਰੂਪ ਸ਼ਸਤ੍ਰਨ ਜੁਤਿ ਹੇਰੈਂ।
ਹਿਤ ਗੁਰੂ ਕੀ ਖੁਸ਼ੀ ਬਡੇਰੈ।


ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਸ਼ਸਤਰਧਾਰੀ ਹੋਣਾ ਸਮੇਂ ਦੀ ਲੋੜ ਵੀ ਸੀ। ਹਕੂਮਤ ਨੂੰ ਉਨ੍ਹਾਂ ਦੀ ਬੋਲੀ ਵਿਚ ਹੀ ਜਵਾਬ ਦੇਣ ਲਈ ਗੁਰੂ ਜੀ ਨੇ ਸਿੰਘਾਂ ਨੂੰ ਤਿਆਰ-ਬਰ-ਤਿਆਰ (ਘੋੜ ਅਸਵਾਰ ਅਤੇ ਸ਼ਸਤਰਧਾਰੀ) ਹੋਣ ਲਈ ਕਿਹਾ, ਕਿਉਂਕਿ ਸ਼ਸਤਰ ਮਨੁੱਖ ਦਾ ਉਹ ਮਿੱਤਰ ਹੈ, ਜਿਸ ਨਾਲ ਹਰ ਵਕਤ ਉਹ ਸਮਾਜ ਦੀ ਅਤੇ ਆਪਣੀ ਹਿਫ਼ਾਜ਼ਤ ਕਰ ਸਕਦਾ ਹੈ। ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਮਹਿਮੂਦ ਗਜ਼ਨਵੀ ਵਰਗੇ ਧਾੜਵੀ ਕੇਵਲ 30 ਹਜ਼ਾਰ ਦੀ ਫ਼ੌਜ ਨਾਲ ਸੋਮਨਾਥ ਦੇ ਮੰਦਿਰ ਨੂੰ ਲੁੱਟ ਕੇ ਲੈ ਗਏ, ਜਦੋਂ ਕਿ ਸੋਮਨਾਥ ਮੰਦਿਰ ਦੇ ਅਧੀਨ ਉਸ ਵੇਲੇ 30 ਹਜ਼ਾਰ ਪਿੰਡ ਪੈਂਦੇ ਸਨ। ਜੇ ਉਹ ਲੋਕ ਚਾਹੁੰਦੇ ਤਾਂ ਇਕ ਪਿੰਡ ਨੂੰ ਕੇਵਲ ਇਕ ਹੀ ਸਿਪਾਹੀ ਆਉਂਦਾ, ਜਿਸ ਨਾਲ ਉਹ ਉਨ੍ਹਾਂ ਹਮਲਾਵਰਾਂ ਦਾ ਮਲੀਆਮੇਟ ਵੀ ਕਰ ਸਕਦੇ ਸਨ ਪਰ ਐਸਾ ਨਹੀਂ ਹੋਇਆ, ਕਿਉਂਕਿ ਉਨ੍ਹਾਂ ਦੀ ਮਾਨਸਿਕਤਾ ਇੰਨੀ ਗਿਰ ਚੁੱਕੀ ਸੀ ਕਿ ਉਹ ਡਰ ਦੇ ਮਾਰੇ ਘਰਾਂ ਵਿਚ ਹੀ ਜਾ ਲੁਕੇ। ਇਸੇ ਤਰ੍ਹਾਂ ਬੰਗਾਲ ਵਿਚ ਸੈਨ ਰਾਜੇ ਨੂੰ ਬਖ਼ਤਿਆਰ ਖ਼ਿਲਜੀ ਦੇ ਕੇਵਲ ਸਤਾਰਾਂ (17) ਸਿਪਾਹੀਆਂ ਨੇ ਤਖ਼ਤ ਤੋਂ ਲਾਹ ਕੇ ਇਸਲਾਮੀ ਰਾਜ ਕਾਇਮ ਕਰ ਦਿੱਤਾ ਸੀ। ਇਹ ਹਿੰਦੂ ਮੱਤ ਦੇ ਵਰਣ ਵੰਡ ਦਾ ਹੀ ਨਤੀਜਾ ਸੀ, ਜੋ ਭਾਰਤੀ ਲੋਕਾਂ ਨੂੰ ਕਈ ਸਦੀਆਂ ਤੱਕ ਝੱਲਣਾ ਪਿਆ। ਗੁਰੂ ਸਾਹਿਬ ਜੀ ਭਾਰਤੀ ਸਮਾਜ ਨੂੰ ਇਸ ਹੀਣ ਭਾਵਨਾ ਵਿਚੋਂ ਕੱਢਣਾ ਚਾਹੁੰਦੇ ਸਨ। ਇਸੇ ਲਈ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਚਾਰ ਯੁੱਧ ਲੜਨੇ ਪਏ। ਇਨ੍ਹਾਂ ਯੁੱਧਾਂ ਵਿਚ ਗੁਰੂ ਜੀ ਵੱਲੋਂ ਲੜਨ ਵਾਲੇ ਯੋਧੇ ਵੀ ਇਹੋ ਹੀ ਸਨ, ਜੋ ਸਦੀਆਂ ਤੋਂ ਮੁਗਲਾਂ ਦੀ ਗੁਲਾਮੀ ਕਰਦੇ ਆ ਰਹੇ ਸਨ। ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸ਼ਸਤਰ ਦੇ ਨਾਲ ਉਨ੍ਹਾਂ ਦੇ ਗਲੇ ਦੀਆਂ ਜੰਜ਼ੀਰਾਂ (ਗੁਲਾਮੀ) ਨੂੰ ਖੋਲ੍ਹ ਦਿੱਤਾ।

–ਰਿਸਰਚ ਸਕਾਲਰ, ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ।
ਮੋਬਾ: 98156-62956

ਅਜੋਕੇ ਸਮੇਂ ਵਿੱਚ ਬਾਬਾ ਫ਼ਰੀਦ ਬਾਣੀ ਦੀ ਪ੍ਰਸੰਗਿਕਤਾ

> "ਫ਼ਰੀਦ ਜੀ ਅਨੁਸਾਰ ਕਿਸ ਸੂਝਵਾਨ ਦੁਆਰਾ ਕੋਈ ਰਾਇ ਦਿੱਤੀ ਜਾਣੀ ਤਦ ਹੀ ਮਾਨਤਾ ਹਾਸਲ ਕਰਦੀ ਹੈ ਜੇਕਰ ਉਸ ਦਾ ਆਪਣਾ ਦਾਮਨ ਲਾਗ ਰਹਿਤ ਹੋਵੇ। ਉਸ ਦੀ ਬੋਲਬਾਣੀ ਬੁੱਧੀਮਤਾ ਵਾਲੀ ਹੋਵੇ। ਉਹ ਬੁਰੇ ਕਰਮ ਕਰਨ ਵਾਲਾ ਨਾ ਹੋਵੇ। ਸਭ ਤੋਂ ਵੱਡੀ ਗੱਲ ਕਿ ਵਿਅਕਤੀ ਸਵੈ ਦੀ ਪੜਚੋਲ ਕਰਨ ਵਾਲਾ ਹੋਵੇ। ਵਿਸ਼ੇਸ਼ ਕਰਕੇ ਆਪਣੇ ਔਗੁਣਾ ਜਾਂ ਆਪਣੇ ਦੁਆਰਾ ਕੀਤੇ ਜਾਣ ਵਾਲੇ ਨਾਕਾਰਾਤਮਕ ਕਾਰਜਾਂ ਨੂੰ ਤਾਂ ਅਸੀਂ ਕਿਸੇ ਵੀ ਕੀਮਤ 'ਤੇ ਮੰਨਣਾ ਹੀ ਨਹੀਂ ਜਾਣਦੇ ਹਾਂ।"

• ਗੁਰਦੀਪ ਸਿੰਘ ਢੁੱਡੀ



ਕਿਸੇ ਵੀ ਕਲਾਤਮਿਕ ਕ੍ਰਿਤ ਦਾ ਮੁੱਲ ਸਮੇਂ ਦੀ ਤੋਰ ਨਾਲ ਆਂਕਿਆ ਜਾਂਦਾ ਹੈ। ਜੇ ਇਹ ਸਮੇਂ ਦੀ ਤੋਰ ਨਾਲ ਧੂੜ ਵਿੱਚ ਦਬ ਜਾਵੇ ਅਤੇ ਇਹ ਕੇਵਲ ਇਤਿਹਾਸਕ/ਕਲਾਤਮਿਕ ਦਸਤਾਵੇਜ਼ ਤੱਕ ਹੀ ਸਿਮਟ ਕੇ ਰਹਿ ਜਾਵੇ ਤਾਂ ਇਹ ਆਖਿਆ ਜਾਂਦਾ ਹੈ ਕਿ ਇਹ ਕ੍ਰਿਤ ਸਮਾਂ ਸੀਮਾ ਵਿੱਚ ਹੀ ਬੱਝੀ ਹੋਈ ਸੀ। ਇਸ ਦੀ ਪ੍ਰਸੰਗਿਕਤਾ ਕੇਵਲ ਉਸ ਸਮੇਂ ਤੱਕ ਹੀ ਬਣਦੀ ਸੀ ਪਰ ਜੇ ਬਾਅਦ ਵਿੱਚ ਹਰ ਸਮੇਂ ਇਸ ਕ੍ਰਿਤ ਨੂੰ ਹਵਾਲੇ ਦੇ ਦੇ ਕੇ ਵਰਤਿਆ ਜਾਵੇ ਤਾਂ ਇਸ ਦਾ ਮੁੱਲ ਸਥਾਈ ਹੁੰਦਾ ਹੈ। 12ਵੀਂ/13ਵੀਂ ਸਦੀ ਵਿੱਚ ਇਸ ਧਰਤੀ ਤੇ ਆ ਕੇ ਪੰਜਾਬੀ ਭਾਸ਼ਾ ਵਿੱਚ ਆਦਿ ਕਵੀ ਦਾ ਮਾਣ ਹਾਸਲ ਕਰਨ ਵਾਲੇ ਕਵੀ ਤੇ ਚਿੰਤਕ ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਪਹਿਲੀ ਵੱਡੀ ਮਾਨਤਾ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਆਦਿ ਗ੍ਰੰਥ ਦੀ ਸੰਪਾਦਨਾ ਵੇਲੇ ਫ਼ਰੀਦ ਜੀ ਦੀ ਬਾਣੀ ਨੂੰ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਕਰਕੇ ਦਿੱਤੀ। ਉਸ ਤੋਂ ਬਾਅਦ ਜਦੋਂ ਵੀ ਪੰਜਾਬੀ ਵਿੱਚ ਪੰਜਾਬੀ ਸਾਹਿਤ ਦੀ ਗੱਲ ਤੁਰੀ ਤਾਂ ਵਿਦਵਾਨਾਂ ਨੇ ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਬੜੇ ਅਦਬ ਨਾਲ ਵਿਚਾਰਿਆ ਅਤੇ ਇਸ ਨੂੰ ਪੰਜਾਬੀ ਦੇ ਆਦਿ-ਕਾਵਿ ਦੇ ਨਾਲ ਨਾਲ ਮਹਾਨ ਰਚਨਾ ਦਾ ਦਰਜਾ ਦਿੱਤਾ। ਇਸ ਤੋਂ ਵੀ ਅੱਗੇ ਪੰਜਾਬੀ ਚਿੰਤਨ ਦੀ ਜਦੋਂ ਵੀ ਗੱਲ ਤੁਰੀ ਹੈ ਤਾਂ ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਅਕਸਰ ਹੀ ਹਵਾਲਿਆਂ ਵਜੋਂ ਵਰਤਿਆ ਗਿਆ ਹੈ। ਉਂਜ ਜੇ ਅਸੀਂ ਗੁਰੂ ਗ੍ਰੰਥ ਸਾਹਿਬ ਵਿੱਚ ਬਾਬਾ ਫ਼ਰੀਦ ਦੀ ਬਾਣੀ ਵਿੱਚ ਆਏ ਗੁਰੂ ਸਾਹਿਬਾਨ ਦੇ ਸ਼ਲੋਕਾਂ ਅਤੇ ਬਾਅਦ ਵਿੱਚ ਵਿਆਖਿਆ ਕਰਦੇ ਸ਼ਬਦਾਂ ਦੀ ਗੱਲ ਕਰੀਏ ਤਾਂ ਗੁਰੂ ਸਾਹਿਬਾਨ ਦੁਆਰਾ ਲੋੜ ਪੈਣ 'ਤੇ ਬਾਬਾ ਫ਼ਰੀਦ ਦੀ ਬਾਣੀ ਦੀ ਵਿਆਖਿਆ ਕਰਨ ਜਾਂ ਫਿਰ ਗੱਲ ਨੂੰ ਹੋਰ ਸਪਸ਼ਟ ਕਰਨ ਜਾਂ ਫਿਰ ਵਿਚਾਰਾਂ ਵਿੱਚ ਕੁੱਝ ਤਬਦੀਲੀ ਦਾ ਦਰਸਾਇਆ ਜਾਣਾ ਵੀ ਆਪਣੇ-ਆਪ ਵਿੱਚ ਮਹਾਨ ਹੈ। ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਅਜੋਕੇ ਸਮੇਂ ਵਿੱਚ ਵੀ ਓਨੀ ਹੀ ਮਾਨਤਾ ਮਿਲਦੀ ਹੈ। ਬੜੇ ਵਾਰੀ ਕਿਸੇ ਵਿਆਖਿਆ ਨੂੰ ਹੋਰ ਸਪਸ਼ਟ ਕਰਨ ਲਈ ਜਾਂ ਫਿਰ ਪ੍ਰਸੰਗਿਕ ਬਣਾਉਣ ਲਈ ਹੋਰਨਾਂ ਵੱਡੇ ਵਿਦਵਾਨਾਂ ਅਤੇ ਚਿੰਤਕਾਂ ਵਾਂਗ ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਅੱਜ ਵੀ ਹਵਾਲਿਆਂ ਵਜੋਂ ਵਰਤਿਆ ਜਾਂਦਾ ਹੈ। ਬਾਬਾ ਫ਼ਰੀਦ ਜੀ ਨੇ ਬੁੱਧੀਮਾਨ ਵਿਅਕਤੀ ਨੂੰ ਪਰਿਭਾਸ਼ਤ ਕਰਦਿਆਂ ਉਸ ਦਾ ਵਿਸ਼ੇਸ਼ ਤਰ੍ਹਾਂ ਦਾ ਚਰਿੱਤਰ ਪੇਸ਼ ਕੀਤਾ ਹੈ। ਫ਼ਰੀਦ ਜੀ ਅਨੁਸਾਰ ਕਿਸ ਸੂਝਵਾਨ ਦੁਆਰਾ ਕੋਈ ਰਾਇ ਦਿੱਤੀ ਜਾਣੀ ਤਦ ਹੀ ਮਾਨਤਾ ਹਾਸਲ ਕਰਦੀ ਹੈ ਜੇਕਰ ਉਸ ਦਾ ਆਪਣਾ ਦਾਮਨ ਲਾਗ ਰਹਿਤ ਹੋਵੇ। ਉਸ ਦੀ ਬੋਲਬਾਣੀ ਬੁੱਧੀਮਤਾ ਵਾਲੀ ਹੋਵੇ। ਉਹ ਬੁਰੇ ਕਰਮ ਕਰਨ ਵਾਲਾ ਨਾ ਹੋਵੇ। ਸਭ ਤੋਂ ਵੱਡੀ ਗੱਲ ਕਿ ਵਿਅਕਤੀ ਸਵੈ ਦੀ ਪੜਚੋਲ ਕਰਨ ਵਾਲਾ ਹੋਵੇ। ਵਿਸ਼ੇਸ਼ ਕਰਕੇ ਆਪਣੇ ਔਗੁਣਾ ਜਾਂ ਆਪਣੇ ਦੁਆਰਾ ਕੀਤੇ ਜਾਣ ਵਾਲੇ ਨਾਕਾਰਾਤਮਕ ਕਾਰਜਾਂ ਨੂੰ ਤਾਂ ਅਸੀਂ ਕਿਸੇ ਵੀ ਕੀਮਤ 'ਤੇ ਮੰਨਣਾ ਹੀ ਨਹੀਂ ਜਾਣਦੇ ਹਾਂ। ਵਰਤਮਾਨ ਸਮੇਂ ਜਦੋਂ ਸਮਾਜਕ ਤੌਰ 'ਤੇ ਵਿਅਕਤੀਗਤ ਵਿਗਾੜ ਸਮੂਹਿਕ ਵਿੱਚ ਪਰਿਵਤਤ ਹੋ ਰਹੇ ਹਨ ਤਾਂ ਸਾਨੂੰ ਅਜਿਹੇ ਵਿਚਾਰਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਚੁਫ਼ੇਰੇ ਨਜ਼ਰ ਮਾਰਿਆਂ ਅੱਜ ਮਨੁੱਖ ਵਿੱਚ ਅੰਤਾਂ ਦੀ ਭਟਕਣ ਦਾ ਅਹਿਸਾਸ ਹੁੰਦਾ ਹੈ। ਸਾਡੇ ਮਹਾਂਪੁਰਸ਼ਾਂ ਨੇ ਸਾਨੂੰ ਰੂਹਾਨੀ ਤ੍ਰਿਪਤੀ ਵਾਸਤੇ ਦਿੱਤੇ ਦਿਸ਼ਾ ਨਿਰਦੇਸ਼ਾਂ ਤੋਂ ਅਸੀਂ ਪੂਰੀ ਤਰ੍ਹਾਂ ਦੂਰ ਹੋ ਕੇ ਆਤਮਾ ਦੀ ਤਸੱਲੀ ਵਾਸਤੇ ਅਜਿਹੇ ਰਾਹ ਅਖ਼ਤਿਆਰ ਕਰ ਰਹੇ ਹਾਂ ਜਿਹੜੇ ਥੋੜ੍ਹਾ ਜਿਹਾ ਸਮਾਂ ਪਾ ਕੇ ਸਾਡੇ ਲਈ ਉਲਟੀਆਂ ਮੁਸੀਬਤਾਂ ਪੈਦਾ ਕਰ ਦਿੰਦੇ ਹਨ। ਉਲਟਾ ਇਹ ਇੱਕ ਬੁਰਾਈ ਦੇ ਪ੍ਰਤੀਕ ਬਣ ਕੇ ਮਿਲ ਰਹੇ ਹਨ। ਭੇਖਵਾਦ ਅੱਜ ਦਾ ਗਹਿਰ ਗੰਭੀਰ ਮਸਲਾ ਹੈ। ਅੱਜ ਦੇ ਕੇਵਲ ਸਮਾਜਕ ਕਾਰਜਾਂ ਵਿੱਚ ਹੀ ਨਹੀਂ ਸਗੋਂ ਆਰਥਿਕ ਮਸਲਿਆਂ ਵਿੱਚ ਵੀ ਵਿਖਾਵੇ ਨੇ ਬੜਾ ਵੱਡਾ ਸਥਾਨ ਮੱਲ ਲਿਆ ਹੈ। ਦੁਨੀਆਂ ਭਰ ਦੀ ਗੱਲ ਜੇਕਰ ਨਾ ਵੀ ਕੀਤੀ ਜਾਵੇ ਤਾਂ ਪੰਜਾਬ ਵਿਚ ਅਜਿਹੇ ਵਿਖਾਵੇ ਕਾਰਨ ਹੋਣ ਵਾਲੇ ਅੰਤਾਂ ਦੇ ਨੁਕਸਾਨ ਨੂੰ ਅਨੁਭਵ ਕੀਤਾ ਜਾ ਸਕਦਾ ਹੈ। ਅਸਲ ਵਿਚ ਸਾਡੇ ਅੰਦਰ ਕੁੱਝ ਹੋਰ ਹੁੰਦਾ ਹੈ ਜਦੋਂ ਕਿ ਬਾਹਰੋਂ ਅਸੀਂ ਕੁੱਝ ਹੋਰ ਵਿਖਾਵਾ ਕਰਦੇ ਹਾਂ। ਇਸ ਸਬੰਧੀ ਬਾਬਾ ਫ਼ਰੀਦ ਜੀ ਕਹਿੰਦੇ ਹਨ:

ਫ਼ਰੀਦਾ ਕੰਨਿ ਮੁਸਲਾ ਸੂਫ ਗਲਿ ਦਿਲ ਕਾਤੀ ਗੁੜ ਵਾਤਿ।
ਬਾਹਰਿ ਦਿਸੈ ਚਾਨਣਾ ਦਿਲ ਅਧਿਆਰੀ ਰਾਤਿ।

ਅਸੀਂ ਬੜੀ ਵੱਡੀ ਉਕਾਈ ਕਰ ਰਹੇ ਹਾਂ। ਗਹੁ ਨਾਲ ਵੇਖਿਆ ਜਾਵੇ ਤਾਂ ਸਾਡਾ ਕਾਰਜ ਕਿਸੇ ਹੋਰ ਦਿਸ਼ਾ ਨੂੰ ਸੇਧਿਤ ਹੁੰਦਾ ਹੈ ਜਦੋਂਕਿ ਚਾਹਤ ਅਸੀਂ ਕੋਈ ਹੋਰ ਰੱਖ ਰਹੇ ਹੁੰਦੇ ਹਾਂ। ਅਸਲ ਵਿੱਚ ਸਾਡੇ ਦੁਆਰਾ ਕੀਤੇ ਗਏ ਕੰਮਾਂ ਨਾਲ ਸਾਡੇ ਵਿਅਕਤੀਤਵ ਦੀ ਪਛਾਣ ਹੋਣੀ ਹੁੰਦੀ ਹੈ। ਬਾਬਾ ਫ਼ਰੀਦ ਜੀ ਨੇ ਆਪਣੀ ਬਾਣੀ ਵਿੱਚ ਉਚਰਿਆ ਸੀ:

ਫ਼ਰੀਦਾ ਲੋੜੈ ਦਾਖ ਬਿਜਉਰੀਆ ਕਿਕਰਿ ਬੀਜੈ ਜਟੁ।
ਹੰਢੈ ਉਨ ਕਤਾਇਦਾ ਪੈਧਾ ਲੋੜੈ ਪਟੁ।

ਮਨੁੱਖ ਨੂੰ ਉਸ ਦੇ ਕੀਤੇ ਹੋਏ ਕੰਮਾਂ ਦਾ ਫਲ ਮਿਲਣਾ ਹੀ ਹੈ। ਕੋਈ ਫ਼ਾਇਦਾ ਜਾਂ ਨੁਕਸਾਨ ਥੋੜ੍ਹਚਿਰਾ ਤਾਂ ਸਾਡੇ ਵਾਸਤੇ ਲੁਭਾਵਣਾ ਜਾਂ ਰੁਆਵਣਾ ਹੋ ਸਕਦਾ ਹੈ ਪਰ ਇਹ ਚਿਰਸਥਾਈ ਨਹੀਂ ਹੋ ਸਕਦਾ। ਇਸੇ ਨੂੰ ਬਾਬਾ ਫ਼ਰੀਦ ਜੀ ਆਪਣੇ ਕਥਨ ਵਿੱਚ ਕੁੱਝ ਇਸ ਤਰ੍ਹਾਂ ਬਿਆਨਦੇ ਹਨ:

ਫ਼ਰੀਦਾ ਦਰਿ ਦਰਵਾਜੈ ਜਾਇ ਕੈ ਕਿਉ ਡਿਠਾ ਘੜੀਆਲ।
ਏਹੁ ਨਿਦੋਸਾ ਮਾਰੀਐ ਹਮ ਦੋਸਾ ਦਾ ਕਿਆ ਹਾਲ।

ਸਾਡੇ ਵਾਸਤੇ ਇਹ ਮਾਣ ਵਾਲੀ ਗੱਲ ਹੈ ਕਿ ਬਾਬਾ ਫ਼ਰੀਦ ਜੀ ਨੇ ਪੰਜਾਬੀ ਵਿੱਚ ਅਜਿਹੇ ਵਿਚਾਰਾਂ ਨੂੰ ਵਿਅਕਤ ਕੀਤਾ ਜਿਹੜੇ ਵਿਚਾਰ ਸਦੀਵੀ ਸਾਡਾ ਮਾਰਗ ਦਰਸ਼ਨ ਕਰਦੇ ਰਹਿਣਗੇ। ਇਸ ਤੋਂ ਵੀ ਵਧਕੇ ਇਹ ਹੈ ਕਿ ਬਾਬਾ ਫ਼ਰੀਦ ਜੀ ਦੀ ਬਾਣੀ ਨੂੰ ਆਦਿ-ਕਾਵਿ ਦਾ ਦਰਜਾ ਹਾਸਲ ਹੈ। ਬਾਬਾ ਫ਼ਰੀਦ ਜੀ ਦੁਆਰਾ ਲਿਖੀ ਬਾਣੀ ਦੀ ਭਾਸ਼ਾ ਸਾਡੀ ਅਜੋਕੀ ਭਾਸ਼ਾ ਦੇ ਬਹੁਤ ਹੀ ਕਰੀਬ ਹੈ। ਇਸ ਬਾਣੀ ਦੀ ਅੱਜ ਦੇ ਪ੍ਰਸੰਗ ਵਿੱਚ ਹੋਰ ਵੀ ਮਹੱਤਤਾ ਹੈ ਜਦੋਂ ਅਸੀਂ ਸਾਡੀਆਂ ਅੱਜ ਦੀਆਂ ਊਣਤਾਈਆਂ ਜਾਂ ਪ੍ਰਾਪਤੀਆਂ ਨੂੰ ਨਿਹਾਰਦੇ ਹੋਏ ਕੁੱਝ ਚੰਗੇਰਾ ਕਰਨ ਜਾਂ ਫਿਰ ਹੋਰ ਚੰਗੇਰਾ ਕਰਨ ਬਾਰੇ ਸੋਚਦੇ ਹਾਂ ਤਾਂ ਬਾਬਾ ਫ਼ਰੀਦ ਜੀ ਦੀ ਬਾਣੀ ਸਾਡੇ ਵਾਸਤੇ ਰਾਹ-ਦਸੇਰੇ ਦਾ ਕਾਰਜ ਕਰਦੀ ਹੈ।

ਸੰਪਰਕ: 95010-20731

ਜਦੋਂ ਦਰਬਾਰ ਸਾਹਿਬ ਦੇ ਗ੍ਰੰਥੀ ਭਗਤ ਸਿੰਘ ਨੇ ਵਾਇਸਰਾਇ ਹਿੰਦ ਨੂੰ ਤਾੜਿਆ



ਡਾ. ਗੁਰਦੇਵ ਸਿੰਘ ਸਿੱਧੂ

ਸਾਲ 1878 ਵਿੱਚ ਜਦੋਂ ਵਾਇਸਰਾਇ ਹਿੰਦ ਲਾਰਡ ਲਿਟਨ ਨੇ ਅੰਮ੍ਰਿਤਸਰ ਆਉਣਾ ਸੀ ਤਾਂ ਉਸ ਦੇ ਪ੍ਰੋਗਰਾਮ ਵਿੱਚ ਦਰਬਾਰ ਸਾਹਿਬ ਦੀ ਯਾਤਰਾ ਵੀ ਸ਼ਾਮਲ ਕੀਤੀ ਗਈ ਸੀ। ਦੌਰੇ ਲਈ 9 ਦਸੰਬਰ ਸੋਮਵਾਰ ਦਾ ਦਿਨ ਨਿਸ਼ਚਿਤ ਹੋਇਆ। ਉਨ੍ਹੀਂ ਦਿਨੀਂ ਦਰਬਾਰ ਸਾਹਿਬ ਦੇ ਇੰਤਜ਼ਾਮ ਦੀ ਜ਼ਿੰਮੇਵਾਰੀ ਕਮਿਸ਼ਨਰ ਅੰਮ੍ਰਿਤਸਰ ਮਿਸਟਰ ਐੱਚ.ਈ. ਪਰਕਿਨਜ਼ ਕੋਲ ਹੋਣ ਕਰਕੇ ਇਸ ਮਾਮਲੇ ਬਾਰੇ ਫੋਰਟ ਵਿਲੀਅਮ ਤੋਂ ਸਾਰੀ ਖਤੋ-ਕਿਤਾਬਤ ਉਸ ਨਾਲ ਹੀ ਹੋ ਰਹੀ ਸੀ।

ਵਾਇਸਰਾਇ ਦੇ ਮਿਲਟਰੀ ਸਕੱਤਰ ਕਰਨਲ ਬੇਕਰ ਨੇ ਮਿਸਟਰ ਪਰਕਿਨਜ਼ ਨੂੰ ਲਿਖਿਆ ਕਿ ਵਾਇਸਰਾਇ ਨਾਲ ਆ ਰਹੀਆਂ ਮਹਿਮਾਨ ਔਰਤਾਂ ਨੂੰ ਪੌੜੀਆਂ ਚੜ੍ਹਨੀਆਂ ਮੁਸ਼ਕਲ ਹੋਣਗੀਆਂ, ਇਸ ਲਈ ਉਨ੍ਹਾਂ ਦੀ ਸਹੂਲਤ ਲਈ ਕੁਰਸੀਆਂ ਤਿਆਰ ਰੱਖੀਆਂ ਜਾਣ ਤਾਂ ਜੋ ਕੁਰਸੀਆਂ ਵਿੱਚ ਬਿਠਾ ਕੇ ਮਹਿਮਾਨ ਔਰਤਾਂ ਨੂੰ ਹੇਠਾਂ ਜਾਂ ਉੱਤੇ ਲਿਜਾਇਆ ਜਾ ਸਕੇ। ਕਮਿਸ਼ਨਰ ਨੇ ਮਿਸਟਰ ਬੇਕਰ ਨੂੰ ਸੂਚਿਤ ਕੀਤਾ ਕਿ ਦਰਬਾਰ ਸਾਹਿਬ ਦੇ ਰਸਤੇ ਵਿੱਚ ਪੌੜੀਆਂ ਨਹੀਂ ਤੇ ਇਹ ਪੱਧਰਾ ਰਸਤਾ ਹੋਣ ਕਾਰਨ ਕੁਰਸੀਆਂ ਦੀ ਲੋੜ ਨਹੀਂ ਪਵੇਗੀ। ਮਿਸਟਰ ਪਰਕਿਨਜ਼ ਨੇ ਮਿਸਟਰ ਬੇਕਰ ਨੂੰ ਇਹ ਜਾਣਕਾਰੀ ਵੀ ਦਿੱਤੀ ਕਿ ਦਰਬਾਰ ਸਾਹਿਬ ਦੇ ਅੰਦਰ ਜਾਣ ਵੇਲੇ ਬੂਟ ਬਾਹਰ ਉਤਾਰਨੇ ਹੁੰਦੇ ਹਨ। ਉਸ ਸਮੇਂ ਅੰਮ੍ਰਿਤਸਰ ਦਾ ਡਿਪਟੀ ਕਮਿਸ਼ਨਰ ਮਿਸਟਰ ਜੇ. ਡੀ. ਟ੍ਰੇਮਲੈੱਟ ਸੀ। ਮੌਕੇ ਦਾ ਅਫ਼ਸਰ ਹੋਣ ਕਾਰਨ ਸਾਰੀ ਜਾਣਕਾਰੀ ਉਸ ਦੇ ਧਿਆਨ ਵਿੱਚ ਲਿਆਂਦੀ ਜਾ ਰਹੀ ਸੀ। ਉਸ ਨੇ ਦਰਬਾਰ ਸਾਹਿਬ ਦੀ ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਰਾਜਾ ਸੂਰਤ ਸਿੰਘ ਮਜੀਠੀਆ, ਸਰਦਾਰ ਅਜੀਤ ਸਿੰਘ ਤੇ ਸਰਬਰਾਹ ਮੰਗਲ ਸਿੰਘ ਨਾਲ ਵਿਚਾਰ ਕਰ ਕੇ ਫ਼ੈਸਲਾ ਲਿਆ ਕਿ ਜਿਸ ਤਰ੍ਹਾਂ ਦੇ ਪ੍ਰਬੰਧ ਪ੍ਰਿੰਸ ਆਫ ਵੇਲਜ਼ ਦੀ ਦਰਬਾਰ ਸਾਹਿਬ ਦੀ ਯਾਤਰਾ ਸਮੇਂ ਕੀਤੇ ਗਏ ਸਨ, ਹੁਣ ਵੀ ਉਸੇ ਵਿਧੀ ਵਿਧਾਨ ਦੀ ਪਾਲਣਾ ਕੀਤੀ ਜਾਵੇ।

9 ਦਸੰਬਰ 1878 ਨੂੰ ਵਾਇਸਰਾਇ ਦੇ ਦਰਬਾਰ ਸਾਹਿਬ ਜਾਣ ਸਮੇਂ ਪੰਜਾਬ ਦੇ ਲੈਫਟੀਨੈਂਟ ਗਵਰਨਰ ਤੋਂ ਲੈ ਕੇ ਡਿਪਟੀ ਕਮਿਸ਼ਨਰ ਤਕ ਛੋਟੇ ਵੱਡੇ ਅੰਗਰੇਜ਼ ਅਫ਼ਸਰਾਂ ਤੋਂ ਇਲਾਵਾ ਵਾਇਸਰਾਇ ਦੀ ਸਹੂਲਤ ਤੇ ਕਿਸੇ ਵੀ ਪੁੱਛ ਦਾ ਉੱਤਰ ਦੇਣ ਵਾਸਤੇ ਰਾਜਾ ਸੂਰਤ ਸਿੰਘ ਮਜੀਠੀਆ, ਸਰਦਾਰ ਅਜੀਤ ਸਿੰਘ ਤੇ ਸਰਬਰਾਹ ਮੰਗਲ ਸਿੰਘ ਨੂੰ ਵੀ ਨਾਲ ਰੱਖਿਆ ਗਿਆ ਸੀ। ਇਸ ਮੌਕੇ ਕੁਝ ਕੁ ਗ੍ਰੰਥੀਆਂ ਨੂੰ ਹੀ ਦਰਬਾਰ ਸਾਹਿਬ ਵਿੱਚ ਹਾਜ਼ਰ ਹੋਣ ਦੀ ਆਗਿਆ ਦਿੱਤੀ ਗਈ। ਭਾਈ ਫ਼ਤਿਹ ਸਿੰਘ ਗ੍ਰੰਥੀ ਹਾਜ਼ਰ ਸੇਵਾਦਾਰਾਂ ਵਿੱਚੋਂ ਇੱਕ ਸੀ। ਜਿਉਂ ਹੀ ਵਾਇਸਰਾਇ ਤੇ ਉਸ ਦੇ ਨਾਲ ਆਏ ਵਿਸ਼ੇਸ਼ ਵਿਅਕਤੀ ਤੇ ਹੋਰ ਅਮਲੇ ਫੈਲੇ ਦੇ ਮੈਂਬਰ ਦਰਸ਼ਨੀ ਡਿਉਢੀ ਪਹੁੰਚੇ ਤਾਂ ਉਨ੍ਹਾਂ ਦੇ ਪਹਿਨਣ ਵਾਸਤੇ ਕੱਪੜੇ ਦੀਆਂ ਜੁਰਾਬਾਂ ਨੁਮਾ ਬੂਟ ਪੇਸ਼ ਕੀਤੇ ਗਏ। ਵਾਇਸਰਾਇ ਨੇ ਆਪਣੇ ਬੂਟਾਂ ਉੱਪਰ ਇਹ ਜੁਰਾਬਾਂ ਚੜ੍ਹਾ ਲਈਆਂ, ਕੁਝ ਨੇ ਬੂਟ ਉਤਾਰ ਕੇ ਨੰਗੇ ਪੈਰਾਂ ਉੱਤੇ ਜੁਰਾਬਾਂ ਪਹਿਨੀਆਂ ਪਰ ਕੁਝ ਨੇ ਇਨ੍ਹਾਂ ਵਿੱਚੋਂ ਕੁਝ ਨਾ ਕੀਤਾ ਅਤੇ ਉਹ ਬੂਟਾਂ ਸਮੇਤ ਦਰਬਾਰ ਸਾਹਿਬ ਦੇ ਅੰਦਰ ਚਲੇ ਗਏ। ਕੁਰਸੀਆਂ ਦੀ ਲੋੜ ਨਾ ਹੋਣ ਬਾਰੇ ਦਿੱਤੀ ਗਈ ਸੂਚਨਾ ਅਫ਼ਸਰਾਂ ਦੇ ਪੱਧਰ ਉੱਤੇ ਆਪਸੀ ਤਾਲ ਮੇਲ ਦੀ ਘਾਟ ਕਾਰਨ ਡਿਪਟੀ ਕਮਿਸ਼ਨਰ ਕੋਲ ਨਾ ਪੁੱਜੀ। ਸਮਝਿਆ ਗਿਆ ਕਿ ਗੋਰੇ ਯਾਤਰੂਆਂ ਨੂੰ ਕੁਝ ਦੇਰ ਬੈਠ ਕੇ ਕੀਰਤਨ ਸੁਣਨ ਦੀ ਸਹੂਲਤ ਦੇਣ ਲਈ ਕੁਰਸੀਆਂ ਮੰਗਵਾਈਆਂ ਗਈਆਂ ਹਨ, ਸੋ ਕੁਰਸੀਆਂ ਵੀ ਦਰਬਾਰ ਸਾਹਿਬ ਦੇ ਅੰਦਰ ਪਿੱਛੇ ਕਰ ਕੇ ਲਗਵਾ ਦਿੱਤੀਆਂ ਗਈਆਂ।

ਗ੍ਰੰਥੀ ਭਗਤ ਸਿੰਘ ਨੂੰ ਵਾਇਸਰਾਇ ਲਾਰਡ ਡਲਹੌਜ਼ੀ ਦਾ ਹੁਕਮ ਯਾਦ ਸੀ, ਜਿਸ ਵਿੱਚ ਉਸ ਨੇ ਦਰਬਾਰ ਸਾਹਿਬ ਵਿੱਚ ਜੁੱਤੇ ਨਾ ਲਿਜਾਣ ਦੀ ਹਦਾਇਤ ਕੀਤੀ ਸੀ। ਇਸ ਲਈ ਪਰੰਪਰਾਵਾਂ ਦੀ ਅਜਿਹੀ ਉਲੰਘਣਾ ਉਸ ਤੋਂ ਸਹਿਣ ਨਾ ਹੋਈ। ਉਸ ਨੇ ਇੰਝ ਕਰਨ ਨੂੰ "ਅਹਿਦ ਸ਼ਿਕਨੀ" ਗਰਦਾਨਿਆ ਅਤੇ ਇਸ ਬਾਰੇ ਡਿਪਟੀ ਕਮਿਸ਼ਨਰ ਨੂੰ ਸ਼ਿਕਾਇਤ ਕੀਤੀ। ਡਿਪਟੀ ਕਮਿਸ਼ਨਰ ਦਾ ਧਿਆਨ ਵਾਇਸਰਾਇ ਵੱਲ ਕੇਂਦਰਿਤ ਹੋਣ ਕਰਕੇ ਉਸ ਨੇ ਭਾਈ ਭਗਤ ਸਿੰਘ ਵੱਲ ਬੇਧਿਆਨੀ ਵਰਤੀ। ਇਹ ਵੇਖ ਕੇ ਭਾਈ ਭਗਤ ਸਿੰਘ ਵਾਇਸਰਾਇ ਦੇ ਸਾਹਮਣੇ ਗਿਆ ਤੇ ਉਸ ਨੂੰ ਗੁਰੂ ਘਰ ਦੀਆਂ ਰਵਾਇਤਾਂ ਤੋੜਨ ਦਾ ਉਲਾਂਭਾ ਦਿੱਤਾ। ਹਾਜ਼ਰ ਅਧਿਕਾਰੀਆਂ ਨੇ ਉਸ ਨੂੰ ਇਧਰ ਉਧਰ ਕਰ ਕੇ ਵਾਇਸਰਾਇ ਦਾ ਦੌਰਾ ਮੁਕੰਮਲ ਕਰਵਾਇਆ।

ਦਰਬਾਰ ਸਾਹਿਬ ਅੰਦਰ ਕੁਝ ਗੋਰੇ ਮਹਿਮਾਨਾਂ ਵੱਲੋਂ ਜੁੱਤੀਆਂ ਸਮੇਤ ਜਾਣ ਤੇ ਕੁਰਸੀਆਂ ਲਾਏ ਜਾਣ ਬਾਰੇ ਜਦੋਂ ਸਿੱਖ ਸੰਗਤ ਨੂੰ ਜਾਣਕਾਰੀ ਮਿਲੀ ਤਾਂ ਰੋਸ ਫੈਲ ਗਿਆ। ਇਹ ਇੱਕ ਸਬੱਬ ਸੀ ਕਿ ਵਾਇਸਰਾਇ ਦੇ ਜਾਣ ਪਿੱਛੋਂ ਅਕਾਲ ਤਖ਼ਤ ਸਾਹਿਬ ਤੋਂ ਅੰਮ੍ਰਿਤ ਛਕਣ ਆਏ ਕੁਝ ਗੁਰਮੁਖਾਂ ਨੂੰ ਦਰਬਾਰ ਸਾਹਿਬ ਦੇ ਮੁਨਸ਼ੀਆਂ ਨੇ ਵਾਪਸ ਮੋੜਦਿਆਂ ਝੰਡੇ ਬੁੰਗੇ ਜਾ ਕੇ ਅੰਮ੍ਰਿਤ ਛਕਣ ਦੀ ਹਦਾਇਤ ਕੀਤੀ, ਜਿਸ ਤੋਂ ਅਫ਼ਵਾਹ ਫੈਲ ਗਈ ਕਿ ਗੋਰੇ ਮਹਿਮਾਨਾਂ ਨੇ ਦਰਬਾਰ ਸਾਹਿਬ ਦੇ ਨਾਲ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਵਿੱਤਰਤਾ ਵੀ ਭੰਗ ਕਰ ਦਿੱਤੀ ਹੈ, ਜਿਸ ਕਾਰਨ ਉੱਥੇ ਅੰਮ੍ਰਿਤ ਨਹੀਂ ਛਕਾਇਆ ਜਾ ਰਿਹਾ। ਸਰਬਰਾਹ ਨੂੰ ਪਤਾ ਲੱਗਾ ਤਾਂ ਉਸ ਨੇ ਕੁਝ ਹੋਰ ਪ੍ਰਾਣੀਆਂ ਨੂੰ ਬੁਲਾ ਕੇ ਉਨ੍ਹਾਂ ਨੂੰ ਅਕਾਲ ਤਖ਼ਤ ਦੇ ਮੁੱਖ ਗ੍ਰੰਥੀ ਭਾਈ ਗੁਲਾਬ ਸਿੰਘ ਸਮੇਤ ਪੰਜ ਪਿਆਰਿਆਂ ਤੋਂ ਅੰਮ੍ਰਿਤ ਛਕਾਇਆ ਤਾਂ ਇਹ ਅਫ਼ਵਾਹ ਮੱਠੀ ਪਈ।

ਗ੍ਰੰਥੀ ਭਾਈ ਭਗਤ ਸਿੰਘ ਵੱਲੋਂ ਵਾਇਸਰਾਇ ਸਾਹਮਣੇ ਕੀਤੀ ਤਲਖ਼ ਕਲਾਮੀ ਕਾਰਨ ਸੜੇ ਬਲੇ ਅੰਗਰੇਜ਼ ਅਫ਼ਸਰਾਂ ਨੇ ਵਾਇਸਰਾਇ ਦੇ ਚਲੇ ਜਾਣ ਪਿੱਛੋਂ ਮਿਸਟਰ ਜੇ.ਡੀ.ਟ੍ਰੇਮਲੈੱਟ ਡਿਪਟੀ ਕਮਿਸ਼ਨਰ ਨੂੰ ਗ੍ਰੰਥੀ ਭਗਤ ਸਿੰਘ ਨੂੰ ਨੌਕਰੀ ਤੋਂ ਬਰਤਰਫ਼ ਕਰਨ ਤੇ ਦਰਬਾਰ ਸਾਹਿਬ ਵਿੱਚ ਆਉਣ ਤੋਂ ਰੋਕਣ ਦੀ ਕਾਰਵਾਈ ਕਰਨ ਦੀ ਹਦਾਇਤ ਕੀਤੀ। ਭਾਈ ਭਗਤ ਸਿੰਘ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਾ ਨਹੀਂ ਸਗੋਂ ਕਮੇਟੀ ਦਾ ਮੁਲਾਜ਼ਮ ਸੀ ਇਸ ਲਈ ਡਿਪਟੀ ਕਮਿਸ਼ਨਰ ਨੇ ਇਹ ਹਦਾਇਤ ਸਰਬਰਾਹ ਮੰਗਲ ਸਿੰਘ ਨੂੰ ਕੀਤੀ, ਜਿਸ ਦੇ ਆਧਾਰ ਉੱਤੇ ਸਰਬਰਾਹ ਨੇ ਗ੍ਰੰਥੀ ਭਗਤ ਸਿੰਘ ਨੂੰ ਮੁਅੱਤਲ ਕਰਦਿਆਂ ਅਗਲੇਰੀ ਕਾਰਵਾਈ ਤੋਂ ਪਹਿਲਾਂ ਉਸ ਦੀ ਜਵਾਬ ਤਲਬੀ ਕੀਤੀ। ਜਵਾਬ ਤਲਬੀ ਦੇ ਉੱਤਰ ਵਿੱਚ ਭਾਈ ਭਗਤ ਸਿੰਘ ਨੇ ਆਪਣਾ ਪੱਖ ਪੇਸ਼ ਕਰਦਿਆਂ ਵਾਇਸਰਾਇ ਦੇ ਦੌਰੇ ਸਮੇਂ ਪਰੰਪਰਾਵਾਂ ਦੀ ਉਲੰਘਣਾ ਦਾ ਜ਼ਿਕਰ ਕੀਤਾ। ਸਰਬਰਾਹ ਨੇ ਗ੍ਰੰਥੀ ਭਗਤ ਸਿੰਘ ਦਾ ਉੱਤਰ ਡਿਪਟੀ ਕਮਿਸ਼ਨਰ ਨੂੰ ਭੇਜਦਿਆਂ ਅਗਲੇਰੀ ਕਾਰਵਾਈ ਲਈ ਅਗਵਾਈ ਦੇਣ ਵਾਸਤੇ ਕਿਹਾ। ਭਾਈ ਭਗਤ ਸਿੰਘ ਦੀ ਕਾਰਵਾਈ ਤੋਂ ਚਿੜ੍ਹਿਆ ਡਿਪਟੀ ਕਮਿਸ਼ਨਰ ਉਸ ਨੂੰ ਬਰਖ਼ਾਸਤ ਕਰਨ ਉੱਤੇ ਤੁਲਿਆ ਹੋਇਆ ਸੀ ਪਰ ਅਜਿਹਾ ਕੀਤੇ ਜਾਣ ਤੋਂ ਪਹਿਲਾਂ ਉਸ ਨੇ ਕਮਿਸ਼ਨਰ ਨੂੰ ਇਸ ਦੀ ਸੂਚਨਾ ਦੇਣੀ ਜ਼ਰੂਰੀ ਸਮਝਦਿਆਂ ਪੱਤਰ ਨੰ: 477, ਮਿਤੀ 13 ਦਸੰਬਰ 1878 ਰਾਹੀਂ ਸਾਰੀ ਸਥਿਤੀ ਉਸ ਦੇ ਸਾਹਮਣੇ ਰੱਖੀ। ਗੁਰਧਾਮ ਵਿੱਚ ਹੋਈ ਬੇਅਦਬੀ ਲਈ ਸਿੱਖ ਸੰਗਤ ਡਿਪਟੀ ਕਮਿਸ਼ਨਰ ਨੂੰ ਜ਼ਿੰਮੇਵਾਰ ਸਮਝਦੀ ਸੀ, ਇਸ ਲਈ ਉਸ ਨੇ ਇਸ ਪੱਤਰ ਵਿੱਚ ਆਪਣੇ ਆਪ ਨੂੰ ਨਿਰਦੋਸ਼ ਸਿੱਧ ਕਰਨ ਦਾ ਯਤਨ ਕੀਤਾ।

ਉਸ ਨੇ ਲਿਖਿਆ, "ਮੈਂ ਨਿੱਜੀ ਤੌਰ ਉੱਤੇ ਮੰਗਲ ਸਿੰਘ ਨਾਲ ਮਿਲ ਕੇ ਇਹ ਪ੍ਰਬੰਧ ਕੀਤਾ ਕਿ ਪ੍ਰਿੰਸ ਆਫ ਵੇਲਜ਼ ਦੇ ਦਰਬਾਰ ਸਾਹਿਬ ਆਉਣ ਵੇਲੇ ਦੇ ਇੰਤਜ਼ਾਮ ਵਾਂਗ ਵਾਇਸਰਾਇ ਤੇ ਉਸ ਦੇ ਨਾਲ ਆਉਣ ਵਾਲੇ ਸਮੂਹ ਮੈਂਬਰ ਆਪਣੇ ਬੂਟਾਂ ਦੇ ਉੱਪਰ ਗੁਰਦੁਆਰੇ ਵੱਲੋਂ ਦਿੱਤੀਆਂ ਜੁਰਾਬਾਂ ਚੜ੍ਹਾ ਲੈਣਗੇ। ਇਸ ਬਾਰੇ ਸਰਦਾਰ ਨੇ ਨਾ ਤਾਂ ਪਹਿਲਾਂ ਤੇ ਨਾ ਹੀ ਪਿੱਛੋਂ ਕੋਈ ਇਤਰਾਜ਼ ਕੀਤਾ। ਜਦੋਂ ਵਾਇਸਰਾਇ ਅਤੇ ਉਸ ਦੇ ਸਮੂਹ ਨੇ ਜੁੱਤੇ ਪਹਿਨੇ ਉਦੋਂ ਮੰਗਲ ਸਿੰਘ ਅਤੇ ਦੂਜੇ ਦੋਵੇਂ ਸਰਦਾਰ ਵੀ ਹਾਜ਼ਰ ਸਨ। ਲੇਡੀ ਲਿਟਨ ਨੇ ਆਪਣੇ ਅਤੇ ਹੋਰ ਔਰਤਾਂ ਦੀ ਵਰਤੋਂ ਲਈ ਕੁਰਸੀਆਂ ਦੀ ਮੰਗ ਕੀਤੀ ਸੀ। ਮੈਂ ਇਸ ਬਾਰੇ ਸੂਰਤ ਸਿੰਘ ਅਤੇ ਅਜੀਤ ਸਿੰਘ ਨੂੰ ਦੱਸ ਦਿੱਤਾ ਸੀ। ਕਿਸੇ ਨੇ ਵੀ ਪਹਿਲਾਂ ਜਾਂ ਪਿੱਛੋਂ, ਜਦ ਉਨ੍ਹਾਂ ਵਾਇਸਰਾਇ ਦੀ ਪਾਰਟੀ ਦੇ ਪਿੱਛੇ ਪਿੱਛੇ ਕੁਰਸੀਆਂ ਲਿਆਂਦੀਆਂ ਜਾ ਰਹੀਆਂ ਵੇਖ ਲਈਆਂ ਸਨ, ਇਸ ਬਾਰੇ ਇਤਰਾਜ਼ ਨਹੀਂ ਕੀਤਾ।" ਦਰਬਾਰ ਸਾਹਿਬ ਅੰਦਰ ਅੰਗਰੇਜ਼ ਮਹਿਮਾਨਾਂ ਦੇ ਕੁਰਸੀਆਂ ਉੱਤੇ ਬੈਠਣ ਨੂੰ ਜਾਇਜ਼ ਸਿੱਧ ਕਰਨ ਵਾਸਤੇ ਉਸ ਨੇ ਦਲੀਲ ਦਿੱਤੀ, "ਇਸ ਸਚਾਈ ਦੇ ਸਾਹਮਣੇ ਕਿ ਪਾਠ, ਜੋ ਇਸ ਰਸਮ ਦਾ ਸਭ ਤੋਂ ਪਵਿੱਤਰ ਭਾਗ ਹੈ, ਕਰਨ ਸਮੇਂ ਗ੍ਰੰਥੀ ਖ਼ੁਦ ਬੈਠਦੇ ਹਨ, ਇਹ ਦੋਸ਼ ਨਿਰਾਧਾਰ ਸਿੱਧ ਹੋ ਜਾਂਦਾ ਹੈ। ਭਗਤ ਸਿੰਘ ਏਨਾ ਅਨਪੜ੍ਹ ਹੈ ਕਿ ਉਸ ਨੂੰ ਇਹ ਨਹੀਂ ਪਤਾ ਕਿ ਕਿਸੇ ਯੂਰਪ ਵਾਸੀ ਵੱਲੋਂ ਕੁਰਸੀ ਦੀ ਵਰਤੋਂ ਕਿਸੇ ਹਿੰਦੁਸਤਾਨੀ ਵੱਲੋਂ ਚੌਕੜੀ ਮਾਰ ਕੇ ਬੈਠਣ ਦੇ ਬਰਾਬਰ ਹੀ ਹੈ।" ਭਾਈ ਭਗਤ ਸਿੰਘ ਬਾਰੇ ਉਸ ਦੇ ਮਨ ਵਿੱਚ ਜ਼ਹਿਰ ਭਰੀ ਹੋਈ ਸੀ, ਜਿਸ ਦਾ ਪ੍ਰਗਟਾਵਾ ਕਰਦਿਆਂ ਉਸ ਨੇ ਲਿਖਿਆ, "ਉਸ ਦਾ ਗੁਰਦੁਆਰੇ ਦੇ ਅਧਿਕਾਰਾਂ ਦੇ ਰੱਖਿਅਕ ਅਤੇ ਕਸਟੋਡੀਅਨ ਵਜੋਂ ਪੇਸ਼ ਆਉਣਾ ਉਸ ਦੇ ਵਰਤਾਉ ਨੂੰ ਨਾ-ਮੁਆਫ਼ ਕਰਨ ਯੋਗ ਬਣਾ ਦਿੰਦਾ ਹੈ।" ਉਸ ਨੇ ਭਗਤ ਸਿੰਘ ਨੂੰ ਗ੍ਰੰਥੀ ਵਜੋਂ ਜੀਵਨ ਭਰ ਲਈ ਮਿਲੀ 200 ਰੁਪਏ ਸਾਲਾਨਾ ਦੀ ਮੁਆਫ਼ੀ ਉਸ ਦੀਆਂ ਸੇਵਾਵਾਂ ਬਾਰੇ ਅੰਤਿਮ ਫ਼ੈਸਲਾ ਹੋਣ ਤਕ ਜ਼ਬਤ ਕਰਦਿਆਂ ਸਿਫ਼ਾਰਸ਼ ਕੀਤੀ ਕਿ ਉਸ ਦੀਆਂ ਸੇਵਾਵਾਂ ਖ਼ਤਮ ਕਰ ਕੇ ਉਸ ਦੇ ਪਰਿਵਾਰ ਦੇ ਕਿਸੇ ਹੋਰ ਮੈਂਬਰ ਨੂੰ ਇਹ ਸੇਵਾ ਦਿੱਤੀ ਜਾਵੇ। ਉਸ ਨੇ ਸੁਝਾਅ ਦਿੱਤਾ ਕਿ ਇਹ ਮੁਆਫ਼ੀ ਨਵੇਂ ਨਿਯੁਕਤ ਹੋਣ ਵਾਲੇ ਵਿਅਕਤੀ ਦੇ ਨਾਂ ਕਰ ਦਿੱਤੀ ਜਾਵੇ।

ਮਿਸਟਰ ਐੱਚ.ਈ.ਪਰਕਿਨਜ਼ ਕਮਿਸ਼ਨਰ ਨੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦਾ ਪੱਤਰ ਜਾਣਕਾਰੀ ਅਤੇ ਅਗਲੀ ਕਾਰਵਾਈ ਵਾਸਤੇ ਪੰਜਾਬ ਸਰਕਾਰ ਨੂੰ ਭੇਜ ਦਿੱਤਾ। ਪੰਜਾਬ ਸਰਕਾਰ ਕੋਲ 9 ਦਸੰਬਰ ਨੂੰ ਦਰਬਾਰ ਸਾਹਿਬ ਵਿੱਚ ਬੇਹੁਰਮਤੀ ਹੋਣ ਦੀਆਂ ਕਈ ਪਟੀਸ਼ਨਾਂ ਪਹਿਲਾਂ ਹੀ ਪੁੱਜੀਆਂ ਹੋਈਆਂ ਸਨ। ਬੂਟ ਪਹਿਨ ਕੇ ਦਰਬਾਰ ਸਾਹਿਬ ਅੰਦਰ ਜਾਣ ਬਾਰੇ ਪੰਜਾਬ ਸਰਕਾਰ ਵਾਇਸਰਾਇ ਅਤੇ ਪ੍ਰਿੰਸ ਆਫ ਵੇਲਜ਼ ਦੇ ਦੌਰੇ ਨੂੰ ਇੱਕ ਸਮਾਨ ਨਹੀਂ ਸੀ ਮੰਨਦੀ ਕਿਉਂਕਿ ਪ੍ਰਿੰਸ ਆਫ ਵੇਲਜ਼ ਦਰਬਾਰ ਸਾਹਿਬ ਦੇ ਅੰਦਰ ਨਹੀਂ ਸੀ ਗਿਆ, ਉਹ ਘੰਟਾ ਘਰ ਤਕ ਹੀ ਗਿਆ ਸੀ। ਸਰਕਾਰ ਦਾ ਮੰਨਣਾ ਸੀ ਕਿ ਜੇ ਵਾਇਸਰਾਇ ਨੂੰ ਦਰਬਾਰ ਸਾਹਿਬ ਦੀ ਰਵਾਇਤ ਤੋਂ ਜਾਣੂ ਕਰਵਾ ਦਿੱਤਾ ਜਾਂਦਾ ਤਾਂ ਉਸ ਨੇ ਪਹਿਲੇ ਗਵਰਨਰ ਜਨਰਲਾਂ ਵਾਂਗ ਹੀ ਇਨ੍ਹਾਂ ਰਵਾਇਤਾਂ ਦੀ ਪਾਲਣਾ ਕਰਨੀ ਸੀ। ਦਰਬਾਰ ਸਾਹਿਬ ਅੰਦਰ ਕੁਰਸੀਆਂ ਲਾਉਣ ਬਾਰੇ ਪੰਜਾਬ ਸਰਕਾਰ ਦਾ ਕਹਿਣਾ ਸੀ ਕਿ ਡਿਪਟੀ ਕਮਿਸ਼ਨਰ ਦੇ ਪੱਤਰ ਤੇ ਉਸ ਵੱਲੋਂ ਜ਼ਬਾਨੀ ਦਿੱਤੇ ਗਏ ਵੇਰਵੇ ਤੋਂ ਸਾਫ਼ ਹੈ ਕਿ ਉਹ ਕਿਸੇ ਵਿਅਕਤੀ ਦੇ ਗ੍ਰੰਥ ਸਾਹਿਬ ਤੋਂ ਉੱਚਾ ਬੈਠਣ ਬਾਰੇ ਸਿੱਖਾਂ ਵੱਲੋਂ ਇਤਰਾਜ਼ ਕੀਤੇ ਜਾਣ ਨੂੰ ਸਮਝ ਨਹੀਂ ਸਕਿਆ। ਪੰਜਾਬ ਸਰਕਾਰ ਨੇ ਰਾਜਾ ਸੂਰਤ ਸਿੰਘ ਅਤੇ ਦੂਜੇ ਸਰਦਾਰਾਂ ਨੂੰ ਇਸ ਅਵੱਗਿਆ ਦੇ ਦੋਸ਼ੀ ਮੰਨਿਆ ਕਿਉਂ ਜੋ ਉਨ੍ਹਾਂ ਨੇ ਇਸ ਸਥਾਨ ਉੱਤੇ ਪ੍ਰਚੱਲਿਤ ਰਵਾਇਤਾਂ ਤੋਂ ਡਿਪਟੀ ਕਮਿਸ਼ਨਰ ਨੂੰ ਜਾਣੂ ਨਹੀਂ ਸੀ ਕਰਵਾਇਆ। ਸਾਰੀ ਘਟਨਾਵਲੀ ਨੂੰ ਧਿਆਨਗੋਚਰੇ ਰੱਖਦਿਆਂ ਲੈਫਟੀਨੈਂਟ ਗਵਰਨਰ ਦਾ ਮੰਨਣਾ ਸੀ ਕਿ ਸਥਾਨਕ ਅਧਿਕਾਰੀਆਂ ਦੀ ਗ਼ਲਤੀ ਨੂੰ ਗ੍ਰੰਥੀ ਭਗਤ ਸਿੰਘ ਦੇ ਸਿਰ ਨਹੀਂ ਮੜ੍ਹਿਆ ਜਾਣਾ ਚਾਹੀਦਾ। ਕੁਝ ਹੋਰ ਲਿਖਾ ਪੜ੍ਹੀ ਹੋਣ ਪਿੱਛੋਂ ਲੈਫਟੀਨੈਂਟ ਗਵਰਨਰ ਨੇ ਹੁਕਮ ਜਾਰੀ ਕੀਤਾ ਕਿ ਗ੍ਰੰਥੀ ਭਾਈ ਭਗਤ ਸਿੰਘ ਨੂੰ ਬਹਾਲ ਕਰ ਕੇ ਉਸ ਦੀ ਬਣਦੀ ਤਨਖ਼ਾਹ ਦੀ ਅਦਾਇਗੀ ਕੀਤੀ ਜਾਵੇ, ਰਾਜਾ ਸੂਰਤ ਸਿੰਘ ਮਜੀਠੀਆ ਤੇ ਸਰਦਾਰ ਅਜੀਤ ਸਿੰਘ ਨੂੰ ਲੈਫਟੀਨੈਂਟ ਗਵਰਨਰ ਦੀ ਅਪ੍ਰਸੰਨਤਾ ਤੋਂ ਜਾਣੂ ਕਰਵਾਇਆ ਜਾਵੇ।

ਸੰਪਰਕ: 94170-49417

ਸਿਹਤਮੰਦ ਬਣਾਉਂਦੇ ਹਨ ਝੂਟੇ



ਡਾ. ਹਰਸ਼ਿੰਦਰ ਕੌਰ
0175-2216783



ਬੱਚੇ ਦੇ ਦਿਮਾਗ਼ ਅਤੇ ਸ਼ਖ਼ਸੀਅਤ ਦੇ ਵਿਕਾਸ ਲਈ ਕੁਝ ਚੀਜ਼ਾਂ ਜ਼ਰੂਰੀ ਹੁੰਦੀਆਂ ਹਨ। ਇਨ੍ਹਾਂ ਵਿਚ ਸ਼ਾਮਲ ਹਨ-ਛੋਹ, ਆਵਾਜ਼, ਦੇਖਣਾ, ਸਰੀਰ ਦੀ ਹਿਲਜੁਲ, ਆਲੇ-ਦੁਆਲੇ ਬਾਰੇ ਘੋਖਣਾ ਆਦਿ। ਇਨ੍ਹਾਂ ਸਾਰੀਆਂ ਗੱਲਾਂ ਦਾ ਬੱਚੇ ਦੇ ਦਿਮਾਗ਼ ਦੀ ਹਾਰਡ ਡਿਸਕ ਉੱਤੇ ਛਪਣਾ ਜ਼ਰੂਰੀ ਹੁੰਦਾ ਹੈ ਤਾਂ ਜੋ ਉਹ ਆਪਣੇ ਤਜਰਬਿਆਂ ਦੇ ਨਾਲ ਮਾਪਿਆਂ ਤੇ ਹੋਰ ਮਿਲਣ ਵਾਲਿਆਂ ਦੇ ਹੁੰਗਾਰੇ ਅਨੁਸਾਰ ਚੰਗੇ-ਮੰਦੇ, ਸਹੀ-ਗ਼ਲਤ ਦੀ ਪਛਾਣ ਕਰ ਸਕੇ।

ਕੁਝ ਅਲੱਗ ਤਰ੍ਹਾਂ ਦਾ ਅਸਰ ਪੈਂਦਾ ਹੈ ਸੰਵੇਦਨਾ ਉੱਤੇ। ਕੰਨਾਂ ਦੇ ਅੰਦਰਲੇ ਹਿੱਸੇ ਦਾ ਕੰਮ ਹੁੰਦਾ ਹੈ ਸਰੀਰ ਨੂੰ ਸਿੱਧਾ ਰੱਖਣਾ ਤੇ ਹਿਲਜੁਲ ਦੇ ਬਾਵਜੂਦ ਆਲੇ-ਦੁਆਲੇ ਬਾਰੇ ਪੂਰੀ ਸਮਝ ਹੋਣਾ। ਤੁਰਨ ਜਾਂ ਰਿੜ੍ਹਨ ਨਾਲ ਕੰਨਾਂ ਤੇ ਸਿਰ ਦੀ ਇੰਨੀ ਹਿਲਜੁਲ ਨਹੀਂ ਹੁੰਦੀ ਜਿੰਨੀ ਪੰਘੂੜੇ ਵਿਚ ਜਾਂ ਪੀਂਘ ਉੱਤੇ ਝੂਟੇ ਲੈਣ ਨਾਲ ਜਾਂ ਫੇਰ ਗੋਦ ਵਿਚ ਹਿਲਾ-ਹਿਲਾ ਕੇ ਸਵਾਉਣ ਨਾਲ।

ਪੱਕੀਆਂ ਯਾਦਾਂ

ਸਾਡਾ ਦਿਮਾਗ਼ ਛੋਹ, ਭਾਰ, ਸੰਤੁਲਨ, ਪੱਠਿਆਂ ਤੇ ਜੋੜਾਂ ਦੀ ਖਿਚ ਅਤੇ ਪਿਠ ਵਿਚਲੀਆਂ ਨਸਾਂ ਵੱਲੋਂ ਪਹੁੰਚੇ ਸੁਨੇਹੇ ਜ਼ਿਆਦਾ ਮਾਤਰਾ ਵਿਚ ਸੰਭਾਲਦਾ ਹੈ ਤੇ ਲੰਮੇ ਸਮੇਂ ਦੀ ਯਾਦ ਵਿਚ ਸਮੋ ਲੈਂਦਾ ਹੈ। ਇਹੀ ਯਾਦਾਂ ਅੱਗੋਂ ਵੇਖੀਆਂ, ਸੁਣੀਆਂ, ਸੁੰਘੀਆਂ ਜਾਂ ਚੱਖੀਆਂ ਚੀਜ਼ਾਂ ਵੱਲੋਂ ਗਏ ਸੁਨੇਹਿਆਂ ਨੂੰ ਤਰਤੀਬਵਾਰ ਸਾਂਭਣ ਤੇ ਉਨ੍ਹਾਂ ਨੂੰ ਲੋੜ ਪੈਣ ਉੱਤੇ ਉਘਾੜਨ ਲਈ ਤਿਆਰ ਕਰਦੀਆਂ ਹਨ। ਮਿਸਾਲ ਵਜੋਂ, ਪਿਤਾ ਵੱਲੋਂ ਮਿਲਿਆ ਮੱਥੇ ਉੱਤੇ ਚੁੰਮਣ, ਮਾਂ ਵੱਲੋਂ ਘੁੱਟ ਕੇ ਛਾਤੀ ਨਾਲ ਲਾ ਕੇ ਪਾਈ ਜੱਫ਼ੀ, ਗੋਦੀ ਵਿਚ ਬਿਠਾ ਕੇ ਪਿਆਰ ਨਾਲ ਖਵਾਈ ਚੂਰੀ, ਆਦਿ ਵਰਗੇ ਪਿਆਰ ਦੇ ਹਿਲੋਰੇ ਦੇਣ ਵਾਲੇ ਪਲ ਦਿਮਾਗ਼ ਪੂਰੀ ਤਰ੍ਹਾਂ ਸਾਂਭ ਕੇ ਰੱਖਦਾ ਹੈ। ਯਾਨੀ, ਜਿਨ੍ਹਾਂ ਯਾਦਾਂ ਵਿਚ ਛੋਹ ਸ਼ਾਮਲ ਹੋਵੇ, ਉਹ ਪੱਕੀਆਂ ਯਾਦਾਂ ਬਣਦੀਆਂ ਹਨ।

ਮਾਂ ਦੇ ਹੱਥਾਂ ਦੀ ਛੋਹ

ਗੋਦ ਵਿਚ ਸਵਾਉਣ ਲੱਗਿਆਂ ਬੱਚੇ ਨੂੰ ਹਿਲਾ-ਹਿਲਾ ਕੇ ਸਵਾਉਣ ਕੋਸ਼ਿਸ਼ ਕੀਤੀ ਜਾਂਦੀ ਹੈ। ਇੰਝ ਬੱਚੇ ਦਾ ਸਿਰ ਤੇ ਕੰਨਾਂ ਦਾ ਅੰਦਰਲਾ ਹਿੱਸਾ ਪੂਰਾ ਗੋਲ-ਮੋਲ ਹਿਲ ਜਾਂਦਾ ਹੈ। ਇਸ ਤਰ੍ਹਾਂ ਕੰਨਾਂ ਦੇ ਅੰਦਰਲੇ ਹਿੱਸੇ ਨੂੰ ਛੇਤੀ-ਛੇਤੀ ਕੰਮ ਕਰਨ ਤੇ ਸਰੀਰ ਨੂੰ ਕਿਸੇ ਵੀ ਹਾਲ ਵਿਚ ਸਿੱਧਾ ਰੱਖਣ ਦੀ ਕੋਸ਼ਿਸ਼ ਨੂੰ ਹੁਲਾਰਾ ਮਿਲਦਾ ਹੈ। ਇਸ ਦੇ ਨਾਲ-ਨਾਲ ਮਾਂ ਦੇ ਹੱਥਾਂ ਦੀ ਛੋਹ, ਘੁੱਟ ਕੇ ਪਾਈ ਜੱਫ਼ੀ ਤੇ ਮਾਂ ਦੇ ਢਿੱਡ ਨਾਲ ਜੁੜਿਆ ਬੱਚੇ ਦਾ ਢਿੱਡ ਬੱਚੇ ਨੂੰ ਸੁਰੱਖਿਅਤ ਹੋਣ ਦਾ ਅਹਿਸਾਸ ਦਿਵਾਉਂਦਾ ਹੈ।

ਸੋਚਣ ਦੀ ਸ਼ਕਤੀ

ਮਾਂ ਵੱਲੋਂ ਮੋਹ ਪਿਆਰ 'ਚ ਭੇਜੇ ਸੁਨੇਹੇ ਬੱਚੇ ਦੀ ਸੋਚਣ ਸਮਝਣ ਦੀ ਸ਼ਕਤੀ ਵਧਾਉਣ ਵਿਚ ਮਦਦ ਵੀ ਕਰਦੇ ਹਨ ਕਿਉਂਕਿ ਬਹੁਤ ਸਾਰੇ ਸੈੱਲ ਵਾਰ-ਵਾਰ ਪਹੁੰਚੇ ਸੁਨੇਹਿਆਂ ਸਦਕਾ ਤੇਜ਼ੀ ਨਾਲ ਕੰਮ ਕਰਨ ਵਿਚ ਜੁਟ ਜਾਂਦੇ ਹਨ। ਲਗਾਤਾਰ ਆਉਂਦੇ ਸੁਨੇਹੇ ਬੱਚੇ ਨੂੰ ਸੰਵੇਦਨਸ਼ੀਲ ਬਣਾਉਣ ਵਾਲੇ ਸੈਂਟਰ ਅਤੇ ਛੋਹ ਤੋਂ ਉਤਪੰਨ ਹੋਇਆ ਸੁਖਦ ਅਹਿਸਾਸ ਵਧਾਉਣ ਵਿਚ ਵੀ ਮਦਦ ਕਰਦੇ ਹਨ।

ਜ਼ੋਰ ਨਾਲ ਦਿੱਤੇ ਝੂਟੇ

ਜੇ ਬੱਚੇ ਨੂੰ ਤੇਜ਼ੀ ਜਾਂ ਜ਼ੋਰ ਨਾਲ ਝੂਟਾ ਦਿੱਤਾ ਜਾਵੇ ਜਾਂ ਬੱਚੇ ਵਿਚ ਪੀੜ ਦਾ ਅਹਿਸਾਸ ਕਰਵਾਏ ਜਾਂ ਬੱਚਾ ਬਹੁਤ ਜ਼ੋਰ ਦੀ ਝਟਕਿਆ ਗਿਆ ਹੋਵੇ ਤਾਂ ਇਹ ਨੁਕਸਾਨ ਕਰ ਸਕਦਾ ਹੈ। ਜ਼ੋਰ ਨਾਲ ਦਿੱਤੇ ਝੂਟੇ ਕਾਰਨ ਯਾਦ ਕਰਨ ਦੀ ਸ਼ਕਤੀ ਘਟਣੀ, ਚਿੜਚਿੜਾਪਨ, ਖਿਝ, ਰੋਂਦੂ, ਦਿਮਾਗ਼ ਅੰਦਰ ਲਹੂ ਦਾ ਚਲਣਾ, ਓਟਿਜ਼ਮ, ਟਿਕ ਕੇ ਨਾ ਬੈਠ ਸਕਣਾ, ਲੜਾਕਾ ਹੋਣਾ, ਇਕਦਮ ਗੁੱਸੇ ਵਿਚ ਆ ਕੇ ਚੀਜ਼ਾਂ ਭੰਨਣੀਆਂ, ਆਦਿ ਅਲਾਮਤਾ ਵੇਖਣ ਵਿਚ ਆ ਸਕਦੀਆਂ ਹਨ।

ਡਾ. ਜੀਨ ਆਇਰਸ ਤੇ ਹੋਰ ਫਿਜ਼ੀਕਲ ਥੈਰਾਪਿਸਟ ਅਤੇ ਨਿਊਰੋਲੋਜੀ, ਨਿਊਰੋਸਾਈਕੋਲੋਜੀ, ਫਿਜ਼ਿਓਲੋਜੀ ਦੇ ਅਨੇਕ ਖੋਜੀਆਂ ਨੇ ਰਲ ਕੇ ਹਲਕੇ ਝੂਟੇ ਜਾਂ ਹੁਲਾਰੇ ਉੱਤੇ ਵੱਡੀ ਖੋਜ ਕੀਤੀ ਹੈ। ਇਸ ਨੂੰ 'ਸੈਂਸਰੀ ਇਨਟੈਗਰੇਸ਼ਨ' ਦੇ ਅਧੀਨ ਬੱਚੇ ਦੇ ਸਿੱਖਣ, ਸੋਚਣ, ਸਮਝਣ ਤੇ ਸੰਵੇਦਨਸ਼ੀਲ ਹੋਣ ਉੱਤੇ ਅਸਰ ਘੋਖਿਆ ਗਿਆ। ਬਾਹਰੋਂ ਆਏ ਸਾਰੇ ਤਰ੍ਹਾਂ ਦੇ ਛੋਹ ਦੇ ਸੁਨੇਹੇ ਅਤੇ ਉਨ੍ਹਾਂ ਨਾਲ ਵੱਖੋ-ਵੱਖ ਦਿਮਾਗ਼ ਦੇ ਹਿੱਸਿਆਂ ਦੀ ਹਿਲਜੁਲ ਰਿਕਾਰਡ ਕੀਤੀ ਗਈ।

ਅਹਿਸਾਸ ਦੀ ਘਾਟ

ਇਸ ਖੋਜ ਵਿੱਚੋਂ ਹੀ ਸਮਝ ਆਈ ਕਿ ਜਿਹੜੇ ਬੱਚੇ ਅੱਗੋਂ ਓਟਿਜ਼ਮ ਦੇ ਸ਼ਿਕਾਰ ਹੋਏ, ਉਹ ਉਹੀ ਸਨ ਜਿਨ੍ਹਾਂ ਦੇ ਬਚਪਨ ਵੇਲੇ ਉਨ੍ਹਾਂ ਨੂੰ ਸੁਖਾਵੇਂ ਅਹਿਸਾਸ ਘੱਟ ਹੋਏ ਸਨ। ਚੀਕਣ ਜਾਂ ਝਗੜਨ ਦੀਆਂ ਆਵਾਜ਼ਾਂ, ਗੁੱਸਾ, ਮਾਰ-ਕੁਟਾਈ, ਖੁਰਦਰੀ ਛੋਹ ਵਰਗੇ ਸੁਨੇਹੇ ਜਦੋਂ ਨਿੱਕੇ ਬੱਚੇ ਦੇ ਦਿਮਾਗ਼ ਵੱਲ ਵੱਧ ਹੋਣ ਜਾਂ ਰੋਜ਼ ਜਾ ਰਹੇ ਹੋਣ ਤਾਂ ਅਜਿਹੇ ਬੱਚਿਆਂ ਦੇ 'ਸੈਂਸਰੀ ਸੈਂਟਰ' ਵਿਚਲੇ ਸੈੱਲ ਸਧਾਰਨ ਨਹੀਂ ਰਹਿੰਦੇ। ਉਨ੍ਹਾਂ ਸੈੱਲਾਂ ਦੇ ਜੋੜ ਵੀ ਸਹੀ ਕੰਮ ਨਹੀਂ ਕਰਦੇ ਜਿਸ ਨਾਲ ਉੱਥੇ ਪਹੁੰਚਦੀਆਂ ਤਰੰਗਾਂ ਕਈ ਵਾਰ ਤਿੰਨ ਜਾਂ ਚਾਰ ਗੁਣਾ ਵੱਧ ਤੇਜ਼ ਹੋ ਜਾਂਦੀਆਂ ਹਨ ਤੇ ਕਦੇ ਉੱਕਾ ਹੀ ਕੋਈ ਸੁਨੇਹਾ ਨਹੀਂ ਭੇਜਦੀਆਂ। ਇੰਜ ਬੱਚੇ ਦੇ ਦਿਮਾਗ਼ ਦੀ ਬਣਤਰ ਵਿਚ ਹੌਲੀ-ਹੌਲੀ ਸਦੀਵੀ ਵਿਗਾੜ ਪੈ ਜਾਂਦਾ ਹੈ। ਘਬਰਾਹਟ, ਡਰ, ਹਲਕੀ ਆਵਾਜ਼ ਉੱਤੇ ਤ੍ਰਭਕਣਾ, ਕਿਸੇ ਵੱਲੋਂ ਪਿੱਠ ਉੱਤੇ ਪਿਆਰ ਨਾਲ ਥਾਪੜਨ ਉੱਤੇ ਹੀ ਘਬਰਾ ਕੇ ਭੱਜਣਾ ਜਾਂ ਘੂਰਨ ਲੱਗ ਪੈਣਾ, ਆਦਿ ਲੱਛਣ ਦਿਸਣ ਲੱਗ ਪੈਂਦੇ ਹਨ। ਵੱਡੇ ਹੋ ਜਾਣ ਉੱਤੇ ਅਜਿਹੇ ਮਾਹੌਲ ਵਿਚ ਪਲੇ ਕੁਝ ਬੱਚਿਆਂ ਦਾ ਦਿਮਾਗ਼ ਸਿਰ ਉੱਤੇ ਕਿਸੇ ਵੱਲੋਂ ਪਿਆਰ ਨਾਲ ਪਲੋਸੇ ਜਾਣ ਨੂੰ ਵੀ ਜੂੜੇ ਪੁੱਟਣ ਦਾ ਅਹਿਸਾਸ ਕਰਵਾ ਦਿੰਦਾ ਹੈ ਤੇ ਪਿਆਰ ਨਾਲ ਬੁਲਾਉਣ ਨੂੰ ਬੰਬ ਸੁੱਟੇ ਜਾਣ ਵਾਂਗ ਮਹਿਸੂਸ ਕਰਵਾਉਂਦਾ ਹੈ। ਇਸੇ ਲਈ ਕੁਝ ਬੱਚੇ ਬਹੁਤ ਜ਼ਿਆਦਾ ਪ੍ਰਤੀਕਿਰਿਆ ਦੇਣ ਲੱਗ ਪੈਂਦੇ ਹਨ ਜੋ ਉਨ੍ਹਾਂ ਦੇ ਆਪਣੇ ਵਸ ਵਿਚ ਨਹੀਂ ਹੁੰਦੀ।

ਕਿਸੇ ਵੱਲੋਂ ਆਵਾਜ਼ ਦਿੱਤੇ ਜਾਣ ਉੱਤੇ ਕੰਬਣ ਲੱਗ ਪੈਣਾ ਜਾਂ ਥਥਲਾਉਣ ਲੱਗ ਪੈਣਾ, ਆਦਿ ਕਿਰਿਆਵਾਂ ਵੀ ਵੇਖੀਆਂ ਜਾ ਗਈਆਂ ਹਨ।

ਮਾਨਸਿਕ ਰੋਗੀ

ਦਿਮਾਗ਼ ਦੀ 'ਨਿਊਰਲ ਪਲਾਸਟੀਸਿਟੀ' ਉੱਤੇ ਨਿਰਭਰ ਕਰਦਾ ਹੈ ਜਿਸ ਉੱਤੇ ਆਧਾਰਿਤ ਓਟਿਜ਼ਮ ਜਾਂ ਹੋਰ ਮਾਨਸਿਕ ਰੋਗਾਂ ਦੇ ਇਲਾਜ ਬਾਰੇ ਸਮਝਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮਾਨਸਿਕ ਰੋਗੀ ਬੱਚਿਆਂ ਉੱਤੇ ਵੱਖੋ-ਵੱਖ ਖੇਡਾਂ, ਚਿੱਤਰਕਾਰੀ, ਪੜ੍ਹਾਈ ਆਦਿ ਦੇ ਨਾਲ ਛੋਹ ਉੱਤੇ ਆਧਾਰਿਤ ਤਜਰਬੇ ਕਰ ਕੇ ਸਮਝ ਆਈ ਕਿ ਪਿਆਰ ਨੂੰ ਮਾਨਸਿਕ ਰੋਗੀ ਬੱਚਾ ਵੱਧ ਹੁੰਗਾਰਾ ਭਰਦਾ ਹੈ। ਆਈਸੀਯੂ ਵਿਚ ਵੀ ਪਏ ਸਤਮਾਹੇ ਬੱਚੇ ਮਾਂ ਦੀ ਗੋਦ ਵਿਚ ਪੈ ਕੇ, ਹਲਕੇ ਝੂਟੇ ਲੈਂਦਿਆਂ ਛੇਤੀ ਵਧਣ ਫੁੱਲਣ ਲੱਗ ਪੈਂਦੇ ਹਨ ਤੇ ਛੇਤੀ ਵੈਂਟੀਲੇਟਰ ਤੋਂ ਬਾਹਰ ਕੱਢ ਲਏ ਜਾਂਦੇ ਹਨ।

ਪੁੱਠੀਆਂ ਸਿੱਧੀਆਂ ਛਾਲਾਂ

ਕੰਨ ਅੰਦਰਲਾ ਵੈਸਟੀਬੂਲਰ ਸਿਸਟਮ ਜੋ ਸਰੀਰ ਨੂੰ ਸਿੱਧਾ ਰੱਖਣ ਵਿਚ ਮਦਦ ਕਰਦਾ ਹੈ, ਉਹ ਹਲਕੇ ਝੂਟਿਆਂ ਨਾਲ ਰਵਾਂ ਹੋ ਜਾਂਦਾ ਹੈ। ਇਸੇ ਲਈ ਹਲਕੇ ਝੂਟੇ, ਜੋ ਭਾਵੇਂ ਪੰਘੂੜੇ ਵਿਚ ਹੋਣ, ਬੱਚੇ ਦੇ ਮਾਨਸਿਕ ਵਿਕਾਸ ਲਈ ਚੰਗੇ ਹਨ ਪਰ ਸਭ ਤੋਂ ਉੱਤਮ ਹਨ ਗੋਦ ਵਿਚ ਲੈ ਕੇ ਪਿਆਰ ਨਾਲ ਦਿੱਤੇ ਝੂਟੇ। ਪਿਆਰ ਨਾਲ ਕੀਤੀ ਹਲਕੀ ਮਾਲਿਸ਼ ਜਿਸ ਵਿਚ ਜੋੜ ਤੇ ਪੱਠੇ ਵੀ ਪੋਲੇ-ਪੋਲੇ ਖਿੱਚੇ ਗਏ ਹੋਣ ਤੇ ਹਲਕਾ ਪਿੱਠ ਤੇ ਬਾਹਵਾਂ ਲੱਤਾਂ ਨੂੰ ਘੁੱਟਣਾ ਬੱਚੇ ਦੇ ਮਾਨਸਿਕ ਵਿਕਾਸ ਉੱਤੇ ਕਮਾਲ ਦਾ ਅਸਰ ਵਿਖਾਉਂਦਾ ਹੈ।

ਥੋੜ੍ਹੇ ਵੱਡੇ ਬੱਚੇ ਨੂੰ ਟਪੂਸੀਆਂ, ਪੁੱਠੀਆਂ ਸਿੱਧੀਆਂ ਛਾਲਾਂ, ਟੇਡੇ ਮੇਢੇ ਲਟਕਣਾ ਆਦਿ ਜ਼ਰੂਰ ਕਰ ਲੈਣ ਦੇਣਾ ਚਾਹੀਦਾ ਹੈ ਤਾਂ ਜੋ ਉਸ ਦਾ ਵੈਸਟੀਬੂਲਰ ਸਿਸਟਮ ਰਵਾਂ ਹੁੰਦਾ ਰਹੇ।

ਸੱਟ ਦੇ ਡਰ ਖੁਣੋਂ ਬੱਚੇ ਦੀ ਖੇਡ ਉੱਤੇ ਰੋਕ ਲਾਉਣ ਦਾ ਮਤਲਬ ਹੈ ਮਾਨਸਿਕ ਵਿਕਾਸ ਉੱਤੇ ਵੀ ਰੋਕ।

ਟੇਢਾ-ਮੇਢਾ ਸਾਈਕਲ ਚਲਾਉਣਾ

ਸਕੂਲਾਂ ਵਿਚ ਝੂਟੇ ਲਾਜ਼ਮੀ ਹੋਣੇ ਚਾਹੀਦੇ ਹਨ। ਕੰਧਾਂ ਉੱਤੇ ਤੁਰਨਾ, ਸਕੇਟਿੰਗ ਕਰਨੀ, ਟੇਢਾ ਮੇਢਾ ਸਾਈਕਲ ਚਲਾਉਣਾ ਵੀ 'ਵੈਸਟੀਬੂਲਰ ਸਟਿਮੂਲੇਸ਼ਨ ਕਸਰਤਾਂ' ਮੰਨੀਆਂ ਗਈਆਂ ਹਨ। ਇਸੇ ਲਈ ਓਟਿਜ਼ਮ ਦੇ ਮਰੀਜ਼ ਬੱਚੇ ਲਈ ਹਰ ਹਾਲ ਝੂਟੇ ਲਾਉਣੇ ਚਾਹੀਦੇ ਹਨ। ਝੂਟੇ ਉਨ੍ਹਾਂ ਨੂੰ ਸ਼ਾਂਤ ਕਰਦੇ ਹਨ ਤੇ ਖੇਡਣ ਵਿਚ ਸਮਾਂ ਬਿਤਾਉਣ ਨਾਲ ਸਰੀਰ ਵੀ ਤੰਦਰੁਸਤ ਰਹਿੰਦਾ ਹੈ।

ਬੱਚਿਆਂ ਨੂੰ ਊਟ ਪਟਾਂਗ ਝੂਟਿਆਂ ਨਾਲ ਚੱਕਰ ਨਹੀਂ ਆਉਂਦੇ ਕਿਉਂਕਿ ਦਿਮਾਗ਼ ਆਪਣੇ ਅੰਦਰਲੇ ਜੋੜ ਰਵਾਂ ਕਰਨ ਵਿਚ ਜੁਟਿਆ ਹੁੰਦਾ ਹੈ। ਇਸੇ ਲਈ ਉਹ ਔਖੇ ਤੋਂ ਔਖੇ ਤੇ ਖ਼ਤਰਨਾਕ ਝੂਟੇ ਬਹੁਤ ਸੌਖੇ ਤਰੀਕੇ ਤੇ ਸ਼ੌਕ ਨਾਲ ਲੈਂਦੇ ਹਨ। ਜੇ ਹੋਰ ਕੁਝ ਵੀ ਸੰਭਵ ਨਾ ਹੋਵੇ ਤਾਂ 'ਰੌਕਿੰਗ ਚੇਅਰ' ਜ਼ਰੂਰ ਬੱਚੇ ਦੇ ਕਮਰੇ ਵਿਚ ਰੱਖ ਦੇਣੀ ਚਾਹੀਦੀ ਹੈ ਤਾਂ ਜੋ ਉਹ ਕੁਰਸੀ ਉੱਤੇ ਬੈਠਾ ਹੀ ਝੂਟਿਆਂ ਦੇ ਮਜ਼ੇ ਲੈ ਸਕੇ।



ਜ਼ਿੰਦਗੀ ਜ਼ਿੰਦਾਦਿਲੀ ਨਾਲ ਜੀਓ ਕਿਉਂਕਿ ਕਮਜ਼ੋਰ ਨੂੰ ਕੋਈ ਨਹੀਂ ਪੁੱਛਦਾ। ਸਿਆਣੇ ਕਹਿੰਦੇ ਹਨ, 'ਕੀੜੀ ਤੋਂ ਮਿਹਨਤ ਕਰਨਾ ਸਿੱਖੋ, ਬਗਲੇ ਤੋਂ ਤਰਕੀਬ ਤੇ ਮੱਕੜੀ ਤੋਂ ਕਾਰੀਗਰੀ...



ਜੀਵਨ ਹੋਵੇ ਮਹਿਕਾਂ ਵਰਗਾ

ਕੈਲਾਸ਼ ਚੰਦਰ ਸ਼ਰਮਾ

ਜ਼ਿੰਦਗੀ ਇਕ ਮ੍ਰਿਗ-ਤ੍ਰਿਸ਼ਨਾ ਹੈ ਜਿਸ ਵਿਚ ਨਾ ਜਾਣੇ ਕਿੰਨੇ ਸੁਪਨੇ ਹਨ। ਜਿਨ੍ਹਾਂ ਵਿੱਚੋਂ ਜੋ ਪੂਰੇ ਹੋ ਜਾਂਦੇ ਹਨ ਉਹ ਖ਼ੁਸ਼ੀ ਦਿੰਦੇ ਹਨ ਪਰ ਜੋ ਪੂਰੇ ਨਹੀਂ ਹੁੰਦੇ ਉਹ ਵਿਅਕਤੀ ਨੂੰ ਨਿਰਾਸ਼ਾ ਦੀ ਚੱਕੀ ਪੀਹਣ ਡਾਹ ਦਿੰਦੇ ਹਨ। ਆਸਾਂ-ਉਮੀਦਾਂ ਤੇ ਪਿਆਰ ਹਾਸਲ ਕਰਨ ਦੀ ਚਾਹਤ ਕਈ ਵਾਰ ਇੰਝ ਹੀ ਲੰਘ ਜਾਂਦੀ ਹੈ। ਇੱਕੋ ਜਿਹਾ ਜੀਵਨ ਕਦੇ ਕਿਸੇ ਦਾ ਵੀ ਨਹੀਂ ਹੁੰਦਾ। ਵਗਦੀ ਨਦੀ ਵਾਂਗ ਚੱਲਦੀ ਇਸ ਜ਼ਿੰਦਗੀ ਵਿਚ ਕਈ ਉਤਰਾਅ-ਚੜ੍ਹਾਅ ਆਉਂਦੇ ਰਹਿੰਦੇ ਹਨ।

ਸਫਲਤਾਵਾਂ ਦੀ ਪੌੜੀ

ਜ਼ਿੰਦਗੀ ਰੇਗਿਸਤਾਨ ਵਾਂਗ ਮਹਿਸੂਸ ਹੁੰਦੀ ਹੈ ਅਤੇ ਕਦੇ ਮਨਮੋਹਕ ਘਾਟੀਆਂ ਵਾਂਗ। ਕਦੇ ਭਾਦਰੋਂ ਦੇ ਚਮਾਸਿਆਂ ਵਾਂਗ ਦੁੱਖਾਂ ਦੀ ਤਪਸ਼ ਲੂਹ ਦਿੰਦੀ ਹੈ ਅਤੇ ਕਦੇ ਲੋਕ ਗੀਤਾਂ ਵਾਂਗ ਆਨੰਦ ਮਿਲਦਾ ਹੈ। ਕਈ ਵਾਰ ਅਜਿਹਾ ਵੀ ਹੁੰਦਾ ਹੈ ਕਿ ਵਿਅਕਤੀ ਰਾਤ ਦੀ ਰਾਣੀ ਦੀ ਖ਼ੁਸ਼ਬੂ ਵਾਂਗ ਜੀਵਨ ਬਿਤਾਉਣ ਲਈ ਕੋਸ਼ਿਸ਼ਾਂ ਕਰਦਾ ਹੈ ਪਰ ਪੱਲੇ ਪੈ ਜਾਂਦੇ ਹਨ ਕੇਵਲ ਅੰਗਾਰੇ। ਵਿਅਕਤੀ ਸਫਲਤਾਵਾਂ ਦੀ ਪੌੜੀ ਚੜ੍ਹਨ ਲਈ ਯਤਨ ਕਰਦਾ ਹੈ ਪਰ ਪੱਲੇ ਪੈਂਦੀਆਂ ਹਨ ਅਸਫਲਤਾਵਾਂ। ਜਦੋਂ ਬਾਰ-ਬਾਰ ਅਜਿਹਾ ਵਾਪਰਨ ਲੱਗ ਪਵੇ ਤਾਂ ਵਿਅਕਤੀ ਡਾਢਾ ਹੀ ਨਿਰਾਸ਼ ਹੋ ਜਾਂਦਾ ਹੈ। ਮਨ ਬੁਝਿਆ-ਬੁਝਿਆ ਰਹਿਣ ਲੱਗ ਪੈਂਦਾ ਹੈ ਜਿਸ ਕਾਰਨ ਸਰੀਰ ਸਰਗਮ ਨਹੀਂ ਬਣਦਾ।

ਖ਼ੁਦ 'ਤੇ ਯਕੀਨ

ਵਿਅਕਦੀ ਦਾ ਖ਼ੁਦ 'ਤੇ ਯਕੀਨ ਵੀ ਡਗਮਗਾਉਣ ਲੱਗਦਾ ਹੈ। ਜਿਸ ਕਾਰਨ ਉਹ ਆਪਣੀ ਕਿਸਮਤ ਜਾਂ ਪੁਰਾਣੇ ਜਨਮ ਦੇ ਕਰਮਾਂ ਦਾ ਫਲ ਕਹਿ ਕੇ ਆਪਣੇ ਆਪ ਨੂੰ ਤਸੱਲੀ ਦੇਣ ਦੀ ਕੋਸ਼ਿਸ਼ ਕਰਦਾ ਹੈ। ਕਈ ਵਾਰ ਮਨੁੱਖ ਸਾਧੂਆਂ-ਸੰਤਾਂ ਦੇ ਵੱਸ ਪੈ ਜਾਂਦਾ ਹੈ ਪਰ ਫਿਰ ਵੀ ਕੁਝ ਨਹੀਂ ਬਣਦਾ। ਅਜਿਹੇ ਸਮੇਂ ਮਨੁੱਖ ਦੀ ਹਾਲਤ ਕਿਸੇ ਗਹਿਰੇ ਪਾਣੀ ਵਾਲੇ ਤਾਲਾਬ ਵਿਚ ਪਏ ਇਨਸਾਨ ਵਰਗੀ ਹੁੰਦੀ ਹੈ ਜਿਸ ਨੂੰ ਬਚਾਈ ਰੱਖਣ ਲਈ ਉਸ ਨੂੰ ਹੱਥ ਪੈਰ ਮਾਰਨੇ ਹੀ ਪੈਂਦੇ ਹਨ, ਨਹੀਂ ਤਾਂ ਡੁੱਬਣਾ ਤਹਿ ਹੈ। ਕਿਸੇ ਨੇ ਸੱਚ ਹੀ ਕਿਹਾ ਹੈ, 'ਘਰ ਜੋਤਸ਼ੀ ਵੀ ਬੁਲਾਏ, ਰਾਹੂ-ਕੇਤੂ ਵੀ ਵਿਖਾਏ, ਜੇ ਹੱਥ ਪੈਰ ਨਾ ਚਲਾਏ ਤਾਂ ਦੱਸੋ ਕਿਸਮਤ ਕੀ ਕਰੇ।'

ਕਿਸਮਤ ਕੁਝ ਵੀ ਨਹੀਂ ਸਿਰਫ਼ ਸਾਡੇ ਕੰਮ ਕਰਨ ਦੀ ਸਮਰੱਥਾ ਅਤੇ ਕੁਸ਼ਲਤਾ ਹੈ। ਜ਼ਿੰਦਗੀ ਵਿਚ ਸਾਰੇ ਦਰਵਾਜ਼ੇ ਕਦੇ ਵੀ ਬੰਦ ਨਹੀਂ ਹੁੰਦੇ। ਆਤਮ-ਵਿਸ਼ਵਾਸ, ਦ੍ਰਿੜ੍ਹ-ਇਰਾਦੇ ਅਤੇ ਮਿਹਨਤ ਦੀ ਚਾਬੀ ਨਾਲ ਹਰ ਜ਼ਿੰਦਰਾ ਖੋਲ੍ਹਿਆ ਜਾ ਸਕਦਾ ਹੈ। ਜੀਵਨ ਕਿੰਨਾ ਲੰਬਾ ਹੈ, ਮਹੱਤਵਪੂਰਨ ਨਹੀਂ ਹੈ ਬਲਕਿ ਕਿੰਨਾ ਸਾਰਥਕ ਹੈ।

ਸੁਖਾਵੇਂ ਪਰਿਵਰਤਨ

ਮਾੜੀ ਕਿਸਮਤ ਦਾ ਮੁਕਾਬਲਾ ਕੇਵਲ ਇਕ ਹੀ ਚੀਜ਼ ਨਾਲ ਹੋ ਸਕਦਾ ਹੈ, ਉਹ ਹੈ ਸਖ਼ਤ ਮਿਹਨਤ। ਮਿਹਨਤ ਨਾਲ ਜੋ ਆਪਣਾ ਜੀਵਨ ਮਹਿਕਾਉਂਦੇ ਹਨ, ਉਨ੍ਹਾਂ ਦੀ ਮਹਿਕ ਸਦਾ ਬਰਕਰਾਰ ਰਹਿੰਦੀ ਹੈ। ਮਿਹਨਤ ਜੀਵਨ ਵਿਚ ਸੁਖਾਵੇਂ ਪਰਿਵਰਤਨ ਲਿਆਉਣ ਦੇ ਯੋਗ ਹੁੰਦੀ ਹੈ ਅਤੇ ਮਿਹਨਤੀ ਲੋਕਾਂ ਕੋਲ ਸਫਲਤਾ ਦੀ ਕੋਈ ਕਮੀ ਨਹੀਂ ਰਹਿੰਦੀ। ਇਨ੍ਹਾਂ ਦੇ ਜੀਵਨ ਵਿਚ ਖੜ੍ਹੋਤ ਦਾ ਕੋਈ ਨਾਮੋ-ਨਿਸ਼ਾਨ ਹੀ ਨਹੀਂ ਹੁੰਦਾ। ਅਜਿਹੇ ਵਿਅਕਤੀਆਂ ਦੇ ਜੀਵਨ ਨੂੰ ਭਾਗ ਲੱਗ ਜਾਂਦੇ ਹਨ।

ਆਤਮ-ਵਿਸ਼ਵਾਸ ਦੀ ਕਮੀ

ਆਤਮ-ਵਿਸ਼ਵਾਸ ਦੀ ਕਮੀ ਵਿਚ ਸਫਲਤਾਵਾਂ ਸੰਭਵ ਹੀ ਨਹੀਂ ਹਨ ਕਿਉਂਕਿ ਯੁੱਧ ਹੋਣ ਤੋਂ ਪਹਿਲਾਂ ਹੀ ਹਥਿਆਰ ਸੁੱਟ ਦੇਣ ਵਾਲਾ ਸਿਪਾਹੀ ਕਦੇ ਵੀ ਜੇਤੂ ਨਹੀਂ ਬਣ ਸਕਦਾ। ਇਸ ਲਈ ਜ਼ਿੰਦਗੀ ਵਿਚ ਕਦੇ ਵੀ ਆਤਮ-ਵਿਸ਼ਵਾਸ ਦੀ ਕਮੀ ਨਾ ਆਉਣ ਦਿਓ ਕਿਉਂਕਿ ਆਤਮ-ਵਿਸ਼ਵਾਸ ਦੀ ਕਮੀ ਦ੍ਰਿੜ੍ਹ ਇਰਾਦੇ ਦੀ ਗ਼ੈਰਮੌਜੂਦਗੀ ਲਈ ਵੀ ਜ਼ਿੰਮੇਵਾਰ ਹੁੰਦੀ ਹੈ। ਜ਼ਿੰਦਗੀ ਦੇ ਕਿਸੇ ਮੋੜ 'ਤੇ ਹੋਈ ਹਾਰ ਤੋਂ ਨਿਰਾਸ਼ ਹੋ ਕੇ ਜੇ ਵਿਅਕਤੀ ਹਿੰਮਤ ਨਾ ਕਰੇ ਤਾਂ ਚੁਣੌਤੀਆਂ ਉਸ ਨੂੰ ਡਰਾਉਣ ਲੱਗ ਪੈਂਦੀਆਂ ਹਨ ਜੋ ਇਨਸਾਨ ਨੂੰ ਅੰਦਰੋਂ-ਅੰਦਰ ਕਮਜ਼ੋਰ ਅਤੇ ਖੋਖਲਾ ਕਰੀ ਜਾਂਦੀਆਂ ਹਨ।

ਆਸਾਂ-ਉਮੀਦਾਂ


ਸਖ਼ਤ ਮਿਹਨਤ ਕਦੇ ਵੀ ਥਕਾਨ ਨਹੀਂ ਲਿਆਉਂਦੀ ਬਲਕਿ ਸੰਤੋਸ਼ ਲਿਆਉਂਦੀ ਹੈ। ਸਾਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਲਾਜਵਾਬ ਮੋਤੀ ਕਦੇ ਵੀ ਕਿਨਾਰਿਆਂ ਤੋਂ ਨਹੀਂ ਮਿਲਦੇ, ਪਾਣੀ ਵਿਚ ਜਾ ਕੇ ਹੀ ਤਲਾਸ਼ਣੇ ਪੈਂਦੇ ਹਨ। ਕਈ ਲੋਕ ਕਿਸਮਤ ਦੇ ਸਹਾਰੇ ਹੀ ਸਭ ਕੁਝ ਹਾਸਲ ਕਰਨ 'ਚ ਲੱਗੇ ਰਹਿੰਦੇ ਹਨ। ਉਨ੍ਹਾਂ ਦੀ ਸੋਚ ਹੁੰਦੀ ਹੈ ਕਿ ਕਿਸਮਤ ਵਿਚ ਲਿਖਿਆ ਹੋਵੇਗਾ ਤਾਂ ਸਭ ਕੁਝ ਮਿਲੇਗਾ। ਅਜਿਹੇ ਵਿਅਕਤੀਆਂ ਨੂੰ ਜੀਵਨ ਨਰਕ ਲੱਗਣ ਲੱਗ ਪੈਂਦਾ ਹੈ।

ਜ਼ਿੰਦਾਦਿਲੀ ਨਾਲ ਜੀਓ

ਬੁਝੀ ਹੋਈ ਰਾਖ ਵਾਂਗ ਜਿਊਣ ਦੀ ਕੋਸ਼ਿਸ਼ ਨਾ ਕਰੋ ਬਲਕਿ ਜ਼ਿੰਦਾਦਿਲੀ ਨਾਲ ਜੀਓ ਕਿਉਂਕਿ ਕਮਜ਼ੋਰ ਨੂੰ ਕੋਈ ਨਹੀਂ ਪੁੱਛਦਾ। ਸਿਆਣੇ ਕਹਿੰਦੇ ਹਨ, 'ਕੀੜੀ ਤੋਂ ਮਿਹਨਤ ਕਰਨਾ ਸਿੱਖੋ, ਬਗਲੇ ਤੋਂ ਤਰਕੀਬ ਤੇ ਮੱਕੜੀ ਤੋਂ ਕਾਰੀਗਰੀ। ਆਖਰੀ ਸਮੇਂ ਤਕ ਸੰਘਰਸ਼ ਕਰੋ ਕਿਉਂਕਿ ਸੰਘਰਸ਼ ਹੀ ਜੀਵਨ ਹੈ।'

ਆਤਮ-ਵਿਸ਼ਵਾਸ, ਦ੍ਰਿੜ੍ਹ-ਇਰਾਦੇ ਅਤੇ ਮਿਹਨਤ ਦੀ ਤਿੱਕੜੀ ਜਦੋਂ ਆਪਸ ਵਿਚ ਗਲਵਕੜੀ ਪਾ ਕੇ ਚੱਲਦੇ ਹਨ ਤਾਂ ਜ਼ਿੰਦਗੀ ਮਹਿਕਣ ਲੱਗਦੀ ਹੈ। ਇਨ੍ਹਾਂ ਦੇ ਵੱਖੋ-ਵੱਖਰੇ ਹੋ ਕੇ ਚੱਲਣ ਨਾਲ ਜੀਵਨ ਸਹੀ ਦਿਸ਼ਾ ਵਿਚ ਨਹੀਂ ਜਾਂਦਾ। ਇਸ ਲਈ ਵਿਅਕਤੀ ਨੂੰ ਇਨ੍ਹਾਂ ਤਿੰਨਾਂ ਨਾਲੋਂ ਕਦੇ ਵੀ ਆਪਣੀ ਗਲਵੱਕੜੀ ਢਿੱਲੀ ਨਹੀਂ ਕਰਨੀ ਚਾਹੀਦੀ ਕਿਉਂਕਿ ਇਹ ਉਸ ਦੀ ਕਿਸਮਤ ਦੇ ਵਿਧਾਤਾ ਹਨ। ਇਸ ਤਰ੍ਹਾਂ ਕਰਨ ਨਾਲ ਸਾਡਾ ਹਰ ਕਰਮ ਅਤੇ ਸੋਚ ਸਾਨੂੰ ਨਵੀਂ ਰਫ਼ਤਾਰ ਦੇਵੇਗਾ ਅਤੇ ਜੀਵਨ 'ਚ ਤਬਦੀਲੀ ਵਾਲਾ ਅਜਿਹਾ ਪਲ ਸਾਡੇ ਹੱਥ ਲੱਗੇਗਾ ਕਿ ਅਸੀਂ ਇਕ ਸ਼ਾਨਦਾਰ ਅਤੇ ਨਵੀਂ ਸ਼ਕਤੀ ਦਾ ਅਹਿਸਾਸ ਮਹਿਸੂਸ ਕਰਾਂਗੇ, ਜਿਸ ਨਾਲ ਸਾਡੇ ਜੀਵਨ ਵਿਚ ਮਹਿਕ ਸਾਲਾਂ ਤਕ ਬਣੀ ਰਹੇਗੀ।

80540-16816



ਕੰਨਾਂ ਨੂੰ ਸੋਹਲੇ ਬੁੰਦੇ

ਸਤਨਾਮ ਸਿੰਘ ਮਰਵਾਹਾ

ਮੁੱਢ ਕਦੀਮ ਤੋਂ ਹੀ ਪੰਜਾਬੀ ਸੱਭਿਆਚਾਰ ਵਿਰਸਾ ਗੀਤ, ਸੰਗੀਤ ਅਤੇ ਨਾਚ ਪੱਖੋਂ ਬਹੁਤ ਅਮੀਰ ਰਿਹਾ ਹੈ। ਮਨੁੱਖ ਬੇਸ਼ੁਮਾਰ ਖ਼ੁਸ਼ੀਆਂ ਖੇੜਿਆਂ ਨੂੰ ਇਨ੍ਹਾਂ ਸੱਭਿਆਚਾਰਕ ਅੰਗਾਂ ਦਾ ਸਹਾਰਾ ਲੈ ਕੇ ਪ੍ਰਗਟਾਉਂਦਾ ਹੈ। ਸਾਡੇ ਵੱਡੇ-ਵਡੇਰਿਆਂ ਨੇ ਸਾਨੂੰ ਸਾਫ਼-ਸੁਥਰਾ ਵਿਰਸਾ ਸੰਭਾਲ ਕੇ ਦਿੱਤਾ ਹੈ। ਉਹ ਪੀੜ੍ਹੀ-ਦਰ-ਪੀੜ੍ਹੀ ਇਸ ਵੱਡ-ਮੁੱਲੇ ਵਿਰਸੇ ਨਾਲ ਵਫ਼ਾਦਾਰ ਰਹੇ ਹਨ। ਹੁਣ ਸਾਡਾ ਵੀ ਫ਼ਰਜ਼ ਬਣਦਾ ਹੈ ਕਿ ਇਸ ਪੰਜਾਬੀ ਵਿਰਸੇ ਨੂੰ ਹੋਰ ਪ੍ਰਫੁੱਲਤ ਕਰਨ ਲਈ ਅਤੇ ਆਉਣ ਵਾਲੀਆਂ ਪੀੜ੍ਹੀਆਂ ਵਾਸਤੇ ਸੰਭਾਲ ਕੇ ਰੱਖਣ ਲਈ ਆਪਣਾ ਯੋਗਦਾਨ ਪਾਈਏ। ਇਸ ਮਹਾਨ ਸੱਭਿਆਚਾਰਕ ਵਿਰਸੇ ਨੂੰ ਬੁਰੇ ਪ੍ਰਭਾਵ ਪਾਉਣ ਵਾਲੇ ਪਰਛਾਵਿਆਂ ਤੋਂ ਬਚਾਈਏ ।

ਸੱਭਿਆਚਾਰ ਨਾਲ ਮੋਹ

ਇਹ ਗੱਲ ਕੁਦਰਤੀ ਹੀ ਹੈ ਕਿ ਦੁਨੀਆ ਵਿਚ ਰਹਿਣ ਵਾਲੇ ਮਨੁੱਖ ਨੂੰ ਆਪਣੇ ਸੱਭਿਆਚਾਰ ਨਾਲ ਅੰਤਾਂ ਦਾ ਮੋਹ ਹੁੰਦਾ ਹੈ। ਉਹ ਆਪਣੇ ਦੱਬੇ-ਘੁੱਟੇ ਵਲਵਲਿਆਂ ਦਾ ਸਹਿਜ-ਪ੍ਰਗਟਾਅ ਕਰਨਾ ਚਾਹੁੰਦਾ ਹੋਇਆ ਆਪਣੇ ਸੱਭਿਆਚਾਰ ਦੀ ਓਟ ਲੈਂਦਾ ਹੈ। ਭਾਵੇਂ ਉਹ ਦੁਨੀਆ ਦੇ ਕਿਸੇ ਵੀ ਕੋਨੇ ਉੱਤੇ ਚਲਾ ਜਾਵੇ, ਉਸ ਨੂੰ ਆਪਣਾ ਵਿਰਸਾ ਨਹੀਂ ਭੁੱਲਦਾ। ਮਨੁੱਖ ਮੇਲਿਆਂ-ਤਿਉਹਾਰਾਂ, ਰੀਤੀ-ਰਿਵਾਜਾਂ ਅਤੇ ਹੋਰ ਖ਼ੁਸ਼ੀਆਂ ਭਰੇ ਮੌਕਿਆਂ ਉੱਤੇ ਆਪਣੇ ਸੱਭਿਆਚਾਰਕ ਲੋਕ ਗੀਤ-ਸੰਗੀਤ ਅਤੇ ਲੋਕ ਨਾਚ ਦੇਖ-ਸੁਣਕੇ ਬਹੁਤ ਹੀ ਆਨੰਦ ਮਾਣਦਾ ਹੈ। ਇਸ ਲੇਖ ਰਾਹੀਂ ਅਸੀਂ ਲੋਕ ਗੀਤਾਂ ਬਾਰੇ ਚਰਚਾ ਕਰਾਂਗੇ। ਇਨ੍ਹਾਂ ਸੱਭਿਆਚਾਰਕ ਲੋਕ ਗੀਤਾਂ ਦੀ ਉਮਰ ਬਹੁਤ ਲੰਮੇਰੀ ਹੁੰਦੀ ਹੈ, ਇਨੀ ਜ਼ਿਆਦਾ ਲੰਮੀ ਕਿ ਜਦੋਂ ਤਕ ਦੁਨੀਆ ਜੀਉਂਦੀ ਜਾਗਦੀ ਹੈ ਇਹ ਵੀ ਜਿਉਂਦੇ ਰਹਿੰਦੇ ਹੈ। ਇਹ ਸੱਭਿਆਚਾਰਕ ਲੋਕ ਗੀਤ ਕੀ ਹਨ। ਇਸ ਦੇ ਪਿਛੋਕੜ ਬਾਰੇ ਜਾਨਣਾ ਅਤਿ ਜ਼ਰੂਰੀ ਹੈ ।

ਸੱਚੀ ਤੇ ਸੁੱਚੀ ਕਵਿਤਾ

ਲੋਕ ਗੀਤ ਪੰਜਾਬੀ ਸਾਹਿਤ ਦਾ ਪ੍ਰਚੱਲਤ ਤੇ ਪ੍ਰਵਾਨਿਤ ਰੂਪ ਹੈ। ਇਹ ਮੂੰਹੋਂ-ਮੂੰਹੀਂ ਤੁਰਦਾ-ਤੁਰਦਾ ਸਾਰੀਆਂ ਜਾਤੀਆਂ ਦਾ ਸਾਂਝਾ ਹੋਣ ਕਰਕੇ ਲੋਕ ਸਾਹਿਤ (ਮੌਖਿਕ ਸਾਹਿਤ) ਵੀ ਅਖਵਾਉਂਦਾ ਹੈ। ਇਨ੍ਹਾਂ ਦੇ ਲੇਖਕਾਂ ਬਾਰੇ ਸਾਨੂੰ ਕੁਝ ਵੀ ਪਤਾ ਨਹੀਂ, ਕਿਉਂਕਿ ਇਸ ਨੂੰ ਪੰਜਾਬੀ ਲੋਕਾਂ ਨੇ ਮੂੰਹੋਂ-ਮੂੰਹੀਂ ਰਚਿਆ ਅਤੇ ਗਾਇਆ ਹੈ। ਇਸ ਕਰਕੇ ਹੀ ਇਹ ਲੋਕ ਗੀਤ ਅਖਵਾਉਂਦਾ ਹੈ। ਲੋਕ ਗੀਤਾਂ ਤੋਂ ਸੱਚੀ ਤੇ ਸੁੱਚੀ ਕਵਿਤਾ ਹੋਰ ਕੋਈ ਨਹੀਂ ਹੋ ਸਕਦੀ। ਤੱਥ ਹੈ ਕਿ ਪੰਜਾਬੀ ਲੋਕ ਗੀਤਾਂ 'ਚ ਮਿਠਾਸ ਇਸ ਲਈ ਵਧੇਰੇ ਹੈ ਕਿ ਇਨ੍ਹਾਂ ਦਾ ਵਧੇਰੇ ਭਾਗ ਔਰਤਾਂ ਨੇ ਰਚਿਆ ਹੈ। ਲੋਕ ਗੀਤਾਂ ਦਾ ਆਪਣਾ ਪ੍ਰਭਾਵ ਸੂਖਮ, ਮਿੱਠਾ ਅਤੇ ਗੌਰਵਮਈ ਹੈ। ਲੋਕ ਗੀਤ ਗਾਉਣ ਲਈ ਰਚੇ ਜਾਂਦੇ ਹਨ ਤਾਂ ਹੀ ਇਨ੍ਹਾਂ ਵਿਚ ਸ਼ਬਦਾਂ ਨੂੰ ਲੈਅ ਵਿਚ ਗਾਇਆ ਜਾਂਦਾ ਹੈ ।

ਨਰੋਈ ਸੋਚ ਵਾਲੇ ਗੀਤ

ਲੋਕ ਗੀਤ ਧੁਰ ਅੰਦਰ ਦੀ ਬਾਣੀ ਹੈ। ਇਹ ਲੋਕ ਬਾਣੀ ਵਿਰਸਾ ਲੋਕ ਗੀਤ ਦੈਵੀ ਬਾਣੀ ਵਾਂਗ ਹੀ ਅਮਰ ਹੈ। ਲੋਕ ਗੀਤਾਂ 'ਚੋਂ ਸੁਗੰਧ ਆਉਂਦੀ ਹੈ, ਕਦੇ ਬਹੇ (ਪੁਰਾਣੇ) ਨਹੀਂ ਹੁੰਦੇ, ਸਗੋਂ ਸਦਾ ਤਾਜ਼ੇ ਤੇ ਨਰੋਏ ਰਹਿੰਦੇ ਹਨ। ਇਸ ਲੋਕ ਸਾਹਿਤ ਦਾ ਮਨੁੱਖੀ ਜੀਵਨ ਨਾਲ ਨਹੁੰ ਮਾਸ ਦਾ ਰਿਸ਼ਤਾ ਹੈ। ਇਸ ਦੇ ਤਿੰਨ ਪ੍ਰਮੁੱਖ ਗੁਣ ਸਰਲਤਾ, ਸਪੱਸ਼ਟਤਾ ਅਤੇ ਕੋਮਲਤਾ ਹਨ। ਇਨ੍ਹਾਂ 'ਚੋਂ ਕਿਸੇ ਦੀ ਘਾਟ ਜਾਂ ਅਣਹੋਂਦ ਕਾਰਨ ਕੋਈ ਵੀ ਉੱਤਮ ਗੀਤ, ਲੋਕ ਗੀਤ ਅਖਵਾਉਣ ਦੇ ਸਮਰੱਥ ਨਹੀਂ ਹੁੰਦਾ। ਲੋਕ ਗੀਤਾਂ 'ਚ ਸ਼ਬਦ ਅਤੇ ਕਿਰਿਆ ਦਾ ਵਿਸ਼ੇਸ਼ ਮਹੱਤਵ ਹੁੰਦਾ ਹੈ।

ਲੋਕਾਂ ਦੀਆਂ ਥੁੜ੍ਹਾਂ , ਲਾਚਾਰੀਆਂ, ਦੁਸ਼ਵਾਰੀਆਂ, ਗਿਲੇ-ਸ਼ਿਕਵੇ, ਪਿਆਰ ਆਦਿ ਨੂੰ ਸ਼ਬਦਾਂ ਦਾ ਰੂਪ ਦੇਣਾ ਅਤੇ ਕਿਸੇ ਖ਼ਾਸ ਤਰਜ਼ ਵਿਚ ਪ੍ਰਗਟ ਕਰਨਾ ਮਾਨਸਿਕਤਾ ਦਾ ਹਿੱਸਾ ਬਣ ਜਾਂਦੇ ਹਨ, ਜੋ ਪੀੜ੍ਹੀ ਦਰ ਪੀੜ੍ਹੀ ਤੁਰੇ ਰਹਿੰਦੇ ਹਨ। ਪੰਜਾਬੀ ਲੋਕ ਗੀਤਾਂ ਦਾ ਭੰਡਾਰ ਬਹੁਤ ਜ਼ਿਆਦਾ ਹੈ। ਅਮੀਰ ਅਤੇ ਬਹੁਰੰਗਾ ਹੁੰਦਾ ਹੈ। ਇਹ ਕਈ ਰੂਪਾਂ ਦੀਆਂ ਸ਼ੈਲੀਆਂ ਵਿਚ ਹੁੰਦੇ ਹਨ। ਜਿਵੇਂ : ਮਾਹੀਆ, ਸਿੱਠਣੀਆਂ, ਢੋਲਾ, ਬੋਲੀਆਂ, ਸੁਹਾਗ, ਛੰਦ, ਜਿੰਦੂਆ, ਟੱਪੇ, ਮਧਾਣੀਆਂ, ਜੱਗਾ, ਮਿਰਜਾ, ਲੋਰੀਆਂ, ਘੋੜੀਆਂ ਅਤੇ ਵੈਣ ਆਦਿ । ਇਹੀ ਲੋਕ ਗੀਤ ਪੰਜਾਬੀਆਂ ਦੀ ਜਿੰਦ-ਜਾਨ, ਦਿਲਾਂ ਦੀ ਧੜਕਣ ਅਤੇ ਰੂਪ ਦੀ ਆਵਾਜ਼ ਹਨ। ਇਸ ਦਾ ਨਾਂ 'ਮਾਹੀ' (ਤੱਥ ਹੈ) ਭਾਵ ਮੱਝਾਂ ਚਾਰਨ ਵਾਲੇ ਤੋਂ ਪਿਆ ਲੱਗਦਾ ਹੈ। ਇਹ ਦੋ ਸਤਰਾਂ ਦਾ ਕਾਵਿ ਰੂਪ ਹੈ। ਪਹਿਲੀ ਸਤਰ ਦੂਸਰੀ ਸਤਰ ਨਾਲੋਂ ਅੱਧੀ ਹੁੰਦੀ ਹੈ।

ਦੋ ਪੱਤਰ ਅਨਾਰਾਂ ਦੇ ,
ਸਾਡੀ ਗਲੀ ਲੰਘ ਮਾਹੀਆ,
ਦੁੱਖ ਟੁੱਟਣ ਬਿਮਾਰਾਂ ਦੇ ...।

ਪੱਛਮੀ ਪੰਜਾਬ ਦਾ ਲੋਕ ਗੀਤ : ਮਾਹੀਆ

ਮਾਹੀਏ ਵਾਂਗ ਇਹ ਵੀ ਪੱਛਮੀ ਪੰਜਾਬ ਦਾ ਲੋਕ ਗੀਤ ਹੈ। ਢੋਲੇ ਦੀ ਬਣਤਰ ਸਾਦੀ ਹੁੰਦੀ ਹੈ। ਇਸ ਵਿਚ ਤੋਲ-ਤੁਕਾਂਤ ਨਾਲੋਂ ਸੰਗੀਤ ਅਤੇ ਲੈਅ ਦਾ ਵਧੇਰੇ ਧਿਆਨ ਰੱਖਿਆ ਜਾਂਦਾ ਹੈ। ਢੋਲਾ ਗਾਉਣ ਵਾਲਾ ਆਪਣੇ ਸੱਜੇ ਹੱਥ ਨੂੰ ਕੰਨ 'ਤੇ ਰੱਖ ਕੇ ਗਾਉਂਦਾ ਹੈ। ਕਿਸੇ ਮੁਟਿਆਰ ਦੇ ਦੱਬੇ ਹੋਏ ਅਰਮਾਨਾਂ ਦਾ ਚਿੱਤਰ ਢੋਲੇ ਰਾਹੀਂ ਇੰਝ ਪੇਸ਼ ਕੀਤਾ ਜਾਂਦਾ ਹੈ।

ਕੰਨਾਂ ਨੂੰ ਸੋਹਣੇ ਬੁੰਦੇ,
ਸਿਰ 'ਤੇ ਛੱਤੇ ਨੇ ਸਾਡੇ।
ਕੇਡੀ ਰਿਹਾੜ ਕਰੇਂਦੇ ਨੇ ,
ਨੀਂਦਰ ਕੱਚੀ ਦੀ ਜਾਗੇ।
ਸੁੱਤੀ ਸੁਪਨਾ ਵਾਚਿਆ ,
ਮਾਹੀ ਮਿਲਿਆ 'ਤੇ ਖ਼ਾਬੇ ।
ਅੱਭੜ-ਭਾਂਦੇ ਹੱਥ ਸੇਜਾਂ 'ਤੇ ਮਾਰੇ,
ਢੋਲਾ ਕੋਲ ਹੋਵੇ ਤਾਂ ਜਾਗੇ।



ਗੀਤ ਦਾ ਨਵੇਕਲਾ ਰੂਪ

ਬੋਲੀ ਦਾ ਆਪਣਾ ਨਿਵੇਕਲਾ ਰੂਪ-ਰੰਗ ਤੇ ਰਸ ਹੈ। ਬੋਲੀ ਪੰਜਾਬੀ ਰਸੀਲੀ ਤੇ ਰੋਚਕ ਹੁੰਦੀ ਹੈ। ਬੁਨਿਆਦੀ ਤੌਰ 'ਤੇ ਬੋਲੀ ਇਕ ਤੁਕੀ ਹੁੰਦੀ ਹੈ ਪਰ ਕੁਝ ਬੋਲੀਆਂ ਦੋ, ਚਾਰ ਅਤੇ ਛੇ ਤੁਕੀਆਂ ਵੀ ਮਿਲਦੀਆਂ ਹਨ। ਅਕਸਰ ਬੋਲੀ ਨੱਚਣ ਟੱਪਣ ਵੇਲੇ ਪਾਈ ਜਾਂਦੀ ਹੈ। ਜਦੋਂ ਬੋਲੀ ਮੁਕੰਮਲ ਹੋਣ 'ਤੇ ਆਉਂਦੀ ਹੈ ਤਾਂ ਆਖ਼ਰੀ ਤੁਕ ਨੂੰ ਸਾਰੇ ਭੰਗੜਾ ਜਾਂ ਗਿੱਧੇ ਦੀ ਤਿੱਖੀ ਲੈਅ ਵਿੱਚ ਰਲਾ ਕੇ ਗਾਉਂਦੇ ਹਨ, ਇਸਨੂੰ ਬੋਲੀ ਗਾਉਣ ਦਾ ਸਿਖ਼ਰ ਵੀ ਕਿਹਾ ਜਾਂਦਾ ਹੈ ।

ਪੰਜਾਬ ਮੇਰੇ ਦੀਆਂ ਕੁੜੀਆਂ ਦੇਖ ਲਉ,
ਘੱਗਰੇ ਇਨ੍ਹਾਂ ਦੇ ਲਿਸ਼-ਲਿਸ਼ ਕਰਦੇ,
ਮਾਰਨ ਪਏ ਲਿਸ਼ਕਾਰਾ।
ਕੁੜੀਓ ਨੱਚ ਲਉ ਨੀ,
ਬਣੀਆਂ ਮੌਜ ਬਹਾਰਾਂ ,
ਕੁੜੀਓ ਨੱਚ ਲਉ ਨੀ ...।

ਇਕਹਿਰੀ ਤੁਕ ਵਾਲਾ ਲੋਕ ਸਾਹਿਤ : ਟੱਪੇ

ਇਸ ਨੂੰ ਇਕ ਤੁਕੀ ਕਿਹਾ ਜਾਂਦਾ ਹੈ। ਇਹ ਇਕਹਰੀ ਤੁਕ ਵਾਲਾ ਲੋਕ ਸਾਹਿਤ ਹੈ। ਕਈ ਵਾਰ ਟੱਪੇ ਨੂੰ ਲਮਕਾ ਕੇ ਗਾਉਣ ਲਈ 'ਬੱਲੇ ਬੱਲੇ' ਵੀ ਜੋੜ ਲਿਆ ਜਾਂਦਾ ਹੈ। ਜੀਵਨ ਦੀਆਂ ਖ਼ੂਬਸੂਰਤੀਆਂ ਜਾਂ ਹੋਰ ਰਿਸ਼ਤੇ-ਨਾਤਿਆਂ ਦੀ ਨਿੱਕੀ ਨਿੱਕੀ ਝਲਕ ਟੱਪਿਆਂ ਰਾਹੀਂ ਪ੍ਰਗਟਾਈ ਜਾ ਸਕਦੀ ਹੈ। ਇਸ ਨੂੰ ਢੋਲਕੀ ਨਾਲ ਗਿੱਧੇ ਜਾਂ ਨਾਚ ਵਿਚ ਗਾਇਆ ਜਾਂਦਾ ਹੈ ।

ਮਧਾਣੀਆਂ
ਹਾਏ ਓ ਮੇਰੇ ਡਾਢਿਆ ਰੱਬਾ ,
ਕਿਸੇ ਜੰਮੀਆਂ ਕਿਸੇ ਨੇ ਲੈ ਜਾਣੀਆਂ...।
ਮਾਪੇ-ਨਾਜਾਂ ਨਾਲ ਪਾਲ਼ ਕੇ ਧੀਆਂ ,
ਹੋ ਜਾਣ ਪਰਾਏ ਮਾਪੇ...।

ਲਮਕਵੀਂ ਸੁਰ ਦਾ ਗੀਤ

ਬੱਚੇ ਨੂੰ ਸੁਲਾਉਣ ਤੇ ਵਿਰਾਚਣ ਲਈ ਇਕ ਖ਼ਾਸ ਕਿਸਮ ਦੀਆਂ ਸੁਰਾਂ ਦੀ ਨਿਵੇਕਲੀ ਸ਼ੈਲੀ ਨੂੰ ਲੋਰੀਆਂ ਕਿਹਾ ਜਾਂਦਾ ਹੈ। ਲਮਕਵੀਂ ਤੇ ਧੀਮੀ ਹੇਕ ਨਾਲ ਗਾਈ ਜਾਂਦੀ ਲੋਰੀ ਦੀ ਹਰ ਤੁਕ ਪਿੱਛੋਂ ਕੁਝ ਸਵਰ ਲਹਿਰੀਆਂ, ਗੁਣ-ਗੁਣਾਈਆਂ ਜਾਂਦੀਆਂ ਹਨ ।

ਜਿਵੇਂ ਊ-ਊ, ਕੂ ਹੂ, ਕੂ ਹੂ , ਲਾ ਲ ਲ ਲਾ ਆਦਿ । ਬੱਚਾ ਲੋਰੀ ਦੀ ਲੈਅ ਵਿਚ ਮਸਤ ਹੋ ਜਾਂਦਾ ਹੈ ਅਤੇ ਲੋਰੀ ਬੱਚੇ ਨੂੰ ਸੁਪਨਿਆਂ ਦੀ ਦੁਨੀਆ ਵਿਚ ਪਹੁੰਚਾ ਦਿੰਦੀ ਹੈ। ਲੋਰੀ ਦੀ ਇੱਕ ਕਿਸਮ ਇਸ ਤਰ੍ਹਾਂ ਹੈ :

ਦੂਰ ਵੇ ਕੁਤਿਆ ,
ਛੰਨਾ ਵੇ ਸੁਤਿਆ ,
ਛੰਨ ਬੜੀ ਪੁਰਾਣੀ ,
ਲਾਡੋ ਬੜੀ ਸਿਆਣੀ
ਊ-ਊ...ਊ-ਊ...ਊ-ਊ...।

ਕਈ ਲੋਰੀਆਂ ਵਿਚ ਮਾਂ ਦੀਆਂ ਰੀਝਾਂ ਸੱਧਰਾਂ, ਬੱਚੇ ਦੇ ਭਵਿੱਖ ਬਾਰੇ ਸੁਨਹਿਰੀ ਸੁਪਨੇ ਤੇ ਪਰੀ ਦੇਸ਼ ਦਾ ਝਾਉਲਾ ਉਲੀਕੇ ਹੁੰਦੇ ਹਨ।

ਵਿਆਹਾਂ 'ਤੇ ਗਾਏ ਜਾਣ ਵਾਲੇ ਸੁਹਾਗ ਤੇ ਘੋੜੀਆਂ

ਕੁੜੀ ਦੇ ਵਿਆਹ ਵਿਚ ਘਰ ਇਸਤਰੀਆਂ ਸੁਹਾਗ ਗਾਉਂਦੀਆਂ ਮੁਟਿਆਰਾਂ ਦੇ ਦਿਲਾਂ ਦੀਆਂ ਧੜਕਣਾਂ, ਹਾਵਾਂ-ਭਾਵਾਂ, ਸੋਹਣੇ ਘਰ ਨਾਲ ਇਕ ਵਿਆਹੁਤਾ ਜ਼ਿੰਦਗੀ ਦੀ ਕਲਪਨਾ, ਆਪਣੀ ਸਖੀਆਂ ਤੇ ਮਾਪਿਆਂ ਦਾ ਘਰ ਛੱਡ ਜਾਣ ਦਾ ਉਦਰੇਵਾਂ ਅਤੇ ਸੱਭਿਆਚਾਰਕ ਪ੍ਰਭਾਵਾਂ ਹੇਠ ਮੱਚਲਦੀਆਂ ਉਮੰਗਾਂ, ਸੱਧਰਾਂ ਤੇ ਸੁਪਨੇ, ਇਨ੍ਹਾਂ ਵਿਚ ਅੰਗੜਾਈ ਲੈ ਰਹੇ ਹਨ। ਪਹਿਲਾਂ ਸਮਿਆਂ ਵਿਚ ਵਰ ਬਾਰੇ ਕੰਨਿਆ ਤੋਂ ਰਾਏ ਨਹੀਂ ਸੀ ਪੁੱਛੀ ਜਾਂਦੀ, ਜਿਹੜਾ ਮੁੰਡਾ ਮਾਪਿਆਂ ਨੂੰ ਚੰਗਾ ਲੱਗਦਾ ਹੈ, ਉਸ ਨਾਲ ਉਹ ਧੀ-ਧਿਆਣੀ ਨੂੰ ਗਊ ਵਾਂਗ ਬੰਨ੍ਹ ਦਿੰਦੇ ਹਨ, ਪਰ ਸੁਹਾਗ ਦੇ ਗੀਤਾਂ ਵਿਚ ਕੁੜੀਆਂ ਦੇ ਸੁਪਨੇ ਸ਼ਬਦਾਂ ਵਿਚ ਸਾਕਾਰ ਹੁੰਦੇ ਹਨ।

-ਬੇਟੀ, ਚੰਨਣ ਦੇ ਉਹਲੇ-ਉਹਲੇ ਕਿਉਂ ਖੜ੍ਹੀ,
ਮੈਂ ਤਾਂ ਖੜ੍ਹੀ ਸਾਂ ਬਾਬੁਲ ਜੀ ਦਵਾਰ,
ਬਾਬੁਲ ਵਰ ਲੋੜੀਏ।
ਬੇਟੀ ਕਿਹੋ ਜਿਹਾ ਵਰ ਲੋੜੀਏ?
ਬਾਬੁਲ ਜਿਉਂ ਤਾਰਿਆਂ ਵਿਚ ਚੰਨ,
ਚੰਨਾਂ ਵਿੱਚੋਂ ਕਾਹਨ ਘਨੱਈਆ ਵਰ ਲੋੜੀਏ.।

ਮੁਟਿਆਰਾਂ ਦੇ ਸੁਪਨੇ

ਪੰਜਾਬਣ ਮੁਟਿਆਰ ਰੱਜੇ-ਪੁਜੇ ਘਰ ਵਿਚ ਵਿਆਹੇ ਜਾਣ ਦਾ ਸੁਪਨੇ ਲੈਂਦੀ ਹੈ। ਸੱਸ ਭਲੀ ਹੋਵੇ, ਸਹੁਰਾ ਸਰਦਾਰ ਹੋਵੇ ਤੇ ਪਰਿਵਾਰ ਵੱਡਾ ਹੋਵੇ ਤਾਂ ਜੋ ਉਹ ਸਦਾ ਵਿਆਹਾਂ ਵਿਚ ਰੁੱਝੀ ਰਹੇ। ਬੂਰੀਆਂ ਮੱਝਾਂ ਹੋਣ ਤਾਂ ਜੋ ਉਨ੍ਹਾਂ ਦਾ ਹੱਥ ਦੁੱਧ-ਮੱਖਣ ਵਿਚ ਰਹੇ ਆਦਿ ਕੁੜੀਆਂ ਦੇ ਸੁਪਨੇ ਸ਼ਬਦਾਂ ਵਿਚ ਪਰੋਏ ਜਾਂਦੇ ਹਨ।

ਵਿਆਹ ਦੇ ਦਿਨਾਂ ਵਿਚ ਮੁੰਡੇ ਦੇ ਘਰ ਇਸਤਰੀਆਂ ਵੱਲੋਂ ਗਾਏ ਜਾਣ ਵਾਲੇ ਲੋਕ ਗੀਤਾਂ ਦਾ ਰੂਪ ਘੋੜੀਆਂ ਅਖਵਾਉਂਦੇ ਹਨ। ਸੁਹਾਗ ਵਾਂਗ ਘੋੜੀਆਂ ਵੀ ਭਾਵ ਤੇ ਬਣਤਰ ਪੱਖੋਂ ਸਰਲ ਹਨ। ਮੁੰਡੇ ਦੇ ਖ਼ਾਨਦਾਨਾਂ ਦੀ ਵਡਿਆਈ , ਮੁੰਡੇ ਦੇ ਵਸਤਰ , ਉਸ ਦਾ ਸਿਹਰੇ ਅਤੇ ਹੋਰ ਨਿੱਕੇ ਨਿੱਕੇ ਵੇਰਵੇ ਵੀ ਘੋੜੀਆਂ ਦਾ ਰੂਪ ਧਾਰਨ ਕਰ ਲੈਂਦੇ ਹਨ। ਘੋੜੀਆਂ ਨੂੰ ਵੀ ਔਰਤਾਂ ਰਲ਼ ਕੇ ਗਾਉਂਦੀਆਂ ਹਨ । ਨਿੱਕੀ ਨਿੱਕੀ ਕਣੀ 'ਚ ਮਾਂ ਵੱਲੋਂ ਸ਼ਗਨ ਕਰਨਾ ਤੇ ਤਿੱਲੇਦਾਰ ਪਾਈ ਜੁੱਤੀ ਤੇ ਹੋਰ ਦਾ ਵੇਰਵਾ ਘੋੜੀਆਂ ਵਿਚ ਦਿੱਤਾ ਆਮ ਮਿਲਦਾ ਹੈ।



ਜੁੱਤੀ ਤੇਰੀ ਵੇ ਮੱਲਾ ਸੋਹਣੀ ,
ਵਾਹਵਾ ਜੜੀ ਤਿੱਲੇ ਨਾਲ ,
ਕਹੀ ਸੋਹਣੀ ਤੇਰੀ ਚਾਲ ,
ਮੈਂ ਬਲਿਹਾਰੀ ਵੇ ਮਾਂ ਦਿਆ ਸੁਰਜਣਾ।

5 ਰੁਪਏ ਦੇ ਲੇਜ਼ ਪੈਕਟ 'ਚ ਨਿਕਲੇ ਸਿਰਫ਼ 4 ਗ੍ਰਾਮ ਚਿਪਸ, ਪੈਪਸੀਕੋ ਨੂੰ ਦੇਣਾ ਪਵੇਗਾ 8,000 ਰੁਪਏ ਹਰਜਾਨਾ

ਕੌਮੀ ਪਤ੍ਰਿਕਾ


ਨਵੀਂ ਦਿੱਲੀ 11 ਨਵੰਬਰ। ਅਮਰੀਕੀ ਕੰਪਨੀ ਪੈਪਸੀਕੋ ਨੂੰ ਆਪਣੇ ਲੋਕਪ੍ਰਿਯ ਚਿਪਸ ਬ੍ਰਾਂਡ ਲੇਜ਼ ਦੇ ਇਕ ਛੋਟੇ ਜਿਹੇ ਪੈਕਟ ਕਾਰਨ ਵੱਡਾ ਝਟਕਾ ਲੱਗਾ ਹੈ। ਮਾਮਲਾ ਸਿਰਫ਼ 5 ਰੁਪਏ ਦੇ ਚਿਪਸ ਦੇ ਪੈਕਟ ਦਾ ਹੈ ਪਰ ਇਸ ਦੀ ਕੀਮਤ ਕੰਪਨੀ ਨੂੰ 8,000 ਰੁਪਏ ਤੋਂ ਜ਼ਿਆਦਾ ਚੁਕਾਉਣੀ ਪੈ ਸਕਦੀ ਹੈ। ਅਸਲ 'ਚ, ਜੈਪੁਰ ਦੇ ਇਕ ਗਾਹਕ ਨੇ ਕੰਪਨੀ ਦੇ ਖਿਲਾਫ ਖਪਤਕਾਰ ਅਦਾਲਤ 'ਚ ਸ਼ਿਕਾਇਤ ਦਰਜ ਕਰਵਾਈ ਸੀ। ਗਾਹਕ ਦਾ ਦੋਸ਼ ਸੀ ਕਿ 15 ਗ੍ਰਾਮ ਵਜ਼ਨ ਦੱਸ ਕੇ ਵੇਚੇ ਗਏ ਪੈਕਟ 'ਚ ਮਹਿਜ਼ 4 ਗ੍ਰਾਮ ਚਿਪਸ ਮਿਲੇ। ਮਾਮਲੇ ਦੀ ਸੁਣਵਾਈ ਤੋਂ ਬਾਅਦ ਕੰਜ਼ਿਊਮਰ ਕਮਿਸ਼ਨ ਨੇ ਪੈਪਸੀਕੋ ਨੂੰ ਗਾਹਕ ਨੂੰ ਮੁਆਵਜ਼ਾ ਦੇਣ ਦਾ ਹੁਕਮ ਦਿੱਤਾ ਹੈ। ਇਹ ਮਾਮਲਾ ਜੈਪੁਰ ਦੇ ਕਾਰੋਬਾਰੀ ਚੰਦਰਮਨ ਜਾਲਾਨ ਨਾਲ ਜੁੜਿਆ ਹੈ। ਇਕ ਰਿਪੋਰਟ ਮੁਤਾਬਕ, ਉਨ੍ਹਾਂ ਨੇ 11 ਨਵੰਬਰ 2020 ਨੂੰ ਮੈਟਰੋ ਕੈਸ਼ ਐਂਡ ਕੈਰੀ ਇੰਡੀਆ ਦੇ ਆਊਟਲੈੱਟ ਤੋਂ ਘਰੇਲੂ ਸਾਮਾਨ ਦੇ ਨਾਲ ਲੇਜ਼ ਦਾ 5 ਰੁਪਏ ਵਾਲਾ ਪੈਕਟ ਖਰੀਦਿਆ ਸੀ। ਪੈਕਟ 'ਤੇ ਚਿਪਸ ਦਾ ਵਜ਼ਨ 15 ਗ੍ਰਾਮ ਦਰਜ ਸੀ। ਜਦੋਂ ਜਾਲਾਨ ਨੇ ਮਹਿਮਾਨਾਂ ਨੂੰ ਚਿਪਸ ਪਰੋਸਣ ਲਈ ਪੈਕਟ ਖੋਲ੍ਹਿਆ, ਤਾਂ ਉਨ੍ਹਾਂ ਨੂੰ ਉਸ ਦਾ ਵਜ਼ਨ ਘੱਟ ਮਹਿਸੂਸ ਹੋਇਆ। ਇਸ ਤੋਂ ਬਾਅਦ ਉਨ੍ਹਾਂ ਨੇ ਮਸ਼ੀਨ ਨਾਲ ਵਜ਼ਨ ਕੀਤਾ। ਜਾਂਚ 'ਚ ਪੈਕਟ ਦੇ ਅੰਦਰ ਸਿਰਫ਼ 4 ਗ੍ਰਾਮ ਚਿਪਸ ਮਿਲੇ। ਇਸ ਤੋਂ ਬਾਅਦ ਉਨ੍ਹਾਂ ਨੇ ਕੰਪਨੀ ਦੇ ਖਿਲਾਫ ਕਾਨੂੰਨੀ ਕਾਰਵਾਈ ਕਰਨ ਦਾ ਫੈਸਲਾ ਕੀਤਾ। ਜਾਲਾਨ ਨੇ 6 ਅਪ੍ਰੈਲ 2022 ਨੂੰ ਜ਼ਿਲਾ ਖਪਤਕਾਰ ਝਗੜਾ ਨਿਵਾਰਨ ਕਮਿਸ਼ਨ-99, ਜੈਪੁਰ 'ਚ ਸ਼ਿਕਾਇਤ ਦਰਜ ਕਰਵਾਈ। ਉਨ੍ਹਾਂ ਨੇ ਪੈਪਸੀਕੋ 'ਤੇ ਸੇਵਾ 'ਚ ਕਮੀ ਅਤੇ ਅਨ-ਉਚਿਤ ਵਪਾਰ ਵਿਵਹਾਰ ਦਾ ਦੋਸ਼ ਲਾਇਆ। ਸੁਣਵਾਈ ਦੌਰਾਨ ਮੈਟਰੋ ਕੈਸ਼ ਐਂਡ ਕੈਰੀ ਨੇ ਆਪਣਾ ਪੱਖ ਰੱਖਦੇ ਹੋਏ ਕਿਹਾ ਕਿ ਉਹ ਸਿਰਫ ਉਤਪਾਦ ਦਾ ਵਿਕ੍ਰੇਤਾ ਹੈ। ਪੈਕਟ 'ਚ ਵਜ਼ਨ ਘੱਟ ਹੋਣ ਦੀ ਜ਼ਿੰਮੇਵਾਰੀ ਨਿਰਮਾਤਾ ਕੰਪਨੀ ਦੀ ਹੈ। ਦੂਜੇ ਪਾਸੇ, ਨੋਟਿਸ ਮਿਲਣ ਦੇ ਬਾਵਜੂਦ ਪੈਪਸੀਕੋ ਵੱਲੋਂ ਕੋਈ ਪ੍ਰਤੀਨਿਧੀ ਅਦਾਲਤ 'ਚ ਪੇਸ਼ ਨਹੀਂ ਹੋਇਆ। ਦਸਤਾਵੇਜ਼ਾਂ ਅਤੇ ਉਪਲਬਧ ਸਬੂਤਾਂ ਦੀ ਜਾਂਚ ਤੋਂ ਬਾਅਦ ਕਮਿਸ਼ਨ ਨੇ ਰਿਟੇਲਰ ਦੇ ਖਿਲਾਫ ਸ਼ਿਕਾਇਤ ਖਾਰਿਜ ਕਰ ਦਿੱਤੀ ਅਤੇ ਨਿਰਮਾਤਾ ਕੰਪਨੀ ਪੈਪਸੀਕੋ ਨੂੰ ਜ਼ਿੰਮੇਵਾਰ ਮੰਨਿਆ। ਕੰਜ਼ਿਊਮਰ ਕਮਿਸ਼ਨ ਨੇ ਕੰਪਨੀ ਨੂੰ ਗਾਹਕ ਨੂੰ 5 ਰੁਪਏ ਵਾਪਸ ਕਰਨ ਦਾ ਹੁਕਮ ਦਿੱਤਾ ਹੈ। ਇਸ ਤੋਂ ਇਲਾਵਾ 6 ਅਪ੍ਰੈਲ 2022 ਤੋਂ ਭੁਗਤਾਨ ਹੋਣ ਤੱਕ 6 ਫੀਸਦੀ ਸਾਲਾਨਾ ਵਿਆਜ ਵੀ ਦੇਣਾ ਪਵੇਗਾ। ਕਮਿਸ਼ਨ ਨੇ ਮਾਨਸਿਕ ਪ੍ਰੇਸ਼ਾਨੀ ਲਈ 5,000 ਰੁਪਏ ਅਤੇ ਮੁਕੱਦਮੇ ਦੇ ਖਰਚੇ ਦੇ ਤੌਰ 'ਤੇ 3,000 ਰੁਪਏ ਦਾ ਭੁਗਤਾਨ ਕਰਨ ਦਾ ਹੁਕਮ ਦਿੱਤਾ ਹੈ। ਇਸ ਤਰ੍ਹਾਂ ਕੰਪਨੀ ਨੂੰ ਕੁੱਲ 8,000 ਰੁਪਏ ਦੇ ਮੁਆਵਜ਼ੇ ਦੇ ਨਾਲ ਪੈਕਟ ਦੀ ਕੀਮਤ ਅਤੇ ਉਸ 'ਤੇ ਵਿਆਜ ਵੀ ਦੇਣਾ ਪਵੇਗਾ। ਕਮਿਸ਼ਨ ਨੇ ਭੁਗਤਾਨ ਲਈ ਫੈਸਲੇ ਦੇ ਇਕ ਮਹੀਨੇ ਦੀ ਸਮਾਂ-ਹੱਦ ਤੈਅ ਕੀਤੀ ਹੈ।



ਪੁਲਸ ਵੈਰੀਫਿਕੇਸ਼ਨ ਤੋਂ ਬਿਨਾਂ ਕਿਰਾਏਦਾਰ ਰੱਖਣ ਵਾਲੇ ਸਾਵਧਾਨ ! ਹਰਿਆਣਾ 'ਚ ਨਿਯਮ ਤੋੜਨ 'ਤੇ ਹੋਵੇਗੀ ਕਾਰਵਾਈ

ਕੌਮੀ ਪਤ੍ਰਿਕਾ

ਅੰਬਾਲਾ 11 ਨਵੰਬਰ। ਅੰਬਾਲਾ ਵਿੱਚ ਗੈਰ-ਕਾਨੂੰਨੀ ਤੌਰ 'ਤੇ ਪੀਜੀ ਚਲਾਉਣ ਵਾਲੇ ਅਤੇ ਪੁਲਸ ਤਸਦੀਕ ਤੋਂ ਬਿਨਾਂ ਕਿਰਾਏਦਾਰਾਂ ਨੂੰ ਰੱਖਣ ਵਾਲੇ ਹੁਣ ਮੁਸੀਬਤ ਵਿੱਚ ਪੈ ਜਾਣਗੇ। ਅੰਬਾਲਾ ਪੁਲਸ ਅਜਿਹੇ ਪੀਜੀ ਸੰਚਾਲਕਾਂ ਅਤੇ ਮਕਾਨ ਮਾਲਕਾਂ 'ਤੇ ਸ਼ਿਕੰਜਾ ਕੱਸਣ ਦੀ ਤਿਆਰੀ ਕਰ ਰਹੀ ਹੈ, ਜੋ ਨਿਯਮਾਂ ਦੀ ਉਲੰਘਣਾ ਕਰ ਰਹੇ ਹਨ ਅਤੇ ਦੂਜੇ ਰਾਜਾਂ ਤੋਂ ਆਉਣ ਵਾਲੇ ਲੋਕਾਂ ਨੂੰ ਠਹਿਰਾ ਰਹੇ ਹਨ। ਇਸ ਲਈ, ਪੁਲਸ ਵਿਸ਼ੇਸ਼ ਚੈਕਿੰਗ ਮੁਹਿੰਮਾਂ ਚਲਾਏਗੀ, ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਐੱਸਪੀ ਅੰਬਾਲਾ ਅਜੀਤ ਸਿੰਘ ਸ਼ੇਖਾਵਤ ਨੇ ਸਪੱਸ਼ਟ ਹਦਾਇਤਾਂ ਅਤੇ ਅਪੀਲ ਜਾਰੀ ਕੀਤੀ ਹੈ। ਅੰਬਾਲਾ ਵਿੱਚ ਸੁਰੱਖਿਆ ਨੂੰ ਮਜ਼ਬੂਤ ??ਕਰਨ ਅਤੇ ਸ਼ੱਕੀ ਗਤੀਵਿਧੀਆਂ 'ਤੇ ਰੋਕ ਲਗਾਉਣ ਲਈ ਪੁਲਸ ਹੁਣ ਗੈਰ-ਕਾਨੂੰਨੀ ਢੰਗ ਨਾਲ ਚੱਲ ਰਹੇ ਪੀਜੀ ਅਤੇ ਪੁਲਸ ਨੂੰ ਸੂਚਿਤ ਕੀਤੇ ਬਿਨਾਂ ਕਿਰਾਏਦਾਰ ਰੱਖਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕਰ ਰਹੀ ਹੈ। ਜਾਣਕਾਰੀ ਦਿੰਦੇ ਹੋਏ ਐੱਸਪੀ ਅੰਬਾਲਾ ਅਜੀਤ ਸਿੰਘ ਸ਼ੇਖਾਵਤ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਅਜਿਹੇ ਕਈ ਮਾਮਲੇ ਆਏ ਹਨ, ਜਿਨ੍ਹਾਂ ਵਿੱਚ ਦੂਜੇ ਰਾਜਾਂ ਤੋਂ ਆਉਣ ਵਾਲੇ ਲੋਕ ਪੀਜੀ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਹਨ। ਅਜਿਹੇ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਸ ਹੁਣ ਪੀਜੀ ਸੰਚਾਲਕਾਂ ਦੀ ਜਾਂਚ ਕਰੇਗੀ। ਪੁਲਸ ਨੂੰ ਸੂਚਿਤ ਕੀਤੇ ਬਿਨਾਂ ਕਿਰਾਏਦਾਰ ਰੱਖਣ ਵਾਲੇ ਮਕਾਨ ਮਾਲਕਾਂ ਵਿਰੁੱਧ ਵੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਐੱਸਪੀ ਨੇ ਸਪੱਸ਼ਟ ਕੀਤਾ ਕਿ ਪੁਲਸ ਚੈਕਿੰਗ ਮੁਹਿੰਮ ਚਲਾਏਗੀ ਅਤੇ ਅਜਿਹੇ ਪੀਜੀ ਅਤੇ ਮਕਾਨ ਮਾਲਕਾਂ ਦੀ ਜਾਂਚ ਕਰੇਗੀ ਜੋ ਨਿਯਮਾਂ ਦੀ ਪਾਲਣਾ ਨਹੀਂ ਕਰ ਰਹੇ ਹਨ। ਐੱਸਪੀ ਅੰਬਾਲਾ ਨੇ ਸ਼ਹਿਰ ਦੇ ਸਾਰੇ ਮਕਾਨ ਮਾਲਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਵਿਅਕਤੀ ਨੂੰ ਆਪਣੇ ਘਰ ਕਿਰਾਏ 'ਤੇ ਦੇਣ ਤੋਂ ਪਹਿਲਾਂ ਉਸ ਬਾਰੇ ਪੂਰੀ ਜਾਣਕਾਰੀ ਨਜ਼ਦੀਕੀ ਪੁਲਸ ਸਟੇਸ਼ਨ ਨੂੰ ਦੇਣ, ਤਾਂ ਜੋ ਪੁਲਸ ਕੋਲ ਕਿਰਾਏਦਾਰਾਂ ਦਾ ਰਿਕਾਰਡ ਹੋਵੇ ਅਤੇ ਕਿਸੇ ਵੀ ਅਪਰਾਧਿਕ ਗਤੀਵਿਧੀ ਨੂੰ ਸਮੇਂ ਸਿਰ ਰੋਕਿਆ ਜਾ ਸਕੇ।



ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਦੋ ਵਿਆਹੁਤਾ ਔਰਤਾਂ ਦਾ ਕਤਲ, ਸਾਰਣ 'ਚ ਵੱਡੀ ਵਾਰਦਾਤ

ਛਪਰਾ 11 ਨਵੰਬਰ। ਬਿਹਾਰ ਵਿੱਚ ਸਾਰਨ ਜ਼ਿਲ੍ਹੇ ਦੇ ਕੋਪਾ ਅਤੇ ਗੜਖਾ ਥਾਣਾ ਖੇਤਰਾਂ ਵਿੱਚ ਦਾਜ ਦੀ ਮੰਗ ਨੂੰ ਲੈ ਕੇ ਦੋ ਵਿਆਹੁਤਾ ਔਰਤਾਂ ਦੇ ਕਤਲ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਸੂਤਰਾਂ ਨੇ ਸ਼ਨੀਵਾਰ ਨੂੰ ਦੱਸਿਆ ਕਿ ਕੋਪਾ ਥਾਣਾ ਖੇਤਰ ਦੇ ਤਰਵਾਨ ਪੋਝੀਆ ਪਿੰਡ ਦੇ ਨਿਵਾਸੀ ਰਾਜੂ ਕੁਮਾਰ ਮਹਾਤੋ ਦੀ ਪਤਨੀ ਪੁਸ਼ਪਾ ਦੇਵੀ (25) ਦਾ ਉਸਦੇ ਸਹੁਰਿਆਂ ਨੇ ਗਲਾ ਘੁੱਟ ਕੇ ਕਤਲ ਕਰ ਦਿੱਤਾ। ਇਸ ਵਾਰਦਾਤ ਨੂੰ ਅੰਜ਼ਾਮ ਦੇਣ ਮਗਰੋਂ ਉਕਤ ਲੋਕ ਘਰੋਂ ਫ਼ਰਾਰ ਹੋ ਗਏ। ਇਸ ਮਾਮਲੇ ਵਿੱਚ ਮ੍ਰਿਤਕਾ ਦੇ ਪਿਤਾ ਕਾਮੇਸ਼ਵਰ ਮਹਤੋ, ਜੋ ਦਾਉਦਪੁਰ ਥਾਣਾ ਖੇਤਰ ਦੇ ਲਾਗੁਨੀ ਟੋਲਾ ਪਿੰਡ ਦੇ ਰਹਿਣ ਵਾਲੇ ਹਨ, ਨੇ ਪੁਲਸ ਨੂੰ ਦਿੱਤੀ ਅਰਜ਼ੀ ਵਿੱਚ ਕਿਹਾ ਹੈ ਕਿ ਸ਼ਨੀਵਾਰ ਨੂੰ ਪੁਸ਼ਪਾ ਦੇ ਸਹੁਰਿਆਂ ਦੇ ਗੁਆਂਢੀਆਂ ਨੇ ਉਸਨੂੰ ਫ਼ੋਨ ਕਰਕੇ ਕਿਹਾ ਕਿ ਉਸਦੀ ਧੀ ਦਾ ਕਤਲ ਕਰ ਦਿੱਤਾ ਗਿਆ ਹੈ ਅਤੇ ਸਹੁਰੇ ਵਾਲੇ ਘਰੋਂ ਭੱਜ ਗਏ ਹਨ। ਸੂਤਰਾਂ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਸਦਰ ਹਸਪਤਾਲ ਭੇਜ ਦਿੱਤਾ। ਇੱਕ ਹੋਰ ਘਟਨਾ ਵਿੱਚ ਗੜਖਾ ਥਾਣਾ ਖੇਤਰ ਦੇ ਸਰਗਤ੍ਰੀ ਪਿੰਡ ਦੇ ਰਹਿਣ ਵਾਲੇ ਰਾਜੂ ਕੁਮਾਰ ਦੀ ਪਤਨੀ ਬਿੱਟੂ ਦੇਵੀ (27) ਦਾ ਉਸਦੇ ਸਹੁਰਿਆਂ ਨੇ ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਕਤਲ ਕਰ ਦਿੱਤਾ। ਇਸ ਮਾਮਲੇ ਵਿੱਚ ਮ੍ਰਿਤਕਾ ਦੇ ਮਾਪਿਆਂ, ਜੋ ਮਸਰਾਖ ਪੁਲਸ ਸਟੇਸ਼ਨ ਖੇਤਰ ਦੇ ਵਸਨੀਕ ਹਨ, ਨੇ ਪੁਲਸ ਨੂੰ ਦਿੱਤੀ ਇੱਕ ਅਰਜ਼ੀ ਵਿੱਚ ਕਿਹਾ ਕਿ ਉਨ੍ਹਾਂ ਦੀ ਧੀ ਬਿੱਟੂ ਦਾ ਕਤਲ ਉਸਦੇ ਸਹੁਰਿਆਂ ਨੇ ਇਸ ਲਈ ਕੀਤਾ, ਕਿਉਂਕਿ ਉਨ੍ਹਾਂ ਦੀਆਂ ਦਾਜ ਦੀਆਂ ਮੰਗਾਂ ਪੂਰੀਆਂ ਨਹੀਂ ਹੋਈਆਂ ਸਨ। ਘਟਨਾ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚ ਗਈ, ਜਿਸ ਨੇ ਐਫਆਈਆਰ ਦਰਜ ਕੀਤੀ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਸਦਰ ਹਸਪਤਾਲ ਭੇਜ ਦਿੱਤਾ। ਦੋਵਾਂ ਥਾਣਿਆਂ ਦੀ ਪੁਲਿਸ ਮੁਲਜ਼ਮਾਂ ਨੂੰ ਫੜਨ ਲਈ ਛਾਪੇਮਾਰੀ ਕਰ ਰਹੀ ਹੈ।



ਦਿੱਲੀ 'ਚ 20 ਰੁਪਏ ਦੇ ਨਕਲੀ ਸਿੱਕੇ ਬਣਾਉਣ ਵਾਲਾ ਗਿਰੋਹ ਬੇਨਕਾਬ, 4 ਮੁਲਜ਼ਮ ਗ੍ਰਿਫ਼ਤਾਰ

ਨਵੀਂ ਦਿੱਲੀ, 11 ਨਵੰਬਰ। ਦਿੱਲੀ ਪੁਲਸ ਨੇ 20 ਰੁਪਏ ਦੇ ਨਕਲੀ ਸਿੱਕੇ ਬਣਾਉਣ ਅਤੇ ਸਪਲਾਈ ਕਰਨ ਵਾਲੇ ਇਕ ਗਿਰੋਹ ਨੂੰ ਬੇਨਕਾਬ ਕੀਤਾ ਹੈ। ਇਸ ਦੇ ਕਥਿਤ ਸਰਗਨਾ ਸਮੇਤ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਕ ਅਧਿਕਾਰੀ ਨੇ ਐਤਵਾਰ ਦੱਸਿਆ ਕਿ ਪੁਲਸ ਨੇ ਮੁਲਜ਼ਮਾਂ ਤੋਂ ਲੱਗਭਗ 1 ਲੱਖ ਰੁਪਏ ਦੇ ਨਕਲੀ 20 ਰੁਪਏ ਦੇ ਸਿੱਕੇ ਬਰਾਮਦ ਕੀਤੇ। ਕ੍ਰਾਈਮ ਬ੍ਰਾਂਚ ਨੂੰ 8 ਸਤੰਬਰ ਨੂੰ ਇਹ ਸੂਚਨਾ ਮਿਲੀ ਸੀ ਕਿ ਮੁੰਡਕਾ ਇੰਡਸਟਰੀਅਲ ਏਰੀਆ ਮੈਟਰੋ ਸਟੇਸ਼ਨ ਨੇੜੇ ਇਕ ਵਿਅਕਤੀ ਨਕਲੀ ਸਿੱਕੇ ਪਹੁੰਚਾਉਣ ਜਾ ਰਿਹਾ ਹੈ। ਇਸ ਸੂਚਨਾ ਤੋਂ ਬਾਅਦ ਕਾਰਵਾਈ ਸ਼ੁਰੂ ਕੀਤੀ ਗਈ। ਪੁਲਸ ਦੀ ਟੀਮ ਨੇ ਪਾਰਸ ਜੈਨ (45) ਦੀ ਕਾਰ ਨੂੰ ਰੋਕਿਆ ਤੇ ਪਿਛਲੀ ਸੀਟ 'ਤੇ ਇਕ ਬੈਗ 'ਚੋਂ ਪਾਲੀਥੀਨ ਦੇ 50 ਪਾਊਚਾਂ 'ਚ ਪੈਕ ਕੀਤੇ 20-20 ਰੁਪਏ ਦੇ 5000 ਨਕਲੀ ਸਿੱਕੇ ਬਰਾਮਦ ਕੀਤੇ। ਪੁੱਛਗਿੱਛ ਦੌਰਾਨ ਜੈਨ ਨੇ ਖੁਲਾਸਾ ਕੀਤਾ ਕਿ ਉਸ ਨੇ ਨਕਲੀ ਸਿੱਕੇ ਉਪਕਾਰ ਲੂਥਰਾ ਉਰਫ਼ ਅਭੈ ਪ੍ਰਤਾਪ ਸਿੰਘ (58) ਤੋਂ ਲਏ ਸਨ। ਦੋਸ਼ ਹੈ ਕਿ ਉਪਕਾਰ ਲੂਥਰਾ ਨੇ ਇਕ ਲੱਖ ਰੁਪਏ ਦੇ ਮੁੱਲ ਵਾਲੇ ਇਹ ਸਿੱਕੇ ਬਾਜ਼ਾਰ 'ਚ ਲੱਗਭਗ 70,000 ਰੁਪਏ 'ਚ ਚਲਾਉਣ ਲਈ ਉਪਲਬਧ ਕਰਵਾਏ ਸਨ। ਪੁਲਸ ਅਨੁਸਾਰ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਜੈਨ ਦੀ ਗ੍ਰਿਫਤਾਰੀ ਤੋਂ ਬਾਅਦ ਲੂਥਰਾ ਆਪਣੀ ਨਕਲੀ ਸਿੱਕਾ ਨਿਰਮਾਣ ਇਕਾਈ ਨੂੰ ਸੋਨੀਪਤ ਤੋਂ ਸਹਾਰਨਪੁਰ 'ਚ ਤਬਦੀਲ ਕਰਨ ਵਾਲਾ ਸੀ।

ਮਹਿੰਗਾਈ ਦਾ ਵੱਡਾ ਝਟਕਾ, 8 ਰੁਪਏ ਪ੍ਰਤੀ ਲੀਟਰ ਮਹਿੰਗਾ ਹੋਇਆ ਦੁੱਧ

ਕੌਮੀ ਪਤ੍ਰਿਕਾ

ਬੈਂਗਲੂਰੂ 11 ਨਵੰਬਰ। ਬੈਂਗਲੂਰੂ ਦੇ ਵਸਨੀਕਾਂ ਨੂੰ ਹੁਣ ਵਾਧੂ ਵਿੱਤੀ ਬੋਝ ਦਾ ਸਾਹਮਣਾ ਕਰਨਾ ਪਵੇਗਾ। ਕਰਨਾਟਕ ਸਰਕਾਰ ਵੱਲੋਂ 'ਨੰਦਿਨੀ', ਜੋ ਕਿ ਰਾਜ ਦੁਆਰਾ ਚਲਾਇਆ ਜਾਣ ਵਾਲਾ ਇੱਕ ਪ੍ਰਸਿੱਧ ਦੁੱਧ ਬ੍ਰਾਂਡ ਹੈ, ਦੀ ਕੀਮਤ ਵਿੱਚ 8 ਰੁਪਏ ਪ੍ਰਤੀ ਲੀਟਰ ਦਾ ਭਾਰੀ ਵਾਧਾ ਕੀਤਾ ਗਿਆ ਹੈ। ਇਸ ਫੈਸਲੇ ਤੋਂ ਬਾਅਦ ਇਹ ਲਗਭਗ ਤੈਅ ਹੈ ਕਿ ਸ਼ਹਿਰ ਦੇ ਹੋਟਲਾਂ, ਕੈਫੇ ਅਤੇ ਰੈਸਟੋਰੈਂਟਾਂ ਵਿੱਚ ਚਾਹ, ਕੌਫੀ ਅਤੇ ਨਾਸ਼ਤੇ ਦੀਆਂ ਚੀਜ਼ਾਂ ਦੀਆਂ ਕੀਮਤਾਂ ਵੀ ਵਧ ਜਾਣਗੀਆਂ। 29 ਅਕਤੂਬਰ ਨੂੰ ਕਰਨਾਟਕ ਮੰਤਰੀ ਮੰਡਲ ਨੇ ਨੰਦਿਨੀ ਦੁੱਧ ਦੀ ਕੀਮਤ ਵਿੱਚ 8 ਰੁਪਏ ਪ੍ਰਤੀ ਲੀਟਰ ਦੇ ਵਾਧੇ ਨੂੰ ਮਨਜ਼ੂਰੀ ਦਿੱਤੀ ਸੀ। ਇਸ ਸੋਧ ਦੇ ਨਾਲ ਆਮ 'ਟੋਨਡ' ਦੁੱਧ ਦੀ ਕੀਮਤ 46 ਰੁਪਏ ਤੋਂ ਵੱਧ ਕੇ 54 ਰੁਪਏ ਪ੍ਰਤੀ ਲੀਟਰ ਹੋ ਜਾਵੇਗੀ। ਇਹ ਨਵੀਆਂ ਦਰਾਂ 11 ਨਵੰਬਰ ਤੋਂ ਲਾਗੂ ਹੋਣਗੀਆਂ। ਪੀ.ਟੀ.ਆਈ. ਦੇ ਅਨੁਸਾਰ, ਕੀਮਤ ਵਿੱਚ ਹੋਏ ਇਸ ਵਾਧੇ ਵਿੱਚੋਂ 7 ਰੁਪਏ ਪ੍ਰਤੀ ਲੀਟਰ ਸਿੱਧੇ ਡੇਅਰੀ ਕਿਸਾਨਾਂ ਨੂੰ ਜਾਣਗੇ, ਜਦੋਂ ਕਿ ਬਾਕੀ 1 ਰੁਪਿਆ ਦੁੱਧ ਯੂਨੀਅਨਾਂ ਕੋਲ ਜਾਵੇਗਾ। ਦੁੱਧ ਯੂਨੀਅਨਾਂ ਨੇ ਪਸ਼ੂਆਂ ਦੇ ਚਾਰੇ, ਪਸ਼ੂਆਂ ਦੀਆਂ ਦਵਾਈਆਂ, ਆਵਾਜਾਈ ਅਤੇ ਪੈਕੇਜਿੰਗ ਦੀ ਵਧਦੀ ਲਾਗਤ ਦਾ ਹਵਾਲਾ ਦਿੰਦੇ ਹੋਏ ਕੀਮਤਾਂ ਵਿੱਚ ਵਾਧੇ ਦੀ ਮੰਗ ਕੀਤੀ ਸੀ। ਦੁੱਧ ਦੀਆਂ ਕੀਮਤਾਂ ਵਿੱਚ ਆਏ ਇਸ ਅਚਾਨਕ ਉਛਾਲ ਤੋਂ ਬਾਅਦ ਬੈਂਗਲੂਰੂ ਹੋਟਲਜ਼ ਐਸੋਸੀਏਸ਼ਨ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਸੰਕੇਤ ਦਿੱਤਾ ਹੈ ਕਿ ਮੀਨੂ ਦੀਆਂ ਕੀਮਤਾਂ ਵਧਾਈਆਂ ਜਾ ਸਕਦੀਆਂ ਹਨ। ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਕਿ ਜੇਕਰ ਦੁੱਧ ਦੀ ਕੀਮਤ ਵਿੱਚ ਸਿਰਫ਼ 2-3 ਰੁਪਏ ਪ੍ਰਤੀ ਲੀਟਰ ਦਾ ਵਾਧਾ ਹੁੰਦਾ, ਤਾਂ ਉਹ ਇਸ ਵਾਧੂ ਖਰਚੇ ਨੂੰ ਗਾਹਕਾਂ 'ਤੇ ਪਾਉਣ ਦੀ ਬਜਾਏ ਖੁਦ ਹੀ ਸਹਿ ਲੈਂਦੇ। ਹਾਲਾਂਕਿ, 8 ਰੁਪਏ ਪ੍ਰਤੀ ਲੀਟਰ ਦੇ ਭਾਰੀ ਵਾਧੇ ਨੂੰ ਦੇਖਦੇ ਹੋਏ ਉਹ ਹੁਣ ਉਨ੍ਹਾਂ ਸਾਰੀਆਂ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਕੀਮਤਾਂ ਵਧਾਉਣ ਲਈ ਮਜਬੂਰ ਹਨ, ਜਿਨ੍ਹਾਂ ਵਿੱਚ ਦੁੱਧ ਦੀ ਵਰਤੋਂ ਕੀਤੀ ਜਾਂਦੀ ਹੈ। ਦੁੱਧ ਤੋਂ ਇਲਾਵਾ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਅਤੇ ਸੰਚਾਲਨ ਖਰਚੇਵੀ ਵਧ ਰਹੇ ਹਨ। ਨਤੀਜੇ ਵਜੋਂ ਆਉਣ ਵਾਲੇ ਹਫ਼ਤਿਆਂ ਵਿੱਚ ਬੈਂਗਲੂਰੂ ਦੇ ਵਸਨੀਕਾਂ ਨੂੰ ਬੇਕਰੀਆਂ, ਦੱਖਣੀ ਭਾਰਤੀ 'ਟਿਫਿਨ' ਸੈਂਟਰਾਂ ਅਤੇ ਸਥਾਨਕ ਕੈਫੇ ਵਿੱਚ ਆਪਣੇ ਰੋਜ਼ਾਨਾ ਦੇ ਨਾਸ਼ਤੇ ਲਈ ਵਧੇਰੇ ਪੈਸੇ ਖਰਚਣੇ ਪੈ ਸਕਦੇ ਹਨ। ਹਾਲਾਂਕਿ, ਐਸੋਸੀਏਸ਼ਨ ਨੇ ਸਪੱਸ਼ਟ ਕੀਤਾ ਹੈ ਕਿ 11 ਨਵੰਬਰ ਤੋਂ ਹਰ ਰੈਸਟੋਰੈਂਟ ਵੱਲੋਂ ਤੁਰੰਤ ਕੀਮਤਾਂ ਵਧਾ ਦਿੱਤੀਆਂ ਜਾਣਗੀਆਂ, ਅਜਿਹਾ ਜ਼ਰੂਰੀ ਨਹੀਂ ਹੈ। ਹਰੇਕ ਹੋਟਲ ਮਾਲਕ ਆਪਣੀ ਰੋਜ਼ਾਨਾ ਖਪਤ, ਸੰਚਾਲਨ ਖਰਚਿਆਂ ਅਤੇ ਮੁਨਾਫੇ ਦੇ ਹਾਸ਼ੀਏ (ਪ੍ਰੋਫਿਟ ਮਾਰਜਿਨ) ਦਾ ਮੁਲਾਂਕਣ ਕਰਨ ਤੋਂ ਬਾਅਦ ਹੀ ਨਵੀਆਂ ਦਰਾਂ ਲਾਗੂ ਕਰੇਗਾ।



ਖਾਤੇ 'ਚ ਆਇਆ 1 ਲੱਖ ਕਰੋੜ, ਫ਼ਿਰ ਵੀ ਖ਼ਾਲੀ ਹੱਥ ਰਹਿ ਗਿਆ ਨੌਜਵਾਨ !

ਸੀਕਰ 11 ਨਵੰਬਰ। ਰਾਜਸਥਾਨ ਦੇ ਸੀਕਰ ਜ਼ਿਲ੍ਹੇ 'ਚ ਮੈਡੀਕਲ ਸਟੋਰ 'ਚ ਕੰਮ ਕਰਨ ਵਾਲਾ ਇਕ ਨੌਜਵਾਨ ਉਸ ਸਮੇਂ ਹੈਰਾਨ ਰਹਿ ਗਿਆ ਜਦੋਂ ਉਸ ਨੂੰ ਉਸਦੇ ਬੈਂਕ ਤੋਂ ਮੈਸੇਜ ਆਇਆ ਕਿ ਉਸ ਦੇ ਖਾਤੇ 'ਚ 1 ਲੱਖ ਕਰੋੜ ਰੁਪਏ 'ਬਲਾਕ' ਕਰ ਦਿੱਤੇ ਗਏ ਹਨ। ਪੁਲਸ ਨੇ ਦੱਸਿਆ ਕਿ ਬਾਅਦ 'ਚ ਪਤਾ ਲੱਗਾ ਕਿ ਇਹ ਮੈਸੇਜ ਇਕ ਤਕਨੀਕੀ ਖਰਾਬੀ ਕਾਰਨ ਆਇਆ ਸੀ ਅਤੇ ਅਸਲ 'ਚ ਉਸ ਦੇ ਖਾਤੇ 'ਚ ਇੰਨੀ ਵੱਡੀ ਰਕਮ ਨਹੀਂ ਆਈ। ਸੀਕਰ ਸਾਈਬਰ ਥਾਣੇ ਦੇ ਸਹਾਇਕ ਸਬ-ਇੰਸਪੈਕਟਰ ਦੀਨਦਿਆਲ ਨੇ ਦੱਸਿਆ ਕਿ ਸਮੀਰ ਖਾਨ ਕੋਤਵਾਲੀ ਥਾਣਾ ਖੇਤਰ 'ਚ ਬੱਸ ਸਟੈਂਡ ਦੇ ਨੇੜੇ ਇਕ ਮੈਡੀਕਲ ਸਟੋਰ 'ਚ ਕੰਮ ਕਰਦਾ ਹੈ। ਉਨ੍ਹਾਂ ਦੱਸਿਆ ਕਿ ਬੁੱਧਵਾਰ ਨੂੰ ਸਮੀਰ ਨੂੰ ਇਕ ਮੈਸੇਜ ਆਇਆ, ਜਿਸ 'ਚ ਕਿਹਾ ਗਿਆ ਸੀ ਕਿ ਉਸ ਦੇ ਬੈਂਕ ਖਾਤੇ 'ਚ 1 ਲੱਖ ਕਰੋੜ ਰੁਪਏ 'ਬਲਾਕ' ਕਰ ਦਿੱਤੇ ਗਏ ਹਨ। ਉਨ੍ਹਾਂ ਦੱਸਿਆ ਕਿਹਾ ਕਿ ਸਮੀਰ ਦੇ ਖਾਤੇ 'ਚ ਪਹਿਲਾਂ ਤੋਂ ਜਮ?ਹਾਂ 55,000 ਰੁਪਏ ਨੂੰ ਵੀ ਹੋਲਡ (ਰੋਕ) ਕਰ ਦਿੱਤਾ ਗਿਆ ਸੀ। ਪੁਲਸ ਨੇ ਕਿਹਾ ਕਿ ਖਾਤਾਧਾਰਕ ਸਮੀਰ ਖਾਨ ਨੇ ਘਬਰਾ ਕੇ ਇਸ ਬਾਰੇ ਮੈਡੀਕਲ ਸਟੋਰ ਦੇ ਮਾਲਕ ਧੀਰਜ ਮਟੋਲੀਆ ਨੂੰ ਦੱਸਿਆ ਅਤੇ ਫਿਰ ਦੋਵੇਂ ਸਾਈਬਰ ਥਾਣੇ ਗਏ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਕਰਨ ਤੋਂ ਬਾਅਦ ਪੁਲਸ ਨੇ ਪੁਸ਼ਟੀ ਕੀਤੀ ਕਿ ਮੈਸੇਜ ਤਕਨੀਕੀ ਖਰਾਬੀ ਕਾਰਨ ਆਇਆ ਸੀ। ਫਿਰ ਖਾਨ ਨੇ ਆਪਣੇ ਬੈਂਕ ਨਾਲ ਸੰਪਰਕ ਕੀਤਾ, ਜਿੱਥੇ ਉਨ੍ਹਾਂ ਨੇ ਵੀ ਗਲਤੀ ਦੀ ਪੁਸ਼ਟੀ ਕੀਤੀ। ਪੁਲਸ ਸਬ-ਇੰਸਪੈਕਟਰ ਨੇ ਕਿਹਾ ਕਿ ਸ਼ਿਕਾਇਤਕਰਤਾ ਦੇ 55,000 ਰੁਪਏ 'ਤੇ ਲੱਗੀ ਰੋਕ ਬਾਅਦ 'ਚ ਹਟਾ ਦਿੱਤੀ ਗਈ।

ਨਿੱਜੀ ਯੂਨੀਵਰਸਿਟੀ ਦੀ ਵਿਦਿਆਰਥਣ ਨੇ ਚੁੱਕਿਆ ਖੌਫਨਾਕ ਕਦਮ

ਜੈਪੁਰ 11 ਨਵੰਬਰ। ਜੈਪੁਰ ਦੀ ਇੱਕ ਨਿੱਜੀ ਯੂਨੀਵਰਸਿਟੀ ਦੀ ਇੱਕ ਵਿਦਿਆਰਥਣ ਨੇ ਸ਼ਨੀਵਾਰ ਨੂੰ ਇੱਕ ਇਮਾਰਤ ਦੀ ਛੇਵੀਂ ਮੰਜ਼ਿਲ ਤੋਂ ਛਾਲ ਮਾਰ ਕੇ ਕਥਿਤ ਤੌਰ 'ਤੇ ਖੁਦਕੁਸ਼ੀ ਕਰ ਲਈ। ਪੁਲਸ ਨੇ ਦੱਸਿਆ ਕਿ 23 ਸਾਲਾ ਯਸ਼ਸਵੀ ਰੋਹਿਲਾ ਬੈਚਲਰ ਆਫ਼ ਮੈਨੇਜਮੈਂਟ (ਐਮਬੀਏ) ਕਰ ਰਹੀ ਸੀ। ਰਿਪੋਰਟ ਦੇ ਅਨੁਸਾਰ ਪੀੜਤਾ ਇੱਕ ਨਿੱਜੀ ਯੂਨੀਵਰਸਿਟੀ ਵਿੱਚ ਐਮਬੀਏ ਦੂਜੇ ਸਾਲ ਦੀ ਵਿਦਿਆਰਥਣ ਸੀ ਅਤੇ ਸ਼ਹਿਰ ਦੇ ਗੁਰਜਰ ਕੀ ਥਾਡੀ ਖੇਤਰ ਦੇ ਪ੍ਰੇਮ ਨਗਰ ਦੀ ਰਹਿਣ ਵਾਲੀ ਸੀ। ਇਹ ਘਟਨਾ ਸ਼ਨੀਵਾਰ ਸਵੇਰੇ 9:45 ਵਜੇ ਪ੍ਰੀਖਿਆ ਸ਼ੁਰੂ ਹੋਣ ਤੋਂ ਥੋੜ੍ਹੀ ਦੇਰ ਪਹਿਲਾਂ ਵਾਪਰੀ ਹੈ। ਪੁਲਸ ਨੇ ਦੱਸਿਆ ਕਿ ਪ੍ਰੀਖਿਆ ਹਾਲ ਵਿੱਚ ਦਾਖਲ ਹੋਣ ਤੋਂ ਪਹਿਲਾਂ ਵਿਦਿਆਰਥਣ ਨੂੰ ਇੱਕ ਫ਼ੋਨ ਕਾਲ ਆਇਆ ਸੀ। ਫਿਰ ਉਹ ਯੂਨੀਵਰਸਿਟੀ ਦੀ ਇਮਾਰਤ ਦੀ ਛੇਵੀਂ ਮੰਜ਼ਿਲ 'ਤੇ ਚਲੀ ਗਈ। ਪੁਲਸ ਦੇ ਅਨੁਸਾਰ, ਕੁਝ ਵਿਦਿਆਰਥੀਆਂ ਨੇ ਉਸਨੂੰ ਇਮਾਰਤ ਦੇ ਪੈਰਾਪੇਟ ਦੇ ਕਿਨਾਰੇ ਬੈਠਾ ਦੇਖਿਆ ਅਤੇ ਉਸਨੂੰ ਰੋਕਣ ਲਈ ਭੱਜੇ ਪਰ ਉਨ੍ਹਾਂ ਦੇ ਪਹੁੰਚਣ ਤੋਂ ਪਹਿਲਾਂ ਹੀ ਉਸਨੇ ਹੇਠਾਂ ਛਾਲ ਮਾਰ ਦਿੱਤੀ। ਉਸ ਦੇ ਸਹਿਪਾਠੀਆਂ ਨੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਦੱਸਿਆ ਕਿ ਉਹ ਘਟਨਾ ਤੋਂ ਥੋੜ੍ਹੀ ਦੇਰ ਪਹਿਲਾਂ ਉਨ੍ਹਾਂ ਨਾਲ ਗੱਲ ਕਰ ਰਹੀ ਸੀ। ਉਸਨੂੰ ਤੁਰੰਤ ਨੇੜਲੇ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਲਾਸ਼ ਨੂੰ ਹਸਪਤਾਲ ਦੇ ਮੁਰਦਾਘਰ ਵਿੱਚ ਰੱਖਵਾ ਦਿੱਤਾ ਗਿਆ ਹੈ। ਪੁਲਸ ਨੇ ਕਿਹਾ ਕਿ ਖੁਦਕੁਸ਼ੀ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਅਧਿਕਾਰੀ ਨੇ ਕਿਹਾ, ਅਸੀਂ ਉਸਦੇ ਸਹਿਪਾਠੀਆਂ ਨਾਲ ਗੱਲ ਕੀਤੀ ਹੈ ਪਰ ਅਜੇ ਤੱਕ ਕੋਈ ਕਾਰਨ ਸਾਹਮਣੇ ਨਹੀਂ ਆਇਆ। ਇਸ ਘਟਨਾ ਤੋਂ ਬਾਅਦ ਯੂਨੀਵਰਸਿਟੀ ਨੇ ਸ਼ਨੀਵਾਰ ਨੂੰ ਹੋਣ ਵਾਲੀ ਪ੍ਰੀਖਿਆ ਮੁਲਤਵੀ ਕਰ ਦਿੱਤੀ।



ਹਿਮਾਚਲ 'ਚ ਭਿਆਨਕ ਹਾਦਸਾ: ਕਾਰ ਦੇ ਉੱਡੇ ਪਰਖੱਚੇ, ਮਾਂ-ਪੁੱਤ ਸਮੇਤ 5 ਲੋਕਾਂ ਦੀ ਮੌਤ

ਰੋਹੜੂ 11 ਨਵੰਬਰ। ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਜ਼ਿਲ੍ਹੇ ਦੇ ਰੋਹੜੂ ਸਬ-ਡਿਵੀਜ਼ਨ ਦੇ ਨਾਵਰ ਇਲਾਕੇ ਵਿੱਚ ਸ਼ਨੀਵਾਰ ਸਵੇਰੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਦਰੋਤੀ ਪਿੰਡ ਨੇੜੇ ਹੋਏ ਇਸ ਹਾਦਸੇ ਵਿੱਚ ਮਾਂ-ਪੁੱਤ ਸਮੇਤ ਪੰਜ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਇੱਕ ਹੋਰ ਨੇਪਾਲੀ ਮਜ਼ਦੂਰ ਗੰਭੀਰ ਜ਼ਖਮੀ ਹੋ ਗਿਆ। ਪੂਰਾ ਇਲਾਕਾ ਸੋਗ ਵਿੱਚ ਡੁੱਬ ਗਿਆ। ਰਿਪੋਰਟਾਂ ਅਨੁਸਾਰ, ਸ਼ਨੀਵਾਰ ਸਵੇਰੇ, ਦਰੋਤੀ ਪਿੰਡ ਦੇ ਰਹਿਣ ਵਾਲੇ ਪ੍ਰਮੋਦ ਦਾ ਪੁੱਤਰ ਕੁਸ਼ਲ (27) ਆਪਣੀ ਮਾਂ ਕਲਪਨਾ ਦੇਵੀ (47) ਅਤੇ ਕੁਝ ਨੇਪਾਲੀ ਮਜ਼ਦੂਰਾਂ ਨੂੰ ਘਾਹ ਕੱਟਣ ਲਈ ਆਪਣੀ ਗੱਡੀ ਵਿੱਚ ਲੈ ਜਾ ਰਿਹਾ ਸੀ। ਇਸ ਦੌਰਾਨ ਉਨ੍ਹਾਂ ਦੀ ਗੱਡੀ ਗੁਜੰਡਾਲੀ ਅਤੇ ਦਰੋਤੀ ਦੇ ਵਿਚਕਾਰ ਪਾਨੂ ਨਾਮਕ ਜਗ?ਹਾ 'ਤੇ ਹਾਦਸੇ ਦਾ ਸ਼ਿਕਾਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਕੁਸ਼ਲ, ਉਸਦੀ ਮਾਂ ਅਤੇ ਗੱਡੀ ਵਿੱਚ ਸਵਾਰ ਤਿੰਨ ਨੇਪਾਲੀ ਮਹਿਲਾ ਮਜ਼ਦੂਰਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਾਨ ਗਵਾਉਣ ਵਾਲੀਆਂ ਤਿੰਨ ਹੋਰ ਔਰਤਾਂ ਦੀ ਪਛਾਣ ਪਵਨ ਦੀ ਪਤਨੀ ਨਿਰਮਲਾ, ਪ੍ਰੇਮ ਦੀ ਪਤਨੀ ਮੀਨਾ ਅਤੇ ਪ੍ਰੇਮ ਦੀ ਧੀ ਰੋਸ਼ਨੀ ਵਜੋਂ ਹੋਈ ਹੈ। ਇਸ ਹਾਦਸੇ ਵਿੱਚ ਇੱਕ ਨੇਪਾਲੀ ਮਜ਼ਦੂਰ ਪ੍ਰੇਮ ਗੰਭੀਰ ਜ਼ਖਮੀ ਹੋ ਗਿਆ ਹੈ, ਜਿਸਨੂੰ ਸਥਾਨਕ ਹਸਪਤਾਲ ਵਿੱਚ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਗੰਭੀਰ ਹਾਲਤ ਵਿੱਚ ਸ਼ਿਮਲਾ ਰੈਫਰ ਕਰ ਦਿੱਤਾ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਸਥਾਨਕ ਪ੍ਰਸ਼ਾਸਨ ਅਤੇ ਪੁਲਸ ਮੌਕੇ 'ਤੇ ਪਹੁੰਚ ਗਈ। ਟਿੱਕਰ ਦੇ ਤਹਿਸੀਲਦਾਰ ਪ੍ਰਿਯਾਂਜਲੀ ਅਤੇ ਡਿਪਟੀ ਤਹਿਸੀਲਦਾਰ ਮੇਹਰ ਸਿੰਘ ਫਿਸ਼ਟਾਂ ਨੇ ਹਾਦਸੇ ਦੀ ਪੁਸ਼ਟੀ ਕੀਤੀ। ਮਾਲ ਅਧਿਕਾਰੀ ਸਥਿਤੀ ਦਾ ਜਾਇਜ਼ਾ ਲੈਣ ਲਈ ਮੌਕੇ 'ਤੇ ਪਹੁੰਚੇ, ਅਤੇ ਪ੍ਰਸ਼ਾਸਨ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 15,000 ਰੁਪਏ ਦੀ ਤੁਰੰਤ ਰਾਹਤ ਪ੍ਰਦਾਨ ਕੀਤੀ। ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਹਾਦਸੇ ਦੇ ਕਾਰਨਾਂ ਦੀ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਦੁਖਦਾਈ ਘਟਨਾ ਨੇ ਦਰੋਤੀ ਪਿੰਡ ਅਤੇ ਆਲੇ ਦੁਆਲੇ ਦੇ ਨਾਵਰ ਖੇਤਰ ਵਿੱਚ ਸੋਗ ਦੀ ਲਹਿਰ ਫੈਲਾ ਦਿੱਤੀ ਹੈ। ਮ੍ਰਿਤਕ, ਕੁਸ਼ਲ, ਕਥਿਤ ਤੌਰ 'ਤੇ ਆਪਣੀ ਸਥਾਨਕ ਪੰਚਾਇਤ ਦਾ ਵਾਰਡ ਮੈਂਬਰ ਸੀ। ਇੱਕ ਨੌਜਵਾਨ ਜਨ ਪ੍ਰਤੀਨਿਧੀ ਅਤੇ ਉਸਦੀ ਮਾਂ ਸਮੇਤ ਪੰਜ ਲੋਕਾਂ ਦੀ ਇੱਕੋ ਸਮੇਂ ਹੋਈ ਮੌਤ 'ਤੇ ਪੂਰਾ ਪਿੰਡ ਸਦਮੇ ਵਿੱਚ ਹੈ। ਪੁਲਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਹਾਦਸੇ ਦੇ ਕਾਰਨਾਂ ਦੀ ਅਗਲੇਰੀ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ।

ਸੜਕ ਵਿਚਾਲੇ ਪਟਾਕੇ ਚਲਾ ਰਹੇ ਸੀ ਮੁੰਡੇ ! ਸਬ ਇੰਸਪੈਕਟਰ ਨੇ ਰੋਕਿਆ ਤਾਂ ਨੌਜਵਾਨਾਂ ਨੇ ਕੁੱਟ-ਕੁੱਟ ਲੈ ਲਈ ਜਾਨ

ਨੈਸ਼ਨਲ ਡੈਸਕ 11 ਨਵੰਬਰ। ਤਾਮਿਲਨਾਡੂ ਦੇ ਥੇਨੀ 'ਚ ਦੀਵਾਲੀ ਦੀ ਰਾਤ ਪੁਲਸ ਸਬ-ਇੰਸਪੈਕਟਰ ਸੇਂਥਿਲ ਕੁਮਾਰ (56) ਨੇ ਨੌਜਵਾਨਾਂ ਦੇ ਇਕ ਸਮੂਹ ਨੂੰ ਸੜਕ ਦੇ ਵਿਚਕਾਰ ਪਟਾਕੇ ਚਲਾਉਣ ਅਤੇ ਆਵਾਜਾਈ ਵਿਚ ਰੁਕਾਵਟ ਪਾਉਣ 'ਤੇ ਝਿੜਕਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਅਧਿਕਾਰੀ 'ਤੇ ਜਾਨਲੇਵਾ ਹਮਲਾ ਕਰ ਦਿੱਤਾ, ਜਿਸ ਕਾਰਨ ਉਨ੍ਹਾਂ ਦੀ ਮੌਤ ਹੋ ਗਈ। ਸੇਂਥਿਲ ਕੁਮਾਰ ਡਿਊਟੀ ਪੂਰੀ ਕਰਨ ਤੋਂ ਬਾਅਦ ਸਾਦੇ ਕੱਪੜਿਆਂ ਵਿਚ ਘਰ ਵਾਪਸ ਆ ਰਹੇ ਸਨ। ਨੌਜਵਾਨਾਂ ਨਾਲ ਬਹਿਸ ਹੋਣ ਤੋਂ ਬਾਅਦ ਉਹ ਪਟਾਕੇ ਚਲਾਉਣ ਦੀ ਵੀਡੀਓ ਬਣਾਉਣ ਲੱਗੇ ਤਾਂ ਜੋ ਇਸ ਨੂੰ ਪੁਲਸ ਕੰਟਰੋਲ ਰੂਮ ਵਿਚ ਭੇਜਿਆ ਜਾ ਸਕੇ। ਇਸ ਤੋਂ ਨਾਰਾਜ਼ ਨੌਜਵਾਨਾਂ ਨੇ ਉਨ੍ਹਾਂ ਨੂੰ ਘੇਰ ਲਿਆ ਅਤੇ ਕੁੱਟਮਾਰ ਕਰਨ ਲੱਗੇ। ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਸੋਮਵਾਰ ਨੂੰ ਉਨ੍ਹਾਂ ਦੀ ਮੌਤ ਹੋ ਗਈ। ਉਹ ਪਹਿਲਾਂ ਤੋਂ ਹੀ ਦਿਲ ਦੀ ਬੀਮਾਰੀ ਤੋਂ ਪੀੜਤ ਸਨ ਅਤੇ ਮੰਨਿਆ ਜਾ ਰਿਹਾ ਹੈ ਕਿ ਇਸ ਕਾਰਨ ਕੁੱਟਮਾਰ ਦੌਰਾਨ ਲੱਗੀਆਂ ਸੱਟਾਂ ਦਾ ਅਸਰ ਹੋਰ ਵੀ ਘਾਤਕ ਸਾਬਤ ਹੋਇਆ। ਪੁਲਸ ਨੇ ਇਸ ਮਾਮਲੇ ਵਿਚ ਕਈ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

1,500 ਦਾ ਅੰਦਾਜ਼ਾ ਤੇ ਪਹੁੰਚ ਗਏ 7,000 ਲੋਕ ! ਵਿਆਹ ਦੀ ਰਜਿਸਟਰੇਸ਼ਨ ਲਈ ਲਾ'ਤੀਆਂ ਲੰਬੀਆਂ ਲਾਈਨਾਂ

ਕੌਮੀ ਪਤ੍ਰਿਕਾ

ਕੋਝੀਕੋਡ 11 ਨਵੰਬਰ। ਕੇਰਲ ਦੇ ਕੋਝੀਕੋਡ ਨੇੜੇ ਕਰਨਥੁਰ ਸਥਿਤ ਹਰ ਹਰ ਮਹਾਦੇਵ ਮੰਦਰ 'ਚ ਮੁਫ਼ਤ ਵਿਆਹ ਰਜਿਸਟਰੇਸ਼ਨ ਕੈਂਪ ਦੇ ਆਯੋਜਕਾਂ ਨੇ 1,500 ਅਰਜ਼ੀ ਫਾਰਮਾਂ ਦਾ ਪ੍ਰਬੰਧ ਕੀਤਾ ਸੀ ਅਤੇ ਆਮ ਗਿਣਤੀ ਲੋਕਾਂ ਦੇ ਆਉਣ ਦੀ ਉਮੀਦ ਸੀ। ਹਾਲਾਂਕਿ, ਉਨ੍ਹਾਂ ਦੀਆਂ ਉਮੀਦਾਂ ਦੇ ਉਲਟ, ਲਗਭਗ 7,000 ਲੋਕ 1 ਨਵੰਬਰ ਨੂੰ ਕੈਂਪ 'ਚ ਪਹੁੰਚੇ, ਜਿਨ੍ਹਾਂ 'ਚੋਂ ਬਹੁਤ ਸਾਰੇ ਜੀਵਨ ਸਾਥੀ ਦੀ ਭਾਲ 'ਚ ਦੂਰ-ਦੁਰਾਡੇ ਜ਼ਿਲ੍ਹਿਆਂ ਤੋਂ ਆਏ ਸਨ। ਭੀੜ ਇੰਨੀ ਜ਼ਿਆਦਾ ਸੀ ਕਿ ਅਰਜ਼ੀ ਫਾਰਮ ਘੰਟਿਆਂ 'ਚ ਹੀ ਖਤਮ ਹੋ ਗਏ। ਆਯੋਜਕਾਂ ਨੂੰ ਪਹਿਲਾਂ ਉਨ੍ਹਾਂ ਦੀ ਫੋਟੋਕਾਪੀ ਕਰਵਾਉਣੀ ਪਈ ਅਤੇ ਬਾਅਦ 'ਚ ਹਜ਼ਾਰਾਂ ਵਾਧੂ ਕਾਪੀਆਂ ਛਾਪਣ ਲਈ ਇਕ ਪ੍ਰਿੰਟਿੰਗ ਪ੍ਰੈਸ ਨਾਲ ਸੰਪਰਕ ਕਰਨਾ ਪਿਆ। ਮੰਦਰ ਦੇ ਬਾਹਰ ਲੋਕਾਂ ਦੀ ਲਾਈਨ ਕੰਪਲੈਕਸ ਤੋਂ ਅੱਗੇ ਨਿਕਲ ਕੇ ਨੈਸ਼ਨਲ ਹਾਈਵੇਅ 'ਤੇ 2 ਬੱਸ ਅੱਡਿਆਂ ਤੱਕ ਪਹੁੰਚ ਗਈ। ਭੀੜ ਨੂੰ ਕਾਬੂ ਕਰਨ ਅਤੇ ਸਥਿਤੀ ਨੂੰ ਸੰਭਾਲਣ ਲਈ ਪੁਲਸ ਬੁਲਾਉਣੀ ਪਈ, ਜਿਸ ਨਾਲ ਆਵਾਜਾਈ 'ਚ ਵਿਘਨ ਪਿਆ। ਮੰਦਰ ਪਹੁੰਚੇ ਲੋਕਾਂ ਲਈ ਇਹ ਕੈਂਪ ਸਾਲਾਂ ਤੋਂ ਜੀਵਨਸਾਥੀ ਦੀ ਭਾਲ 'ਚ ਜੁਟੇ ਲੋਕਾਂ ਲਈ ਇਕ ਉਮੀਦ ਬਣ ਕੇ ਆਇਆ। ਸੋਸ਼ਲ ਮੀਡੀਆ 'ਤੇ 2 ਹਫ਼ਤੇ ਪਹਿਲਾਂ ਇਸ ਦਾ ਐਲਾਨ ਕੀਤਾ ਗਿਆ ਸੀ, ਜਿਸ ਤੋਂ ਬਾਅਦ ਵਟਸਐਪ ਅਤੇ ਫੇਸਬੁੱਕ ਰਾਹੀਂ ਇਸ ਦੀ ਜਾਣਕਾਰੀ ਪੂਰੇ ਕੇਰਲਮ 'ਚ ਫੈਲ ਗਈ। ਕਨੂੰਰ, ਵਾਇਨਾਡ ਅਤੇ ਪਲੱਕੜ ਸਮੇਤ ਕਈ ਜ਼ਿਲ੍ਹਿਆਂ ਦੇ ਲੋਕ ਇੱਥੇ ਪਹੁੰਚੇ। ਕੁਝ ਲੋਕਾਂ ਨੇ ਕੈਂਪ 'ਚ ਸ਼ਾਮਲ ਹੋਣ ਲਈ ਸ਼ਹਿਰ 'ਚ ਕਮਰੇ ਵੀ ਬੁੱਕ ਕਰਵਾਏ ਸਨ। ਸਵੇਰੇ 9 ਵਜੇ ਸ਼ੁਰੂ ਹੋਣਾ ਵਾਲਾ ਕੈਂਪ ਭੀੜ ਕਾਰਨ 2 ਘੰਟੇ ਪਹਿਲਾਂ ਹੀ ਸ਼ੁਰੂ ਕਰ ਦਿੱਤਾ ਗਿਆ। ਚਾਰ ਘੰਟੇ ਦਾ ਪ੍ਰੋਗਰਾਮ ਸ਼ਾਮ ਤੱਕ ਚੱਲਿਆ। ਪ੍ਰਬੰਧਕਾਂ ਦੇ ਅਨੁਸਾਰ, ਰਜਿਸਟਰੇਸ਼ਨ ਕਰਵਾਉਣ ਵਾਲਿਆਂ 'ਚ ਲਗਭਗ 80 ਫੀਸਦੀ ਪੁਰਸ਼ ਸਨ। ਬਹੁਤ ਸਾਰੇ 30 ਸਾਲ ਤੋਂ ਵੱਧ ਉਮਰ ਦੇ ਸਨ, ਜਦੋਂ ਕਿ ਕੁਝ 40 ਅਤੇ 50 ਦੇ ਸਾਲ ਦੇ ਸਨ। ਅਰਜ਼ੀ ਦੇਣ ਵਾਲੀਆਂ ਬਹੁਤ ਸਾਰੀਆਂ ਔਰਤਾਂ ਦੂਜੇ ਵਿਆਹ ਲਈ ਜੀਵਨਸਾਥੀ ਲੱਭ ਰਹੀਆਂ ਸਨ। ਇਕ ਔਰਤ ਨੇ ਕਿਹਾ ਕਿ ਉਹ ਆਪਣੇ ਪੁੱਤਰ ਲਈ ਲਾੜੀ ਲੱਭ ਰਹੀ ਸੀ ਅਤੇ ਉਸ ਨੂੰ ਉਮੀਦ ਹੈ ਕਿ ਇਸ ਕੈਂਪ ਨਾਲ ਉਸ ਦੀ ਇੱਛਾ ਪੂਰੀ ਹੋ ਸਕਦੀ ਹੈ। ਮੰਦਰ ਕਮੇਟੀ ਦੇ ਪ੍ਰਤੀਨਿਧੀਆਂ ਨੇ ਕਿਹਾ ਕਿ ਇਹ ਪਹਿਲ ਧਾਰਮਿਕ ਗਤੀਵਿਧੀਆਂ ਤੋਂ ਪਰੇ ਸਮਾਜ ਸੇਵਾ ਨੂੰ ਵਧਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਸੀ। ਕਮੇਟੀ ਆਰਥਿਕ ਤੌਰ 'ਤੇ ਪਛੜੇ ਪਰਿਵਾਰਾਂ ਅਤੇ ਮਰੀਜ਼ਾਂ ਦੀ ਵੀ ਮਦਦ ਕਰਦੀ ਹੈ। ਇਕ ਪ੍ਰਤੀਨਿਧੀ ਨੇ ਕਿਹਾ ਕਿ ਸ਼ੁਰੂ 'ਚ 1,500 ਤੋਂ 2,000 ਲੋਕਾਂ ਦੀ ਉਮੀਦ ਸੀ, ਪਰ ਪ੍ਰਤੀਕਿਰਿਆ ਕਿਤੇ ਵੱਧ ਰਹੀ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਮਾਪੇ ਆਪਣੇ ਪੁੱਤਰਾਂ ਲਈ ਢੁਕਵੇਂ ਜੀਵਨ ਸਾਥੀ ਨਾ ਮਿਲਣ ਬਾਰੇ ਚਿੰਤਤ ਹਨ। ਜਦੋਂ ਅਰਜ਼ੀ ਫਾਰਮ ਖਤਮ ਹੋਣ 'ਤੇ ਆਯੋਜਕਾਂ ਨੇ 4,000 ਵਾਧੂ ਕਾਪੀਆਂ ਛਪਵਾਈਆਂ ਤਾਂ ਜੋ ਦੂਰ-ਦੁਰਾਡੇ ਤੋਂ ਆਏ ਲੋਕਾਂ ਨੂੰ ਵਾਪਸ ਨਾ ਜਾਣਾ ਪਵੇ। ਕਮੇਟੀ ਹੁਣ ਬਿਨੈਕਾਰਾਂ ਦੀ ਸੂਚੀ ਤਿਆਰ ਕਰਨ ਅਤੇ ਇਸ ਨੂੰ ਉਪਲਬਧ ਕਰਾਉਣ ਦੀ ਯੋਜਨਾ ਬਣਾ ਰਹੀ ਹੈ। ਇਸ 'ਚ 10 ਤੋਂ 20 ਦਿਨ ਲੱਗ ਸਕਦੇ ਹਨ ਅਤੇ ਬਿਨੈਕਾਰ ਨੂੰ ਅਗਲੇ ਮਹੀਨੇ ਦੀ ਪਹਿਲੀ ਤਾਰੀਖ ਤੱਕ ਜਵਾਬ ਮਿਲਣ ਦੀ ਉਮੀਦ ਹੈ। ਪ੍ਰਬੰਧਕਾਂ ਨੇ 211 ਨਵੰਬਰ ਤੋਂ ਬਾਅਦ ਹਰ ਐਤਵਾਰ ਸਵੇਰੇ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੈਂਪ ਲਗਾਉਣ ਦਾ ਫੈਸਲਾ ਕੀਤਾ ਹੈ। ਕਮੇਟੀ ਦਾ ਮੰਨਣਾ ਹੈ ਕਿ ਜੀਵਨ ਸਾਥੀ ਲੱਭਣ ਲਈ ਸੰਘਰਸ਼ ਕਰ ਰਹੇ ਲੋਕਾਂ ਦੀ ਮਦਦ ਲਈ ਦੂਜੇ ਮੰਦਰ ਵੀ ਅਜਿਹੀ ਪਹਿਲ ਕਰ ਸਕਦੇ ਹਨ।



ਸਕੂਲ 'ਚ ਕੁੜੀ ਦੀ ਕੁੱਟਮਾਰ ਦੇ ਮਾਮਲੇ 'ਚ 2 ਅਧਿਆਪਕ ਸਸਪੈਂਡ !

ਨੈਸ਼ਨਲ ਡੈਸਕ 11 ਨਵੰਬਰ। ਹਰਿਆਣਾ ਦੇ ਪੰਚਕੂਲਾ ਸਥਿਤ ਇੱਕ ਸਰਕਾਰੀ ਸਕੂਲ 'ਚ 6 ਸਾਲਾ ਮਾਸੂਮ ਬੱਚੀ ਨਾਲ ਤੀਜੀ ਜਮਾਤ ਦੇ ਵਿਦਿਆਰਥੀ ਵੱਲੋਂ ਕੀਤੀ ਗਈ ਕੁੱਟਮਾਰ ਦੇ ਮਾਮਲੇ 'ਚ ਕਾਰਵਾਈ ਕਰਦਿਆਂ ਸਿੱਖਿਆ ਵਿਭਾਗ ਨੇ ਦੋ ਜੂਨੀਅਰ ਬੇਸਿਕ ਟਰੇਨਿੰਗ ਅਧਿਆਪਕਾਂ ਨੂੰ ਤੁਰੰਤ ਪ੍ਰਭਾਵ ਨਾਲ ਸਸਪੈਂਡ ਕਰ ਦਿੱਤਾ ਹੈ। ਮੁਅੱਤਲ ਕੀਤੇ ਗਏ ਅਧਿਆਪਕਾਂ ਦੀ ਪਛਾਣ ਸਿਮਰਨਜੀਤ ਕੌਰ ਅਤੇ ਪੂਜਾ ਰਾਣੀ ਵਜੋਂ ਹੋਈ ਹੈ। ਦੂਜੇ ਪਾਸੇ, ਹਰਿਆਣਾ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਨੇ ਇਸ ਮਾਮਲੇ ਦਾ ਸੂ-ਮੋਟੂ ਨੋਟਿਸ ਲੈਂਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਤੋਂ ਵਿਸਥਾਰਪੂਰਵਕ ਰਿਪੋਰਟ ਤਲਬ ਕੀਤੀ ਹੈ। ਪੀੜਤ ਪਰਿਵਾਰ ਅਨੁਸਾਰ, ਤੀਜੀ ਜਮਾਤ ਦੇ ਇੱਕ ਵਿਦਿਆਰਥੀ ਨੇ'ਚ ਪੜ੍ਹਦੀ 6 ਸਾਲਾ ਬੱਚੀ ਨੂੰ ਇਹ ਕਹਿ ਕੇ ਪਹਿਲੀ ਮੰਜ਼ਿਲ 'ਤੇ ਬੁਲਾਇਆ ਕਿ ਉਸ ਦੇ ਪਿਤਾ ਆਏ ਹਨ। ਉੱਥੇ ਲਿਜਾ ਕੇ ਉਸ ਨੇ ਬੱਚੀ 'ਤੇ ਪੱਥਰਾਂ ਅਤੇ ਗਮਲੇ ਨਾਲ ਹਮਲਾ ਕਰ ਦਿੱਤਾ ਤੇ ਉਸ ਨੂੰ ਕਾਫ਼ੀ ਦੂਰ ਤੱਕ ਘੜੀਸਿਆ, ਜਿਸ ਨਾਲ ਉਹ ਗੰਭੀਰ ਰੂਪ 'ਚ ਜ਼ਖ਼ਮੀ ਹੋ ਕੇ ਬੇਹੋਸ਼ ਹੋ ਗਈ। ਇਸ ਘਟਨਾ ਤੋਂ ਬਾਅਦ ਪਰਿਵਾਰ ਨੇ ਸਕੂਲ ਮੈਨੇਜਮੈਂਟ ਅਤੇ ਸੁਰੱਖਿਆ 'ਤੇ ਵੱਡੇ ਸਵਾਲ ਖੜ੍ਹੇ ਕੀਤੇ ਹਨ। ਪਰਿਵਾਰ ਦਾ ਦੋਸ਼ ਹੈ ਕਿ ਪ੍ਰਿੰਸੀਪਲ ਦੇ ਦਫ਼ਤਰ ਤੋਂ ਸੀ.ਸੀ.ਟੀ.ਵੀ. ਕੈਮਰਿਆਂ ਦੀ ਨਿਗਰਾਨੀ ਹੋਣ ਦੇ ਬਾਵਜੂਦ ਕਿਸੇ ਦਾ ਧਿਆਨ ਇਸ ਹਮਲੇ ਵੱਲ ਕਿਵੇਂ ਨਹੀਂ ਗਿਆ। ਇਹੀ ਨਹੀਂ, ਹਮਲੇ ਮਗਰੋਂ ਮੁਲਜ਼ਮ ਬੱਚਾ ਆਪ ਹੀ ਪਰਿਵਾਰ ਨੂੰ ਬੇਹੋਸ਼ ਪਈ ਬੱਚੀ ਕੋਲ ਲੈ ਕੇ ਗਿਆ ਸੀ। ਪੰਚਕੂਲਾ ਦੇ ਡਿਪਟੀ ਕਮਿਸ਼ਨਰ ਆਫ਼ ਪੁਲਿਸ ਅਦਿਤੀ ਸਿੰਘ ਨੇ ਦੱਸਿਆ ਕਿ ਸਕੂਲ ਮੈਨੇਜਮੈਂਟ ਦੀ ਅਣਗਹਿਲੀ ਲਈ ਦਰਜ ਕਰ ਲਈ ਗਈ ਹੈ। ਪੁਲਸ ਨੇ ਜੁਵੇਨਾਈਲ ਜਸਟਿਸ ਐਕਟ ਅਤੇ ਭਾਰਤੀ ਨਿਆਂ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ ਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ, ਜਦਕਿ ਪੀੜਤ ਬੱਚੀ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ।